ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 11 ਜਨਵਰੀ 2025 (ਨਾਨਕਸ਼ਾਹੀ ਸੰਮਤ : ੫੫੬, ੨੭ ਪੋਹ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ 'ਚ ਵੱਡੀ ਘਟਨਾ, ਚਲਦੀ ਰੇਲ ਗੱਡੀ ਤੋਂ ਵੱਖ ਹੋਇਆ ਡੱਬਾ

**ਫਗਵਾੜਾ, 10 ਜਨਵਰੀ (ਆਵਾਜ਼ਿ ਕੌਮ ਬਿਊਰੋ)-** ਫਗਵਾੜਾ ਰੇਲਵੇ ਸਟੇਸ਼ਨ ਨੇੜੇ ਉਸ ਸਮੇਂ ਸਨਸਨੀ ਫ਼ੈਲ ਗਈ, ਜਦੋਂ ਰੇਲਵੇ ਸਟੇਸ਼ਨ ਤੋਂ ਲੁਧਿਆਣਾ ਵੱਲ ਰਵਾਨਾ ਹੋਈ ਇਕ ਮਾਲ ਗੱਡੀ ਦੇ ਇਕ ਡੱਬੇ ਦੀ ਹੁੱਕ ਖੁੱਲ੍ਹ ਗਈ ਅਤੇ ਡੱਬਾ ਵੱਖ ਹੋ ਗਿਆ। ਜਿਵੇਂ ਹੀ ਮਾਲ ਗੱਡੀ ਖੇੜਾ ਫਾਟਕ ਕੋਲ ਚੱਲੀ ਤਾਂ ਇੰਜਣ ਕੁਝ ਡੱਬਿਆਂ ਨੂੰ ਲੈ ਕੇ ਅੱਗੇ ਨਿਕਲ ਗਿਆ ਅਤੇ ਇਕ ਡੱਬੇ ਦੀ ਹੁੱਕ ਖੁੱਲ੍ਹ ਗਈ, ਜਿਸ ਕਾਰਨ ਪਿਛਲੇ ਡੱਬੇ ਪਿੱਛੇ ਹੀ ਰਹਿ ਗਏ। ਖ਼ੁਸ਼ਿਕਸਮਤੀ ਇਹ ਰਹੀ ਕਿ ਉਹ ਫਾਟਕ ਦੇ ਪਿੱਛੇ ਹੀ ਰੁਕ ਗਏ, ਜੇਕਰ ਉਹ ਫਾਟਕ ਨੇੜੇ ਆਉਂਦੇ ਤਾਂ ਵੱਡਾ ਹਾਦਸਾ ਹੋ ਸਕਦਾ ਸੀ। ਮੌਕੇ ਉਤੇ ਮਿਲੀ ਜਾਣਕਾਰੀ ਮੁਤਾਬਕ ਫਗਵਾੜਾ ਰੇਲਵੇ ਸਟੇਸ਼ਨ 'ਤੇ ਮਾਲ ਗੱਡੀ ਖੜ੍ਹੀ ਸੀ ਕਿ ਜਿਵੇਂ ਹੀ ਉਸ ਦਾ ਸਿਗਨਲ ਮਿਲਿਆ ਤਾਂ ਉਹ ਲੁਧਿਆਣਾ ਲਈ ਰਵਾਨਾ ਹੋਣ ਲੱਗੀ। ਜਿਵੇਂ ਹੀ ਇਹ ਗੱਡੀ ਖੇੜਾ ਫਾਟਕ ਨੇੜੇ ਪਹੁੰਚੀ ਤਾਂ ਇਕ ਡੱਬੇ ਦੀ ਹੁੱਕ ਨਿਕਲ ਗਈ। ਮੌਕੇ ਉਤੇ ਸੂਚਨਾ ਮਿਲਦੇ ਹੀ ਰੇਲਵੇ ਸਟਾਫ ਅਤੇ ਰੇਲਵੇ ਸਟੇਸ਼ਨ ਮਾਸਟਰ ਮੌਕੇ ਉਤੇ ਪਹੁੰਚੇ। ਫਾਟਕ ਨੇੜੇ ਕਰੀਬ 20 ਮਿੰਟਾਂ ਤੱਕ ਗੱਡੀ ਰੁਕੀ ਰਹੀ। ਇਸ ਦੇ ਬਾਅਦ ਗੱਡੀ ਨੂੰ ਰਿਪੇਅਰ ਕਰਕੇ ਅੱਗੇ ਲਈ ਰਵਾਨਾ ਕੀਤਾ ਗਿਆ। ਹੈਰਾਨੀ ਦੀ ਗੱਲ ਉਦੋਂ ਹੋਈ ਜਦੋਂ ਰੇਲਵੇ ਦੇ ਕਰਮਚਾਰੀ ਤੋਂ ਇਸ ਸਾਰੇ ਮਾਮਲੇ ਸਬੰਧੀ ਜਾਣਕਾਰੀ ਲਈ ਤਾਂ ਕੋਈ ਵੀ ਕਰਮਚਾਰੀ ਕੁਝ ਵੀ ਬੋਲਣ ਨੂੰ ਤਿਆਰ ਨਹੀਂ ਸੀ।

## ਵਰਕਿੰਗ ਕਮੇਟੀ ਵੱਲੋਂ ਅਹਿਮ ਫੈਸਲਾ

# ਸੁਖਬੀਰ ਬਾਦਲ ਦਾ ਅਸਤੀਫ਼ਾ ਮਨਜ਼ੂਰ

**ਚੰਡੀਗੜ੍ਹ, 10 ਜਨਵਰੀ (ਆਵਾਜ਼ਿ ਕੌਮ ਬਿਊਰੋ)-** ਸ਼੍ਰੋਮਣੀ ਅਕਾਲੀ ਦਲ ਦੇ ਆਗੂ ਸੁਖਬੀਰ ਸਿੰਘ ਬਾਦਲ ਦੇ ਅਸਤੀਫ਼ੇ ਨੂੰ ਲੈ ਕੇ ਵਰਕਿੰਗ ਕਮੇਟੀ ਨੇ ਵੱਡਾ ਫ਼ੈਸਲਾ ਲਿਆ ਹੈ। ਸੁਖਬੀਰ ਬਾਦਲ ਦਾ ਅਸਤੀਫ਼ਾ ਮਨਜ਼ੂਰ ਕਰ ਲਿਆ ਗਿਆ ਹੈ। ਅੱਜ ਇੱਥੇ ਵਰਕਿੰਗ ਕਮੇਟੀ ਦੀ ਬੈਠਕ ਹੋਈ ਸੀ, ਜਿਸ 'ਚ ਸੁਖਬੀਰ ਬਾਦਲ ਦੇ ਅਸਤੀਫ਼ੇ ਨੂੰ ਮਨਜ਼ੂਰ ਕਰ ਲਿਆ ਗਿਆ ਹੈ। ਜਾਣਕਾਰੀ ਮੁਤਾਬਕ ਵਰਕਿੰਗ ਕਮੇਟੀ ਵਲੋਂ ਸੁਖਬੀਰ ਬਾਦਲ ਦਾ ਪ੍ਰਧਾਨ ਦੀ ਸੇਵਾ ਨਿਭਾਉਣ ਲਈ ਧੰਨਵਾਦ ਕੀਤਾ ਗਿਆ ਹੈ। ਇਹ ਵੀ ਦੱਸਿਆ ਗਿਆ ਹੈ ਕਿ ਜਦੋਂ ਤੱਕ ਨਵਾਂ ਪ੍ਰਧਾਨ ਨਹੀਂ ਚੁਣਿਆ ਜਾਂਦਾ, ਉਸ ਸਮੇਂ ਤੱਕ ਬਲਵਿੰਦਰ ਸਿੰਘ ਭੂੰਦੜ ਹੀ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਰਹਿਣਗੇ। ਜ਼ਿਕਰਯੋਗ ਹੈ ਕਿ ਸੁਖਬੀਰ ਬਾਦਲ ਪਹਿਲਾਂ ਹੀ ਆਪਣਾ ਅਸਤੀਫ਼ਾ ਵਰਕਿੰਗ ਕਮੇਟੀ ਨੂੰ ਸੌਂਪ ਚੁੱਕੇ ਸਨ ਅਤੇ ਬੀਤੀ 14 ਦਸੰਬਰ ਨੂੰ ਉਨ੍ਹਾਂ ਦਾ ਕਾਰਜਕਾਲ ਖ਼ਤਮ ਹੋ ਚੁੱਕਾ ਸੀ। 2 ਦਸੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਨੇ ਸ਼੍ਰੋਮਣੀ ਅਕਾਲੀ ਦਲ ਦੀ ਵਰਕਿੰਗ ਕਮੇਟੀ ਨੂੰ ਸੁਖਬੀਰ ਬਾਦਲ ਦਾ ਅਸਤੀਫ਼ਾ ਮਨਜ਼ੂਰ ਕਰਨ ਦੇ ਹੁਕਮ ਜਾਰੀ ਕੀਤੇ ਸਨ।



ਹੁਣ 42 ਦਿਨਾਂ ਬਾਅਦ ਅਕਾਲੀ ਦਲ ਨੇ ਉਨ੍ਹਾਂ ਹੁਕਮਾਂ 'ਤੇ ਕਾਰਵਾਈ ਕੀਤੀ ਅਤੇ ਮੀਟਿੰਗ ਬੁਲਾਈ ਗਈ। ਇਸ ਮੀਟਿੰਗ ਦੌਰਾਨ ਸੁਖਬੀਰ ਬਾਦਲ ਦਾ ਅਸਤੀਫ਼ਾ ਮਨਜ਼ੂਰ ਕਰ ਲਿਆ ਗਿਆ।

### 1 ਮਾਰਚ ਨੂੰ ਹੋਵੇਗੀ ਨਵੇਂ ਪ੍ਰਧਾਨ ਦੀ ਚੋਣ

ਸੁਖਬੀਰ ਸਿੰਘ ਬਾਦਲ ਦੇ ਅਸਤੀਫੇ ਤੋਂ ਬਾਅਦ ਹੁਣ ਸ਼੍ਰੋਮਣੀ ਅਕਾਲੀ ਦਲ ਵੱਲੋਂ ਨਵੇਂ ਪ੍ਰਧਾਨ ਦੀ ਚੋਣ ਕੀਤੀ ਜਾਵੇਗੀ, ਜੋ ਕਿ ਪਾਰਟੀ ਨੂੰ ਇਕਜੁਟਤਾ ਨਾਲ ਅੱਗੇ ਲੈ ਕੇ ਜਾ ਸਕੇ। ਮੀਟਿੰਗ ਦੌਰਾਨ ਵਰਕਿੰਗ ਕਮੇਟੀ ਦੇ ਆਗੂਆਂ ਵੱਲੋਂ 20 ਜਨਵਰੀ ਤੋਂ ਪਾਰਟੀ ਦੀ ਮੈਂਬਰਸ਼ਿਪ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ ਹੈ, ਜੋ ਕਿ 20 ਜਨਵਰੀ ਤੋਂ ਲੈ ਕੇ 20 ਫਰਵਰੀ ਤੱਕ ਭਰਤੀ ਜਾਰੀ ਰਹੇਗੀ। ਉਪਰੰਤ 1 ਮਾਰਚ ਨੂੰ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੇ ਨਵੇਂ ਪ੍ਰਧਾਨ ਦੀ ਚੋਣ ਕੀਤੀ ਜਾਵੇਗੀ। ਇਸ ਦੌਰਾਨ ਜਥੇਬੰਦਕ ਚੋਣ ਲਈ ਮੁੱਖ ਚੋਣ ਅਫਸਰ ਵੱਜੋਂ ਗੁਲਜ਼ਾਰ ਸਿੰਘ ਰਣੀਕੇ ਮੁੱਖ ਭੂਮਿਕਾ ਨਿਭਾਉਣਗੇ, ਜਦਕਿ ਡਾ. ਦਲਜੀਤ ਸਿੰਘ ਚੀਮਾ ਉਨ੍ਹਾਂ ਦਾ ਸਾਥ ਦੇਣਗੇ। ਵਰਕਿੰਗ ਕਮੇਟੀ ਵੱਲੋਂ ਵੱਖ ਵੱਖ ਥਾਂਵਾਂ 'ਤੇ ਪਾਰਟੀ ਦੀ ਭਰਤੀ ਮੁਹਿੰਮ ਲਈ ਆਗੂਆਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ।

## ਢੇਸੀ ਨੇ ਸਾਕਾ ਨੀਲਾ ਤਾਰਾ 'ਚ ਬਰਤਾਨੀਆ ਦੀ ਭੂਮਿਕਾ ਦੀ ਜਾਂਚ ਦਾ ਮੁੱਦਾ ਸੰਸਦ 'ਚ ਮੁੜ ਉਠਾਇਆ

**ਲੰਡਨ, 10 ਜਨਵਰੀ (ਆਵਾਜ਼ਿ ਕੌਮ ਬਿਊਰੋ)-** ਸਾਕਾ ਨੀਲਾ ਤਾਰਾ ਵਿਚ ਬਰਤਾਨੀਆ ਸਰਕਾਰ ਦੀ ਭੂਮਿਕਾ ਦੀ ਜਾਂਚ ਦੀ ਸੰਸਦ ਮੈਂਬਰ ਤਨਮਨਜੀਤ ਸਿੰਘ ਢੇਸੀ ਨੇ ਅੱਜ ਸੰਸਦ 'ਚ ਮੁੜ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਨੂੰ 1984 ਵਿਚ ਵੱਡਾ ਸਦਮਾ ਸਹਿਣਾ ਪਿਆ ਸੀ, ਕਿਉਂਕਿ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 'ਤੇ ਭਾਰਤੀ ਫ਼ੌਜ ਨੇ ਹਮਲਾ ਕੀਤਾ ਤਨਮਨਜੀਤ ਸੀ, ਜਿਸ ਵਿਚ ਅਸਹਿਣਯੋਗ ਤਬਾਹੀ ਅਤੇ ਜਾਨੀ ਨੁਕਸਾਨ ਹੋਇਆ ਸੀ। ਉਨ੍ਹਾਂ ਕਿਹਾ ਕਿ 30 ਸਾਲ ਬਾਅਦ ਮਿਲੇ ਦਸਤਾਵੇਜ਼ਾਂ ਵਿਚ ਬਹੁਤ ਕੁਝ ਜਨਤਕ ਹੋਇਆ ਹੈ ਪਰ ਪਿਛਲੀ ਕੰਜ਼ਰਵੇਟਿਵ ਸਰਕਾਰ ਮੌਕੇ ਇਸ ਨੂੰ ਲੁਕਾਉਣ ਦੀ ਕੋਸ਼ਿਸ਼ ਕੀਤੀ ਗਈ ਸੀ। ਉਨ੍ਹਾਂ ਮੰਗ ਕੀਤੀ ਕਿ ਸਾਕਾ ਨੀਲਾ ਤਾਰਾ ਵਿਚ ਥੈਚਰ ਸਰਕਾਰ ਦੀ ਭੂਮਿਕਾ ਬਾਰੇ ਸੁਤੰਤਰ ਜਾਂਚ ਦੀ ਲੋੜ ਹੈ, ਜਿਸ ਦੇ ਜਵਾਬ 'ਚ ਸੰਬੰਧਿਤ ਮੰਤਰੀ ਨੇ ਕਿਹਾ ਕਿ ਇਹ ਸਿੱਖਾਂ ਦਾ ਬਹੁਤ ਹੀ ਸੰਵੇਦਨਸ਼ੀਲ ਮਸਲਾ ਹੈ। ਉਹ ਇਸ ਬਾਰੇ ਸੰਬੰਧਿਤ ਮੰਤਰੀ ਨਾਲ ਗੱਲ ਕਰਨਗੇ। ਜ਼ਿਕਰਯੋਗ ਹੈ ਕਿ ਕੰਜ਼ਰਵੇਟਿਵ ਸਰਕਾਰ ਵਲੋਂ ਵੀ ਇਸ ਮਾਮਲੇ ਬਾਰੇ ਜਾਂਚ ਕਰਵਾਈ ਗਈ ਸੀ, ਜਿਸ ਨੂੰ ਸਿੱਖ ਭਾਈਚਾਰੇ ਨੇ ਰੱਦ ਕਰ ਦਿੱਤਾ ਸੀ, ਕਿਉਂਕਿ ਸਾਰਕਾਰ ਨੇ ਉਕਤ ਮਾਮਲੇ 'ਚ ਕਈ ਦਸਤਾਵੇਜ਼ਾਂ ਨੂੰ ਜਨਤਕ ਹੋਣ ਤੋਂ ਰੋਕ ਦਿੱਤਾ ਸੀ।



## ਮੰਡਰਾਉਣ ਲੱਗਾ ਖ਼ਤਰਾ ! Alert 'ਤੇ ਪੰਜਾਬ, HMPV ਸਬੰਧੀ ਜਾਰੀ ਕੀਤੀ ਗਈ ਐਡਵਾਈਜ਼ਰੀ



**ਹੁਸ਼ਿਆਰਪੁਰ, 10 ਜਨਵਰੀ (ਆਵਾਜ਼ਿ ਕੌਮ ਬਿਊਰੋ)-** ਦੇਸ਼ ਭਰ ਵਿਚ ਹਿਊਮਨ ਮੇਟਾ ਨਿਊਮੋ ਵਾਇਰਸ ਦੇ ਮਾਮਲੇ ਵੱਧਦੇ ਜਾ ਰਹੇ ਹਨ। ਇਸੇ ਨੂੰ ਧਿਆਨ ਵਿਚ ਰੱਖਦੇ ਹੋਏ ਪੰਜਾਬ ਵਿਚ ਵੀ ਸਿਹਤ ਮਹਿਕਮੇ ਵੱਲੋਂ ਐਡਵਾਈਜ਼ਰੀ ਜਾਰੀ ਕੀਤੀ ਗਈ ਹੈ। ਇਸ ਸਬੰਧ ਵਿਚ ਸਿਵਲ ਸਰਜਨ ਹੁਸ਼ਿਆਰਪੁਰ ਡਾ. ਪਵਨ ਸ਼ਗੋਤਰਾ ਨੇ ਦੱਸਿਆ ਕਿ ਲੋਕ ਐੱਚ. ਐੱਮ. ਪੀ. ਵੀ. ਵਾਇਰਸ ਤੋਂ ਨਾ ਘਬਰਾਉਣ। ਇਹ ਇਕ ਆਮ ਸਰਦੀ ਜ਼ੁਕਾਮ ਦੀ ਤਰ੍ਹਾਂ ਫਲੂ ਵਰਗਾ ਹੀ ਹੈ। ਪੰਜਾਬ ਵਿਚ ਅਜੇ ਇਸ ਦਾ ਕੋਈ ਮਾਮਲਾ ਸਾਹਮਣੇ ਨਹੀਂ ਆਇਆ ਪਰ ਵਿਭਾਗ ਇਸ ਦੇ ਇਲਾਜ ਲਈ ਪੂਰੀ ਤਰ੍ਹਾਂ ਅਲਰਟ ਹੈ। ਹਲਕਾ ਬੁਖ਼ਾਰ, ਨੱਕ ਦਾ ਵਗਣਾ, ਖਾਂਸੀ, ਗਲੇ 'ਚ ਖਾਰਿਸ਼ ਜਾਂ ਸਾਹ ਲੈਣ ਵਿਚ ਤਕਲੀਫ਼ ਇਸ ਦੇ ਮੁੱਢਲੇ ਲੱਛਣ ਹਨ। ਇਹ ਸਭ ਇਕ ਹਫ਼ਤੇ ਵਿਚ ਆਪਣੇ ਆਪ ਠੀਕ ਹੋ ਜਾਂਦੇ ਹਨ। 5 ਸਾਲ ਤੋਂ ਛੋਟੇ ਬੱਚੇ ਅਤੇ 60 ਸਾਲ ਤੋਂ ਉੱਪਰ ਬਜ਼ੁਰਗ, ਜਿਨ੍ਹਾਂ ਦੀ ਇਮੀਊਨਿਟੀ ਘੱਟ ਹੁੰਦੀ ਹੈ, ਉਨ੍ਹਾਂ ਦਾ ਖ਼ਾਸ ਖਿਆਲ ਰੱਖਿਆ ਜਾਣਾ ਚਾਹੀਦਾ ਹੈ। ਬਚਾਅ ਲਈ ਖਾਣ ਪੀਣ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ। ਬਾਹਰ ਦਾ ਤਲਿਆ-ਭੁੰਨਿਆ ਮਸਾਲੇਦਾਰ ਭੋਜਨ ਤੋਂ ਪਰਹੇਜ਼ ਰੱਖਿਆ ਜਾਵੇ। ਘਰ ਦਾ ਬਣਿਆ ਪੌਸ਼ਿਟਕ ਭੋਜਨ ਖਾਣਾ ਚਾਹੀਦਾ ਹੈ। ਜਿਸ ਵਿਚ ਮੌਸਮੀ ਫਲ ਸਬਜ਼ੀਆਂ ਦਾਲਾਂ ਆਦਿ ਸ਼ਾਮਲ ਕੀਤੀਆਂ ਜਾਣ। ਪੀਣ ਵਾਲੇ ਪਦਾਰਥਾਂ ਦਾ ਵੱਧ ਇਸਤੇਮਾਲ ਕਰਨਾ ਚਾਹੀਦਾ ਹੈ। ਫਲੂ ਵਰਗੀ ਇਨਫੈਕਸ਼ਨ ਹੋਣ 'ਤੇ ਭੀੜ ਵਾਲੀਆਂ ਥਾਵਾਂ 'ਤੇ ਜਾਣ ਤੋਂ ਪਰਹੇਜ਼ ਕਰਨਾ ਚਾਹੀਦਾ ਹੈ। ਮੂੰਹ 'ਤੇ ਮਾਸਕ ਬੰਨ੍ਹ ਕੇ ਰੱਖੋ। ਪਰਿਵਾਰਕ ਮੈਂਬਰਾਂ ਤੋਂ ਦੂਰੀ ਬਣਾ ਕੇ ਰੱਖੋ। ਹਥਾਂ ਨੂੰ ਵਾਰ-ਵਾਰ ਸਾਬਣ ਪਾਣੀ ਨਾਲ ਧੋਵੋ। ਮੂੰਹ, ਅੱਖਾਂ, ਨੱਕ ਨੂੰ ਵਾਰ-ਵਾਰ ਨਾ ਛੂਹੋ। ਇਨਫੈਕਸ਼ਨ ਹੋਣ ਦੀ ਸੂਰਤ ਵਿਚ ਨੇੜੇ ਦੇ ਸਰਕਾਰੀ ਸਿਹਤ ਕੇਂਦਰ ਵਿਚ ਡਾਕਟਰ ਨਾਲ ਸੰਪਰਕ ਕਰੋ।

## ਕੰਗਣਾ ਮਾਮਲੇ 'ਚ ਆਗਰਾ ਦੀ ਵਿਸ਼ੇਸ਼ ਅਦਾਲਤ ਅਦਾਲਤ ਨੇ ਲਿਆ ਸਖ਼ਤ ਰੁਖ਼, ਪੁਲਿਸ ਨੂੰ ਸਬੂਤਾਂ ਦੀ ਜਾਂਚ ਲਈ ਦਿੱਤਾ 20 ਦਿਨਾਂ ਦਾ ਸਮਾਂ

### ਮਾਮਲੇ 'ਚ 8 ਫਰਵਰੀ ਨੂੰ ਹੋ ਸਕਦਾ ਕੰਗਣਾ ਵਿਰੁੱਧ ਸਖਤ ਫ਼ੈਸਲਾ

**ਨਵੀਂ ਦਿੱਲੀ 10 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):-** ਆਗਰਾ ਦੀ ਵਿਸ਼ੇਸ਼ ਅਦਾਲਤ ਨੇ ਹਿਮਾਚਲ ਪ੍ਰਦੇਸ਼ ਦੇ ਮੰਡੀ ਤੋਂ ਸੰਸਦ ਮੈਂਬਰ ਅਤੇ ਅਦਾਕਾਰਾ ਕੰਗਨਾ ਰਣੌਤ ਦੇ ਖਿਲਾਫ ਦਾਇਰ ਮਾਮਲੇ ਵਿੱਚ ਨਿਊ ਆਗਰਾ ਪੁਲਿਸ ਸਟੇਸ਼ਨ ਤੋਂ ਰਿਪੋਰਟ ਮੰਗੀ ਹੈ। ਇਹ ਮਾਮਲਾ ਕੰਗਨਾ ਵੱਲੋਂ ਕਿਸਾਨਾਂ ਦੇ ਵਿਰੋਧ 'ਤੇ ਕੀਤੀ ਗਈ ਟਿੱਪਣੀ ਨਾਲ ਜੁੜਿਆ ਹੋਇਆ ਹੈ। ਕੰਗਨਾ 'ਤੇ ਦੋਸ਼ ਹੈ ਕਿ ਉਸ ਨੇ ਸੋਸ਼ਲ ਮੀਡੀਆ 'ਤੇ ਇਕ ਬਿਆਨ ਦੇ ਕੇ ਦੇਸ਼ ਦੇ ਕਰੋੜਾਂ

ਆਵਾਜ਼ਿ ਕੌਮ
AWAZE QAUM
International Newspaper & WEB TV

ਕਿਸਾਨਾਂ ਨੂੰ 'ਕਾਤਲ, ਬਲਾਤਕਾਰੀ ਅਤੇ ਵੱਖਵਾਦੀ' ਕਿਹਾ ਸੀ। ਇਸ ਤੋਂ ਬਾਅਦ ਕਾਂਗਰਸ ਦੇ ਸੀਨੀਅਰ ਨੇਤਾ ਅਤੇ ਐਡਵੋਕੇਟ ਰਮਾ ਸ਼ੰਕਰ ਸ਼ਰਮਾ ਨੇ 11 ਸਤੰਬਰ 2024 ਨੂੰ ਵਿਸ਼ੇਸ਼ ਅਦਾਲਤ 'ਚ ਸੰਸਦ ਮੈਂਬਰ-ਵਿਧਾਇਕ ਕੰਗਨਾ ਦੇ ਖਿਲਾਫ ਦੇਸ਼ਧ੍ਰੋਹ ਅਤੇ ਦੇਸ਼ ਦਾ ਅਪਮਾਨ ਕਰਨ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕਰਵਾਇਆ ਸੀ।



ਅਦਾਲਤ ਨੇ ਨਿਊ ਆਗਰਾ ਪੁਲਿਸ ਸਟੇਸ਼ਨ ਨੂੰ ਗਵਾਹਾਂ, ਸਬੂਤਾਂ ਅਤੇ ਬਿਆਨਾਂ ਦੀ ਜਾਂਚ ਕਰਨ ਅਤੇ 20 ਦਿਨਾਂ ਦੇ ਅੰਦਰ ਰਿਪੋਰਟ ਦੇਣ ਦਾ ਹੁਕਮ ਦਿੱਤਾ ਹੈ । ਇਸ ਤੋਂ ਬਾਅਦ ਅਦਾਲਤ ਫੈਸਲਾ ਲਵੇਗੀ। 29 ਜਨਵਰੀ ਨੂੰ ਥਾਣਾ ਨਿਊ ਆਗਰਾ ਦੀ ਪੁਲਿਸ ਅਦਾਲਤ 'ਚ ਰਿਪੋਰਟ ਪੇਸ਼ ਕਰੇਗੀ ਅਤੇ 8 ਫਰਵਰੀ ਨੂੰ ਅਦਾਲਤ ਆਪਣਾ ਫੈਸਲਾ ਸੁਣਾਏਗੀ। ਇਸ ਮਾਮਲੇ 'ਚ ਕੰਗਨਾ ਰਣੌਤ ਕਈ ਵਾਰ ਅਦਾਲਤ ਅੰਦਰ ਪੇਸ਼ ਹੋਣ ਦੇ ਹੁਕਮਾਂ ਦੇ ਬਾਵਜੂਦ ਅਜੇ ਤੱਕ ਅਦਾਲਤ 'ਚ ਪੇਸ਼ ਨਹੀਂ ਹੋਈ ਹੈ, ਜਿਸ ਕਾਰਨ ਉਨ੍ਹਾਂ ਦੀਆਂ ਮੁਸ਼ਿਕਲਾਂ ਵਧ ਸਕਦੀਆਂ ਹਨ। ਜਿਕਰਯੋਗ ਹੈ ਕਿ ਲੱਖਾਂ ਕਿਸਾਨਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਪਟੀਸ਼ਨ ਦਾਇਰ ਕਰਨ ਵਾਲੇ ਐਡਵੋਕੇਟ ਰਮਾਸ਼ੰਕਰ ਸ਼ਰਮਾ ਦਾ ਕਹਿਣਾ ਹੈ ਕਿ ਮੈਂ ਵੀ ਕਿਸਾਨ ਪਰਿਵਾਰ ਨਾਲ ਸਬੰਧਤ ਹਾਂ ਅਤੇ ਮੈਂ ਕਰੀਬ 30 ਸਾਲ ਖੇਤੀ ਵੀ ਕੀਤੀ ਹੈ ।ਮੈਂ ਕਿਸਾਨਾਂ ਅਤੇ ਰਾਸ਼ਟਰਪਿਤਾ ਮਹਾਤਮਾ ਗਾਂਧੀ ਦਾ ਸਤਿਕਾਰ ਕਰਦਾ ਹਾਂ। ਕੰਗਨਾ ਨੇ ਸਾਡੀਆਂ ਭਾਵਨਾਵਾਂ ਅਤੇ ਲੱਖਾਂ ਕਿਸਾਨਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ। ਉਸ ਨੇ ਦੱਸਿਆ ਕਿ 31 ਅਗਸਤ ਨੂੰ ਉਸ ਨੇ ਪੁਲਿਸ ਕਮਿਸ਼ਨਰ ਅਤੇ ਨਿਊ ਆਗਰਾ ਪੁਲਸ ਸਟੇਸ਼ਨ ਨੂੰ ਸ਼ਿਕਾਇਤ ਭੇਜ ਕੇ ਕਾਰਵਾਈ ਦੀ ਮੰਗ ਕੀਤੀ ਸੀ।

## ਗੁਮਟਾਲਾ ਪੁਲਿਸ ਚੌਕੀ ਦੇ ਬਾਹਰ ਧਮਾਕਾ, ਬੱਬਰ ਖਾਲਸਾ ਇੰਟਰਨੈਸ਼ਨਲ ਨੇ ਲਈ ਧਮਾਕੇ ਦੀ ਜ਼ਿੰਮੇਵਾਰੀ

**ਚੰਡੀਗੜ੍ਹ, 10 ਜਨਵਰੀ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਦੇ ਅੰਮ੍ਰਿਤਸਰ 'ਚ ਗੁਮਟਾਲਾ ਪੁਲਿਸ ਚੌਕੀ ਦੇ ਬਾਹਰ ਜ਼ੋਰਦਾਰ ਧਮਾਕੇ ਤੋਂ ਬਾਅਦ ਇਲਾਕੇ 'ਚ ਦਹਿਸ਼ਤ ਫੈਲ ਗਈ। ਪੁਲਿਸ ਨੇ ਦੱਸਿਆ ਕਿ ਰਾਤ ਕਰੀਬ 8 ਵਜੇ ਵਾਪਰੀ ਇਸ ਘਟਨਾ 'ਚ ਕਿਸੇ ਤਰ੍ਹਾਂ ਦੇ ਜਾਨੀ ਨੁਕਸਾਨ ਦੀ ਸੂਚਨਾ ਨਹੀਂ ਹੈ। ਪੁਲਿਸ ਨੇ ਕਿਸੇ ਵੀ ਧਮਾਕੇ ਤੋਂ ਇਨਕਾਰ ਕਰਦਿਆਂ ਕਿਹਾ ਕਿ ਆਵਾਜ਼ ਕਾਰ ਦੇ 'ਰੇਡੀਏਟਰ' ਦੇ ਫਟਣ ਦੀ ਸੀ। ਉਨ੍ਹਾਂ ਨੇ ਦੱਸਿਆ ਕਿ ਇਹ 2008 ਮਾਡਲ ਦੀ ਕਾਰ ਇੱਕ ਸਹਾਇਕ ਸਬ-ਇੰਸਪੈਕਟਰ ਦੀ ਹੈ। ਸਹਾਇਕ ਪੁਲਿਸ ਕਮਿਸ਼ਨਰ (ਪੱਛਮੀ) ਸ਼ਿਵ ਦਰਸ਼ਨ ਸਿੰਘ ਨੇ ਦੱਸਿਆ ਕਿ ਰੇਡੀਏਟਰ ਦੇ ਫਟਣ ਕਾਰਨ ਗੱਡੀ ਵਿੱਚੋਂ ਕੂਲੈਂਟ ਲੀਕ ਹੋ ਗਿਆ ਅਤੇ ਗੱਡੀ ਦਾ ਸ਼ੀਸ਼ਾ ਟੁੱਟ ਗਿਆ। ਪੁਲਿਸ ਦਾ ਕਹਿਣਾ ਹੈ ਕਿ ਇਹ ਕਾਰ ਦੇ ਰੇਡੀਏਟਰ ਵਿੱਚ ਹੋਇਆ ਧਮਾਕਾ ਸੀ, ਪਰ ਘਟਨਾ ਦੇ ਤੁਰੰਤ ਬਾਅਦ ਸੋਸ਼ਲ ਮੀਡੀਆ ਉੱਤੇ ਇੱਕ ਪੋਸਟ ਵਾਇਰਲ ਹੋ ਗਈ, ਜੋ ਕਿ ਕਥਿਤ ਤੌਰ 'ਤੇ ਅਮਰੀਕਾ ਸਥਿਤ ਅੱਤਵਾਦੀ ਹੈਪੀ ਪਾਸੀਆ ਰਾਹੀਂ ਪੋਸਟ ਕੀਤੀ ਗਈ। ਪੋਸਟ 'ਚ ਪਾਸੀਆ ਨੇ ਫਰਜ਼ੀ ਮੁਕਾਬਲੇ 'ਚ ਆਪਣੇ ਦੋ ਸਾਥੀਆਂ ਦੀ ਹੱਤਿਆ ਦਾ ਬਦਲਾ ਲੈਣ ਲਈ ਗ੍ਰੇਨੇਡ ਹਮਲੇ ਦੀ ਜ਼ਿੰਮੇਵਾਰੀ ਲਈ ਹੈ। ਸਹਾਇਕ ਪੁਲਿਸ ਕਮਿਸ਼ਨਰ (ਏ.ਸੀ.ਪੀ., ਪੱਛਮੀ) ਸ਼ਿਵ ਦਰਸ਼ਨ ਸਿੰਘ ਨੇ ਦੱਸਿਆ ਕਿ ਚੌਕੀ ਇੰਚਾਰਜ ਏ.ਐਸ.ਆਈ. ਰਜਿੰਦਰ ਸਿੰਘ ਪਬਲਿਕ ਡੀਲਿੰਗ 'ਚ ਰੁੱਝੇ ਹੋਏ ਸਨ, ਜਦੋਂ ਉਨ੍ਹਾਂ ਨੇ ਬਾਹਰ ਜ਼ੋਰਦਾਰ ਧਮਾਕੇ ਦੀ ਆਵਾਜ਼ ਸੁਣੀ ਤਾਂ ਉਹ ਬਾਹਰ ਭੱਜਿਆ ਅਤੇ ਦੇਖਿਆ ਕਿ ਉਨ੍ਹਾਂ ਦੀ ਕਾਰ ਦੀ ਖਿੜਕੀ ਟੁੱਟੀ ਹੋਈ ਸੀ। ਪੁੱਛਗਿੱਛ ਕਰਨ 'ਤੇ ਪਤਾ ਲੱਗਾ ਕਿ ਕਾਰ ਦਾ ਰੇਡੀਏਟਰ ਫਟ ਗਿਆ ਸੀ। ਅਜਿਹੀਆਂ ਅਫਵਾਹਾਂ ਹਨ ਕਿ ਇਹ ਗ੍ਰਨੇਡ ਧਮਾਕਾ ਸੀ, ਪਰ ਇਹ ਸੱਚ ਨਹੀਂ ਹੈ।" ਏਸੀਪੀ ਨੇ ਕਿਹਾ ਕਿ ਕਿਸੇ ਜਾਨੀ ਜਾਂ ਮਾਲੀ ਨੁਕਸਾਨ ਦੀ ਕੋਈ ਖ਼ਬਰ ਨਹੀਂ ਹੈ। ਇਹ ਘਟਨਾ ਪਿਛਲੇ ਸਾਲ ਨਵੰਬਰ ਤੋਂ ਪੰਜਾਬ ਦੇ ਪੁਲਿਸ ਅਦਾਰਿਆਂ ਨੂੰ ਹਿਲਾ ਕੇ ਰੱਖ ਦੇਣ ਵਾਲੇ ਕਈ ਧਮਾਕਿਆਂ ਤੋਂ ਬਾਅਦ ਵਾਪਰੀ ਹੈ। 23 ਨਵੰਬਰ ਨੂੰ ਅਜਨਾਲਾ ਥਾਣੇ ਦੇ ਬਾਹਰ ਇੱਕ ਆਈ.ਈ.ਡੀ. ਇਸ ਤੋਂ ਬਾਅਦ ਅੰਮ੍ਰਿਤਸਰ ਦੇ ਗੁਰਬਖਸ਼ ਨਗਰ ਵਿੱਚ 'ਧਮਾਕਾ' ਹੋਇਆ। 2 ਦਸੰਬਰ ਨੂੰ ਨਵਾਂਸ਼ਹਿਰ 'ਚ ਅੰਸਾਰੋ ਪੁਲਸ ਚੌਕੀ 'ਤੇ ਹੈਂਡ ਗ੍ਰਨੇਡ ਸੁੱਟਿਆ ਗਿਆ ਸੀ। 4 ਦਸੰਬਰ ਨੂੰ ਅੰਮ੍ਰਿਤਸਰ ਦੇ ਮਜੀਠਾ ਥਾਣੇ 'ਚ ਧਮਾਕਾ ਹੋਇਆ ਸੀ। ਇਸੇ ਤਰ੍ਹਾਂ ਦੀ ਘਟਨਾ 13 ਦਸੰਬਰ ਨੂੰ ਬਟਾਲਾ ਤੋਂ ਸਾਹਮਣੇ ਆਈ ਸੀ। 17 ਦਸੰਬਰ ਨੂੰ ਅੰਮ੍ਰਿਤਸਰ ਦੇ ਇਸਲਾਮਾਬਾਦ ਪੁਲਿਸ ਸਟੇਸ਼ਨ ਵਿੱਚ ਇੱਕ ਧਮਾਕਾ ਹੋਣ ਦੀ ਸੂਚਨਾ ਮਿਲੀ ਸੀ। 18 ਦਸੰਬਰ ਨੂੰ ਗੁਰਦਾਸਪੁਰ ਦੀ ਬਖਸ਼ੀਵਾਲ ਪੁਲਿਸ ਚੌਕੀ ਦੇ ਬਾਹਰ ਧਮਾਕਾ ਹੋਇਆ ਸੀ। 20 ਦਸੰਬਰ ਨੂੰ ਗੁਰਦਾਸਪੁਰ ਦੇ ਵਡਾਲਾ ਬਾਂਗਰ ਪੁਲਿਸ ਚੌਕੀ 'ਤੇ ਧਮਾਕਾ ਹੋਇਆ ਸੀ। ਪੁਲਿਸ ਨੇ ਦਾਅਵਾ ਕੀਤਾ ਹੈ ਕਿ ਧਮਾਕਿਆਂ ਦੇ ਮੁਲਜ਼ਮ ਉੱਤਰ ਪ੍ਰਦੇਸ਼ ਵਿੱਚ ਇੱਕ ਮੁਕਾਬਲੇ ਵਿੱਚ ਮਾਰੇ ਗਏ ਸਨ।

# ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਲਈ



ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ, ਹਰਿਆਣਾ ਸਿੱਖ
ਗੁਰਦੁਆਰਾ ਪ੍ਰਬੰਧਕ ਕਮੇਟੀ

ਗੁਰੂਘਰਾਂ ਦੇ ਸੇਵਾਦਾਰ, ਸਾਰੀ ਦੁਨੀਆਂ ਵਿੱਚ ਸਿੱਖ ਧਰਮ ਸਰਬ ਸਾਂਝੀਵਾਲਤਾ ਦਾ ਪ੍ਰਚਾਰ ਅੰਮ੍ਰਿਤ ਸੰਚਾਰ ਕਰਨ, ਪੰਥ ਦੀ ਚੜਦੀਕਲਾ ਲਈ ਹਰ ਸੰਘਰਸ਼ ਵਿੱਚ ਮੋਹਰੀ ਰੋਲ ਅਦਾ ਕਰਨ, ਲੋੜਵੰਦਾਂ ਦੀ ਮੱਦਦ ਕਰਨ, ਹਰ ਸਾਲ ਗਰੀਬ ਬੱਚੀਆਂ ਦੇ ਵਿਆਹ ਕਰਨ, ਗੁਰਮਤਿ ਵਿਦਿਆ ਦਾ ਪਸਾਰ ਕਰਨ ਵਾਲੇ।

**ਹਲਕਾ ਕਾਲਾਂਵਾਲੀ (ਵਾਰਡ ਨੰ: 35) ਤੋਂ ਤੁਹਾਡੇ ਆਪਣੇ ਸੇਵਾਦਾਰ ਉਮੀਦਵਾਰ**

## ਜਥੇਦਾਰ ਬਲਜੀਤ ਸਿੰਘ ਦਾਦੂਵਾਲ

ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਅਜਾਦ



ਸ: ਹਰਮੀਤ ਸਿੰਘ ਕਾਲਕਾ
ਪ੍ਰਧਾਨ, ਦਿੱਲੀ ਸਿੱਖ
ਗੁਰਦੁਆਰਾ ਪ੍ਰਬੰਧਕ ਕਮੇਟੀ

**ਸਰਬੱਤ ਸੰਗਤਾਂ 19 ਜਨਵਰੀ 2025 ਨੂੰ**

ਚੋਣ ਨਿਸ਼ਾਨ



ਸਮੁੰਦਰੀ ਜਹਾਜ

ਦੇ ਚੋਣ ਨਿਸ਼ਾਨ **ਸਮੁੰਦਰੀ ਜਹਾਜ** ਦਾ ਬਟਨ ਦਬਾਕੇ ਕੇ ਉਨਾਂ ਨੂੰ ਜਿਤਾਓ ਅਤੇ ਪੰਥ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾ ਕੇ ਧੰਨਵਾਦੀ ਬਣਾਉ ਜੀ।

ਸੰਪਰਕ: 93560-60960, 93560-60953, 97284-07015



## ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਲਈ

ਹਲਕਾ ਕਾਲਾਂਵਾਲੀ (ਵਾਰਡ ਨੰ: 35) ਤੋਂ
ਤੁਹਾਡੇ ਆਪਣੇ ਸੇਵਾਦਾਰ ਉਮੀਦਵਾਰ

**ਜਥੇਦਾਰ ਬਲਜੀਤ ਸਿੰਘ ਦਾਦੂਵਾਲ**

ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਅਜਾਦ

ਸਰਬੱਤ ਸੰਗਤਾਂ 19 ਜਨਵਰੀ 2025 ਨੂੰ

ਚੋਣ ਨਿਸ਼ਾਨ **ਸਮੁੰਦਰੀ ਜਹਾਜ** ਦਾ ਬਟਨ ਦਬਾਕੇ ਕੇ ਉਨਾਂ ਨੂੰ ਜਿਤਾਓ ਅਤੇ ਪੰਥ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾ ਕੇ ਧੰਨਵਾਦੀ ਬਣਾਉ ਜੀ।



ਚੋਣ ਨਿਸ਼ਾਨ



ਸਮੁੰਦਰੀ ਜਹਾਜ

93560-60960
97284-07015

## ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਲਈ

ਵਾਰਡ ਨੰ: 35, ਹਲਕਾ ਕਾਲਾਂਵਾਲੀ ਤੋਂ ਉਮੀਦਵਾਰ

**ਜਥੇਦਾਰ ਬਲਜੀਤ ਸਿੰਘ ਦਾਦੂਵਾਲ**

ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਅਜਾਦ
ਸੰਪਰਕ ਨੰ: 93560-60960, 93560-60953, 97284-07015



| | | |
|---|---|---|
| 1. | ਜਥੇਦਾਰ ਬਲਜੀਤ ਸਿੰਘ ਦਾਦੂਵਾਲ | ਚੋਣ ਨਿਸ਼ਾਨ  ਸਮੁੰਦਰੀ ਜਹਾਜ |
| 2. | | |
| 3. | | |

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net

ਘੜੀਐ ਸਬਦੁ ਸਚੀ ਟਕਸਾਲ ॥

ਦਮਦਮੀ ਟਕਸਾਲ

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net

ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਤੇਰੇ ਜਨ ਪਰਉਪਕਾਰੀ ਆਏ

## ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼ ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ

## 100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ

## 51 ਬੇਟੀਆਂ ਦੇ ਸਮੂੰਹਿਕ ਆਨੰਦ ਕਾਰਜ




ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ

ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।

ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473



ਮਹੰਤ ਕਾਹਨ ਸਿੰਘ ਸੇਵਾਪੰਥੀ



ਸੰਤ ਰਣਜੀਤ ਸਿੰਘ ਸੇਵਾਪੰਥੀ

ਵਿਸ਼ੇਸ਼ ਸਹਿਯੋਗ -

**ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ**

ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ

ਵਾਹਿਗੁਰੂ ਜੀ ਕਾ ਖਾਲਸਾ ॥
ਵਾਹਿਗੁਰੂ ਜੀ ਕੀ ਫ਼ਤਿਹ ॥



ਆਵਾਜ਼ਿ ਕੌਮ AWAZE QAUM International Newspaper & WEB TV

# ਮਹਾਨ ਸ਼ਹੀਦੀ ਸਮਾਗਮ

## 19 ਜਨਵਰੀ, 2025 (ਦਿਨ ਐਤਵਾਰ)

ਗੁਰੂ ਪਿਆਰੀ ਸਾਧ ਸੰਗਤ ਜੀ ਮੁਕਤਸਰ ਦੇ 40 ਮੁਕਤੇ ਤੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਹਰੇਕ ਸਾਲ ਦੀ ਤਰਾਂ ਸ਼ਹੀਦੀ ਸਮਾਗਮ ਹੋ ਰਿਹਾ ਹੈ । ਸਾਰੀਆਂ ਸੰਗਤਾਂ ਨੂੰ ਪਰਿਵਾਰ ਸਮੇਤ ਪਹੁੰਚਣ ਦਾ ਖੁੱਲਾ ਸੱਦਾ ਦਿੱਤਾ ਜਾਂਦਾ ਹੈ। ਆਪ ਜੀ ਸਭ ਨੇ ਪਰਿਵਾਰ ਸਮੇਤ ਪਹਉਚਣ ਕ੍ਰਿਪਾਲਤਾ ਕਰਨੀ ਜੀ। ਆਪ ਜੀ ਦੇ ਅਤਿ ਧੰਨਵਾਦੀ ਹੋਵਾਂਗੇ।

--* ਪ੍ਰੋਗਰਾਮ *--

19 ਜਨਵਰੀ 2025 ਦਿਨ ਐਤਵਾਰ ਭੋਗ ਸ੍ਰੀ ਸਹਿਜ ਪਾਠ ਦਾ ਸਵੇਰੇ 10 ਵਜੇ

ਸ਼ਬਦ ਕੀਰਤਨ ,ਕਥਾ ਅਤੇ ਢਾਡੀ ਜਥਾ ਪ੍ਰਸੰਗ ਸੁਣਾਵੇਗਾ

ਆਪ ਜੀ ਦਾ ਸਵਾਗਤ ਕਰਤਾ **ਸਰਦਾਰ ਬਲਜੀਤ ਸਿੰਘ ਕੰਗ ਅਤੇ ਪਰਿਵਾਰ**

* ਵਧੇਰੇ ਜਾਣਕਾਰੀ 07780605230 *

**Address: GURDWARA BABA SANG JI**

**9 St Paul's Rd, Smethwick Birmingham B66 1EE**

ਆਵਾਜ਼ਿ ਕੌਮ
AWAZE QAUM

# ਆਵਾਜ਼ਿ-ਕੌਮ ਟੂਰ ਐਂਡ ਟਰੈਵਲਜ਼


**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**


**ਵਾਹਿਗੁਰੂ ਜੀ ਕੀ ਖਾਲਸਾ । ਵਾਹਿਗੁਰੂ ਜੀ ਕੀ ਫ਼ਤਹਿ ॥**


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

# ਪੰਜ ਤਖ਼ਤ ਯਾਤਰਾ

ਬੜੇ ਮਾਣ ਅਤੇ ਸਤਿਕਾਰ ਨਾਲ ਆਪ ਜੀ ਨੂੰ ਸੂਚਿਤ ਕੀਤਾ ਜਾ ਰਿਹਾ ਹੈ ਕਿ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਵਾਹਿਗੁਰੂ ਜੀ ਕੀ ਕ੍ਰਿਪਾ ਸਦਕਾ 10 ਫਰਵਰੀ 2025 ਤੋਂ 20 ਫਰਵਰੀ 2025 ਤੱਕ ਪੰਜ ਤਖਤ ਸਹਿਬਾਨ ਦੀ ਮਹਾਂ ਯਾਤਰਾ ਕਰਵਾਉਣ ਜਾ ਰਿਹਾ ਹੈ। ਆਪ ਸਭ ਨੂੰ ਬੇਨਤੀ ਹੈ ਕਿ ਤੁਸੀ ਵੀ ਇਸ ਯਾਤਰਾ ਦਾ ਹਿੱਸਾ ਬਣੋ ਅਤੇ ਪੰਜ ਤਖ਼ਤ ਸਾਹਿਬਾਨ ਦੀ ਯਾਤਰਾ ਕਰਕੇ ਆਪਣੇ ਜੀਵਨ ਨੂੰ ਸਫਲਾ ਕਰੋ ਜੀ। ਤੁਹਾਡੀ ਇਸ ਯਾਤਰਾ ਨੂੰ ਯਾਦਗਾਰੀ ਤੇ ਬਿਹਤਰੀਨ ਬਨਾਉਣ ਲਈ **ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼** ਦੀ ਟੀਮ ਹਰ ਸੰਭਵ ਯਤਨ ਕਰਕੇ ਤੁਹਾਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰੇਗੀ। ਯਾਤਰਾ ਗੁਰਦਵਾਰਾ ਸ਼੍ਰੀ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ, ਜਲੰਧਰ ਤੋਂ ਅਰਦਾਸ ਅਤੇ ਜੈਕਾਰਿਆਂ ਦੀ ਗੂੰਜ 'ਚ 10 ਫਰਵਰੀ, 2025 ਨੂੰ ਸ਼ੁਰੂ ਹੋਵੇਗੀ ਤੇ ਇੱਥੇ 20 ਫਰਵਰੀ, 2025 ਨੂੰ ਸੰਪੰਨ ਹੋਵੇਗੀ।

## ਟੂਰ ਪੈਕੇਜ

ਧਾਰਮਿਕ ਤੇ ਇਤਿਹਾਸਕ ਟੂਰ ਜਲੰਧਰ ਤੋਂ ਸ਼ੁਰੂ ਹੋ ਕੇ ਸ਼੍ਰੀ ਅੰਮ੍ਰਿਤਸਰ ਸਾਹਿਬ, ਹੈਦਰਾਬਾਦ, ਗੁਰਦਵਾਰਾ ਨਾਨਕ ਝੀਰਾ ਬਿਦਰ ਤੋਂ ਬਾਅਦ ਸ਼੍ਰੀ ਹਜ਼ੂਰ ਸਾਹਿਬ ਪਹੁੰਚੇਗਾ, ਜਿਥੇ ਤਖ਼ਤ ਸ਼੍ਰੀ ਹਜ਼ੂਰ ਸਾਹਿਬ ਤੋਂ ਇਲਾਵਾ ਹੋਰ ਵੀ 9 ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਹੈਦਰਾਬਾਦ ਪਹੁੰਚ ਕੇ ਹਵਾਈ ਜਹਾਜ ਦੇ ਰਾਹੀ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਤਖ਼ਤ ਸ੍ਰੀ ਪਟਨਾ ਸਾਹਿਬ ਤੋਂ ਚੰਡੀਗੜ ਵਾਪਸੀ ਵੀ ਹਵਾਈ ਸਫ਼ਰ ਰਾਹੀਂ ਹੋਵੇਗੀ। ਉਪਰੰਤ ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਦਮਦਮਾ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ ਪਹੁੰਚਿਆ ਜਾਵੇਗਾ। ਇਸ ਯਾਤਰਾ ਦੇ ਦੌਰਾਨ ਸਿੱਖ ਗੁਰੂ ਸਾਹਿਬਾਨ ਦੀ ਚਰਨਛੋਹ ਪ੍ਰਾਪਤ 32 ਇਤਿਹਾਸਕ ਗੁਰਦਾਵਾਰਾ ਸਾਹਿਬਾਨ ਦੇ ਦਰਸ਼ਨ ਕਰਵਾਏ ਜਾਣਗੇ। ਇਸ ਤੋਂ ਇਲਾਵਾ ਕੁਝ ਅਜਾਇਬ ਘਰ, ਜਲ੍ਹਿਆਵਾਲਾ ਬਾਗ, ਵਾਹਗਾ ਬਾਰਡਰ ਦੀ ਰੀਟਰੀਟ ਸੇਰੇਮਨੀ ਤੇ ਹੋਰ ਇਤਿਹਸਕ ਸਥਾਨਾਂ ਦੀ ਯਾਤਰਾ ਵੀ ਕਰਵਾਈ ਜਾਵੇਗੀ।

- ਲਗਜਰੀ ਹੋਟਲਾਂ 'ਚ ਸਟੇਅ
- ਬਰੇਕਫਾਸਟ ਅਤੇ ਡਿਨਰ ਸ਼ਾਮਲ
- ਲਗਜਰੀ ਏ. ਸੀ. ਟਰਾਂਸਪੋਰਟੇਸ਼ਨ।
- ਚੰਡੀਗੜ੍ਹ ਤੋਂ ਹੈਦਰਾਬਾਦ ਅਤੇ ਵਾਪਸੀ 'ਤੇ ਹੈਦਰਾਬਾਦ ਤੋਂ ਚੰਡੀਗੜ੍ਹ ਦਾ ਸਫਰ ਹਵਾਈ ਜਹਾਜ਼ ਰਾਹੀਂ।
- ਹਰ ਧਾਰਮਿਕ ਅਤੇ ਇਤਿਹਾਸਕ ਜਾਣਕਾਰੀ ਮੁਹੱਈਆ ਕਰਵਾਉਣ ਲਈ ਗਾਈਡ ਨਾਲ ਹੋਣਗੇ।

**ਇੰਡੀਆਂ ਵਿਚ ਜੁਆਇਨ ਕਰਨ ਵਾਲਿਆਂ ਲਈ ਕੇਵਲ 1190 ਬ੍ਰਿਟਿਸ਼ ਪਾਉਂਡ ਪਰ ਯਾਤਰੀ ਹੋਵੇਗਾ।**

**ਯੂ ਕੇ ਤੋਂ ਅੰਤਰਰਾਸ਼ਟਰੀ ਹਵਾਈ ਸਫ਼ਰ ਸਮੇਤ 1890 ਬ੍ਰਿਟਿਸ਼ ਪਾਉਂਡ ਪਰ ਯਾਤਰੀ ਹੋਵੇਗਾ।**

ਬੁੱਕ ਕਰਨ ਦੇ ਲਈ 600 ਪਾਉਂਡ ਐਡਵਾਂਸ ਦੇ ਤੌਰ ਤੇ ਜਮਾ ਕਰਵਾਉਣੇ ਜ਼ਰੂਰੀ ਹਨ। ਬੁਕਿੰਗ ਫੀਸ ਜਮ੍ਹਾ ਕਰਵਾਉਣ ਉਪਰੰਤ ਰੈਫਰੈਂਸ ਨੰਬਰ ਭੇਜਣਾ ਹੋਵੇਗਾ ਅਤੇ ਬਾਕੀ ਰਹਿੰਦੀ ਫੀਸ ਦੋ ਹਫ਼ਤਿਆਂ ਦੇ ਅੰਦਰ-ਅੰਦਰ ਜਮ੍ਹਾ ਕਰਵਾਉਣੀ ਹੋਵੇਗੀ।

**ਅਕਾਊਂਟ ਨੰਬਰ ਤੇ ਡਿਟੇਲ**

Account Name: RAGHBIR SINGH
Bank Name : HALIFAX
Sort Code : 11-08-07
Account No. : 00516474


**ਸੰਪਰਕ ਨੰ. :**
**+44 7458 381111 +44 7976 210161**
**email: gnstuk@hotmail.com**


To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

*There might be an additional cost if you need direct return flight Atq –Lhr/Bhxorif your return flight is on busy dates (for example mid-term holidays etc.)


**ਬਿਨਾਂ ਕੋਈ ਨੋਟਿਸ ਦਿੱਤੇ ਪ੍ਰੋਗਰਾਮ 'ਚ ਤਬਦੀਲੀ ਕੀਤੀ ਜਾ ਸਕਦੀ ਹੈ।**

ਆਵਾਜ਼ਿ ਕੌਮ AWAZE QAUM

## ਜ਼ਿੰਦਗੀ ਭਰ ਦੀ ਯਾਦ ਬਣਨ ਵਾਲੀ
# ਪੰਜ ਤਖ਼ਤ ਯਾਤਰਾ


**10 ਰਾਤਾਂ ਤੇ 11 ਦਿਨ ਦੀ ਯਾਤਰਾ ਦਾ ਵੇਰਵਾ ਵਿਸਥਾਰ ਸਹਿਤ ਹੇਠ ਲਿਖੇ ਅਨੁਸਾਰ ਹੈ :**

### 10 ਫਰਵਰੀ (ਦਿਨ 1)




ਸਾਰੀ ਸੰਗਤ ਗੁਰਦਵਾਰਾ ਦੁਖ ਨਿਵਾਰਨ ਸਾਹਿਬ ਪਾਤਸ਼ਾਹੀ 9ਵੀਂ ਗੁਰੂ ਤੇਗ ਬਹਾਦੁਰ ਨਗਰ ਵਿਖੇ ਇਕੱਤਰ ਹੋਵੇਗੀ ਤੇ ਇਥੋਂ ਜੈਕਾਰਿਆਂ ਦੀ ਗੂੰਜ 'ਚ ਸ਼੍ਰੀ ਅੰਮ੍ਰਿਤਸਰ ਸਾਹਿਬ ਲਈ ਚਾਲੇ ਪਾਏ ਜਾਣਗੇ। ਕਰਤਾਰਪੁਰ ਵਿਖੇ ਜੰਗ-ਏ-ਆਜਦੀ ਅਜਾਇਬ ਘਰ ਵਿਖਾਇਆ ਜਾਵੇਗਾ। ਹੋਟਲ ਵਿਚ ਪਹੁੰਚ ਕੇ ਚੈਕ ਇਨ ਹੋਵੇਗਾ। ਉਸ ਤੋਂ ਬਾਅਦ ਸਾਰੀ ਸੰਗਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਨਤਮਸਤਕ ਹੋਵੇਗੀ। ਦੁਬਾਰਾ ਵਾਪਸ ਹੋਟਲ ਵਿਚ ਪਹੁੰਚ ਕੇ ਡਿਨਰ ਹੋਟਲ ਕੀਤਾ ਜਾਵੇਗਾ।

### 11 ਫਰਵਰੀ (ਦਿਨ 2)




ਤੜਕੇ ਸਵੇਰੇ 5 ਵਜੇ ਹੈਦਰਾਬਾਦ ਨੂੰ ਜਾਣ ਵਾਸਤੇ ਹਵਾਈ ਅੱਡੇ 'ਤੇ ਪਹੁੰਚਿਆ ਜਾਵੇਗਾ। ਫਲਾਇਟ ਦਾ ਸਮਾਂ 7.30 ਵਜੇ ਸਵੇਰੇ ਹੋਵੇਗਾ। ਹੈਦਰਾਬਾਦ ਤੱਕ ਫਲਾਈ ਸਮਾਂ ਦੋ ਘੰਟੇ ਦਾ ਹੋਵੇਗਾ। ਹੈਦਰਾਬਾਦ ਪਹੁੰਚ ਕੇ ਬੱਸ ਵਿਚ ਬੈਠ ਕੇ ਹੈਦਰਾਬਾਦ ਦਾ ਬਹੁਤ ਹੀ ਮਸ਼ਹੂਰ ਮਿਊਜ਼ੀਅਮ ਦਿਖਾਇਆ ਜਾਵੇਗਾ। ਉਸ ਤੋਂ ਬਾਅਦ ਹੋਟਲ ਵਿਚ ਜਾ ਕੇ ਚੈਕ ਇਨ ਤੇ ਲੰਚ ਹੋਵੇਗਾ। ਸ਼ਾਮ 4 ਵਜੇ ਹੈਦਰਾਬਾਦ ਦਾ ਦੁਨੀਆਂ ਭਰ 'ਚ ਮਸ਼ਹੂਰ ਚਾਰਮਿਨਾਰ ਦਿਖਾਇਆ ਜਾਵੇਗਾ। ਡਿਨਰ ਦੱਖਣ-ਭਾਰਤੀ ਸ਼ਾਕਾਹਾਰੀ ਰੈਸਟੋਰੈਂਟ ਵਿਚ (ਖੁਦ ਦੇ ਖਰਚੇ 'ਤੇ) ਕਰਵਾਇਆ ਜਾਵੇਗਾ। ਵਾਪਸ ਹੋਟਲ ਵਿਚ ਆ ਕੇ ਅਰਾਮ ਕੀਤਾ ਜਾਵੇਗਾ।

### 12 ਫਰਵਰੀ (ਦਿਨ 3)



ਸਵੇਰੇ ਨਾਸ਼ਤੇ ਤੋਂ ਬਾਅਦ ਟਰੇਲ ਰਾਹੀਂ ਬਿਦਰ ਨੂੰ ਚਾਲੇ ਪਾਏ ਜਾਣਗੇ। 3 ਘੰਟੇ ਦੀ ਯਾਤਰਾ ਹੋਵੇਗੀ। ਇੱਥੇ ਪਹੁੰਚ ਕੇ ਗੁਰਦਵਾਰਾ ਨਾਨਕ ਝੀਰਾ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ ਤੇ ਦੁਪਹਿਰ ਨੂੰ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਨੰਦੇੜ ਸਾਹਿ ਵੱਲ ਚਾਲੇ ਪਾਏ ਜਾਣਗੇ। ਸ਼ਾਮ ਨੂੰ ਨੰਦੇੜ ਸਾਹਿਬ ਪਹੁੰਚ ਕੇ ਸਰਾਂ ਵਿਚ ਰੈਣ ਵਸੈਰਾ ਹੋਵੇਗਾ। ਰਾਤ ਦਾ ਭੋਜਨ ਕੰਪਨੀ ਵਲੋਂ ਫਿਕਸਡ ਮੈਨਿਊ 'ਤੇ ਅਧਾਰਤ ਰੈਟੋਰੈਂਟ ਵਿਚ ਹੋਵੇਗਾ ਜਿਸ ਦਾ ਖਰਚਾ ਕੰਪਨੀ ਕਰੇਗੀ। ਰਾਤ ਦਾ ਵਿਸ਼ਰਾਮ ਸਰਾਂ ਵਿੱਚ ਹੋਵੇਗਾ।

### 13 ਫਰਵਰੀ (ਦਿਨ 4)



ਸੰਗਤ ਤੜਕੇ ਸਚਖੰਡ ਸ੍ਰੀ ਨੰਦੇੜ ਸਾਹਿਬ ਦੀ ਹਾਜਰੀ ਭਰੇਗੀ। ਨਾਸ਼ਤਾ ਲੰਗਰ ਹਾਲ ਵਿਚ ਹੋਵੇਗਾ। ਠੀਕ 10 ਵਜੇ ਗੁਰਦਵਾਰਾ ਸਹਿਬ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਬਾਬਾ ਬੰਦਾ ਬਾਹੁਦਰ, ਗੁਰਦਵਾਰਾ ਮਾਲ ਟੇਕੜੀ, ਗੁਰਦਵਾਰਾ ਹੀਰਾ ਘਾਟ, ਗੁਰਦਵਾਰਾ ਮਾਤਾ ਸਾਹਿਬ ਦੇਵਾ ਜੀ ਦੇ ਦਰਸ਼ਨ ਕਰਨ ਉਪਰੰਤ ਇਥੇ ਹੀ ਲੰਗਰ ਛਕਿਆ ਜਾਵੇਗਾ। ਇਸ ਤੋਂ ਬਾਅਦ ਗੁਰਦਵਾਰਾ ਸ਼ਿਕਾਰ ਘਾਟ ਦੇ ਦਰਸ਼ਨ ਉਪਰੰਤ ਚਾਹ ਦਾ ਲੰਗਰ ਛਕਿਆ ਜਾਵੇਗਾ। ਇਸ ਉਪਰੰਤ ਗੁਰਦਵਾਰਾ ਸੰਗਤ ਸਾਹਿਬ ਤੇ ਅਸਤਬਲ ਦੇ ਦਰਸ਼ਨ ਕੀਤੇ ਜਾਣਗੇ। ਗੁਰਦਵਾਰਾ ਨਗੀਨਾ ਘਾਟ ਦੇ ਦਰਸ਼ਨਾ ਤੋਂ ਬਾਅਦ ਗੁਰਦਵਾਰਾ ਬਾਬਾ ਨਿਧਾਨ ਸਿੰਘ ਜੀ ਵਿਖੇ ਰਾਤ ਦਾ ਲੰਗਰ ਹੋਵੇਗਾ। ਰਾਤ ਦਾ ਵਿਸ਼ਰਾਮ ਇੱਥੇ ਸਰਾਂ ਵਿੱਚ ਹੋਵੇਗਾ।

### 14 ਫਰਵਰੀ (ਦਿਨ 5)



ਤੜਕੇ 6 ਵਜੇ ਹੈਦਰਾਬਾਦ ਲਈ ਰਵਾਨਗੀ ਪਾਈ ਜਾਵੇਗੀ ਅਤੇ ਕਿੰਗਸ ਰੈਸਟੋਰੈਂਟ ਵਿੱਚ ਸੰਗਤ ਨੂੰ ਚਾਹ ਪਿਲਾਈ ਜਾਵੇਗੀ। ਹੈਦਰਾਬਾਦ ਪਹੁੰਚ ਕੇ ਇੱਥੋਂ ਦੀ ਮਸ਼ਹੂਰ ਸ਼ਾਕਾਹਾਰੀ ਹੈਦਰਾਬਾਦੀ ਬਰਿਆਨੀ ਦਾ ਅਨੰਦ ਮਾਣਿਆ ਜਾਵੇਗਾ। ਇਸ ਤੋਂ ਬਾਅਦ ਹਵਾਈ ਯਾਤਰਾ ਰਾਹੀਂ ਤਖ਼ਤ ਸ੍ਰੀ ਪਟਨਾ ਸਾਹਿਬ ਪਹੁੰਚਿਆ ਜਾਵੇਗਾ। ਹਵਾਈ ਯਾਤਰਾ ਦਾ ਸਮਾਂ 2 ਘੰਟੇ ਦਾ ਹੋਵੇਗਾ। ਹੋਟਲ ਵਿਚ ਚੈਕ ਇਨ ਕਰਨ ਉਪਰੰਤ ਡਿਨਰ ਤਿਆਰ ਮਿਲੇਗਾ।

### 15 ਫਰਵਰੀ (ਦਿਨ 6)



ਸਵੇਰੇ ਨਾਸ਼ਤੇ ਤੋਂ ਬਾਅਦ ਜਨਮ ਅਸਥਾਨ ਸਚਖੰਡ ਸ੍ਰੀ ਪਟਨਾ ਸਾਹਬਿ ਦੇ ਦਰਸ਼ਨਾਂ ਲਈ ਚਾਲੇ ਪਾਏ ਜਾਣਗੇ। ਗੁਰਦਵਾਰਾ ਕੰਗਣ ਘਾਟ ਤੇ ਗੁਰਦਵਾਰਾ ਬਾਲ ਲੀਲਾ ਸਾਹਿਬ ਦੇ ਧਰਸ਼ਨ ਕੀਤੇ ਜਾਣਗੇ। ਦੁਪਹਿਰ ਦਾ ਲੰਗਰ ਗੁਰਦਵਾਰਾ ਬਾਲ ਲੀਲਾ ਸਾਹਿਬ ਵਿੱਚ ਹੋਵੇਗਾ। ਇਸ ਉਪਰੰਤ ਗੁਰਦਵਾਰਾ ਗਊ ਘਾਟ, ਗੁਰਦਵਾਰਾ ਗੁਰੂ ਕਾ ਬਾਗ, ਗੁਰਦਵਾਰਾ ਹਾਂਡੀ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਵਾਪਸ ਹੋਟਲ 'ਚ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 16 ਫਰਵਰੀ (ਦਿਨ 7)



ਨਾਸ਼ਤਰਾ ਕਰਨ ਉਪਰੰਤ ਸ੍ਰੀ ਪਟਨਾ ਸਾਹਿਬ ਤੋਂ ਹਵਾਈ ਅੱਡੇ ਲਈ ਚਾਲੇ ਪਾਏ ਜਾਣਗੇ ਤੇ ਹਵਾਈ ਯਾਤਰਾ ਰਾਹੀਂ ਚੰਡੀਗੜ੍ਹ ਪਹੁੰਚਿਆ ਜਾਵੇਗਾ। ਇੱਥੇ ਵਿਸ਼ਵ ਪ੍ਰਸਿੱਧ ਸੁਖਨਾ ਲੇਕ ਘੁੰਮਣ ਉਪਰੰਤ ਹੋਟਲ ਚੈੱਕ ਇਨ ਕੀਤਾ ਜਾਵੇਗਾ ਤੇ ਡਿਨਰ ਉਪਰੰਤ ਰਾਤਰੀ ਵਿਸ਼ਰਾਮ ਹੋਵੇਗਾ।

### 17 ਫਰਵਰੀ (ਦਿਨ 8)



ਨਾਸ਼ਤੇ ਕਰਨ ਉਪਰੰਤ ਟਰੇਨ ਰਾਹੀਂ ਤਖ਼ਤ ਸ੍ਰੀ ਆਨੰਦਪੁਰ ਸਾਹਿਬ ਨੂੰ ਚਾਲੇ ਪਾਏ ਜਾਣਗੇ। ਜਿਥੇ ਗੁਰਦਵਾਰਾ ਸ੍ਰੀ ਕੇਸਗੜ ਸਾਹਿਬ, ਗੁਰਦਾਵਾਰਾ ਸੀਸ ਗੰਜ ਸਾਹਿਬ, ਗੁਰਦਵਾਰਾ ਭੌਰਾ ਸਾਹਿਬ ਤੇ ਕਿਲਾ ਆਨੰਦਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਉਪਰੰਤ ਬਠਿੰਡਾ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 18 ਫਰਵਰੀ (ਦਿਨ 9)



ਸਵੇਰੇ ਨਾਸ਼ਤੇ ਉਪਰੰਤ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਦਰਸ਼ਨਾ ਲਈ ਚਾਲੇ ਪਾਏ ਜਾਣਗੇ। ਬੁਰਜ ਬਾਬਾ ਦੀਪ ਸਿੰਘ ਜੀ ਦੇ ਦਰਸ਼ਨਾ ਤੋਂ ਬਾਅਦ ਲੰਗਰ ਦਾ ਅਨੰਦ ਮਾਣਿਆ ਜਾਵੇਗਾ। ਉਪਰੰਤ ਸ੍ਰੀ ਅੰਮ੍ਰਿਤਸਰ ਸਾਹਬਿ ਲਈ ਚਾਲੇ ਪਾਏ ਜਾਣਗੇ। ਡਿਨਰ ਅਤੇ ਰਾਤਰੀ ਸਟੇਅ ਹੋਟਲ ਵਿਚ ਹੋਵੇਗਾ।

### 19 ਫਰਵਰੀ (ਦਿਨ 10)



ਸਵੇਰੇ ਨਾਸ਼ਤੇ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕੀਤੇ ਜਾਣਗੇ। ਜਲ੍ਹਿਆਵਾਲਾ ਬਾਗ ਵੇਖਿਆ ਜਾਵੇਗਾ। ਦੁਪਹਿਰ ਦਾ ਲੰਗਰ ਸ੍ਰੀ ਹਰਿਮੰਦਰ ਸਾਹਿਬ ਵਿਖੇ ਛਕਿਆ ਜਾਵੇਗਾ। ਇਸ ਤੋਂ ਬਾਅਦ ਭਾਰਤ-ਪਾਕਿਸਤਾਨ ਦੀ ਵੰਡ ਨੂੰ ਦਰਸਾਉਂਦਾ ਪਾਰਟੀਸ਼ਨ ਮਿਉਜੀਅਮ ਵਿਖਾਇਆ ਜਾਵੇਗਾ। ਸ਼ਾਮ ਨੂੰ ਵਾਹਗਾ ਬਾਰਡਰ ਪਹੁੰਚ ਕੇ ਰੀਟਰੀਟ ਸੇਰੇਮਨੀ ਦਿਖਾਈ ਜਾਵੇਗੀ। ਡਿਨਰ ਅਤੇ ਰਾਤਰੀ ਵਿਸ਼ਰਾਮ ਹੋਟਲ ਵਿੱਚ ਹੋਵੇਗਾ।

### 20 ਫਰਵਰੀ (ਦਿਨ 11)

ਨਾਸ਼ਤੇ ਕਰਨ ਉਪਰੰਤ ਸੰਗਤ ਜਲੰਧਰ ਲਈ ਚਾਲੇ ਪਾਵੇਗੀ ਅਤੇ ਗੁਰਦਵਾਰਾ ਦੂਖ ਨਿਵਾਰਨ ਪਾਤਸ਼ਾਹੀ 9ਵੀਂ ਪਹੁੰਚ ਕੇ ਅਮਿੱਟ ਧਾਰਮਿਕ ਤੇ ਇਤਿਹਾਸਕ ਯਾਦਾਂ ਸਮੇਟਦਿਆਂ, ਫਿਰ ਮਿਲਣ ਦੇ ਵਾਅਦੇ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਕਰਦਿਆਂ ਟੂਰ ਦੀ ਸਮਾਪਤੀ ਹੋਵੇਗੀ।

**ਆਵਾਜ਼ਿ-ਕੌਮ ਟੂਰ ਐਂਡ ਟ੍ਰੈਵਲਜ਼ ਨਾਲ ਯਾਤਰਾ ਕਰਨ ਲਈ ਧੰਨਵਾਦ ਅਤੇ ਵਾਹਿਗੁਰੂ ਜੀ ਦਾ ਕੋਟਿਨ-ਕੋਟਿ ਧੰਨਵਾਦ। ਤੁਹਾਨੂੰ ਹੋਰ ਧਾਰਮਿਕ ਤੇ ਇਤਿਹਾਸਕ ਯਾਤਰਾ 'ਤੇ ਜਲਦ ਲੈ ਕੇ ਜਾਣ ਦਾ ਵਾਅਦਾ ਕਰਦੇ ਹਾਂ।**

# AWAZE QAUM

ਆਵਾਜ਼ਿ ਕੌਮ
AWAZE QAUM

# AWAZE QAUM TOURS & TRAVELS

**RAGHBIR SINGH (Call : +44 7976 210161)**
**121. Broadway west Walsall, West Midlands, WS1 4DW, England uk**

**ਵਾਹਿਗੁਰੂ ਜੀ ਕੀ ਖਾਲਸਾ । ਵਾਹਿਗੁਰੂ ਜੀ ਕੀ ਫ਼ਤਹਿ ॥**


ਸ੍ਰੀ ਅਕਾਲ ਤਖ਼ਤ ਸਾਹਿਬ
SRI AKAL TAKHAT SAHIB


ਸ੍ਰੀ ਪਟਨਾ ਸਾਹਿਬ
SRI PATNA SAHIB


ਸ੍ਰੀ ਕੇਸਗੜ੍ਹ ਸਾਹਿਬ
SRI KESGARH SAHIB


ਸ੍ਰੀ ਦਮਦਮਾ ਸਾਹਿਬ
SRI DAMDAMA SAHIB


ਸ੍ਰੀ ਹਜ਼ੂਰ ਸਾਹਿਬ
SRI HAZUR SAHIB

## PANJ TAKHAT YATRA

**Thank you for choosing us to go to PANJ TAKHAT YATRA in February 2025 (10th Feb – 20thFeb 2025). During the stay we will try to provide you with all the possible facilities to make this trip a memorable one.**

### Trip Package Includes

**Visit to Takhat Patna Sahib & other 5 Gurudwaras - Hyderabad (Museum & Char Minar) - Takhat Hazoor Sahib & other 8 Gurudwaras - Takhat Keshgarh Sahib Sahib & other 8 Gurudwaras - Damdama Sahib & other 3 Gurudwaras. - Akal Takth, Sri Harimandir Sahib, Jallianwala Bagh & Wagah Border**

- Luxury Air-conditioned Coaches
- Luxury Hotel Stay (Sarai at Hazoor Sahib)
- Domestic Flights
- Guided Tours
- Flexibility to stay in India before & after the trip

**Cost If joining from India without international flights £ 1190 per person on Twin Sharing basis**

**Cost: If joining from UK with International flights - £1890 per person on Twin Sharing basis**

Deposit of £600 per person can be transferred into the following account (please write your name as a reference): Balance amount need to be deposited 2 weeks before the travel date.

**Account Name: RAGHBIR SINGH**
**Bank Name : HALIFAX**
**Sort Code : 11-08-07**
**Account No. : 00516474**

To Book please ring (+44 7458 381111) or WhatsApp (+44 7976 210161) / email (gnstuk@hotmail.com) the next of kin form along with a copy of your passport.

*There might be an additional cost if you need direct return flight Atq –Lhr/Bhxorif your return flight is on busy dates (for example mid-term holidays etc.)

**Program is subject to change without Prior Notice.**

### JOURNEY OF A LIFE TIME

ਆਵਾਜ਼ਿ ਕੌਮ AWAZE QAUM

## PANJ TAKHT YATRA

**5 TAKHAT YATRA - 10 NIGHTS / 11 DAYS**

ਆਵਾਜ਼ਿ ਕੌਮ AWAZE QAUM

### 10th FEB. Day 1st.



**Meeting** at Gurdwara Sri Dukh Niwaran sahib patshahi 9 Guru Teg Bahadur Nagar Jalandhar and start the journey on ward drive to Amritsar sahib stop at Kartar pur to see Jung e Ajadi museum ( if it is open) later drive to Amritsar check in hotel and later visit to Sri Akal Takhat sahib back to hotel and dinner in the hotel.

### 11th Feb. Day 2nd.



Early morning check out to drive to airport to take flight at 730 am to Hyderabad after arrival and proceed to see the museum than back to the hotel check in and lunch in the hotel later at 4 pm proceed to visit char minar dinner will be paid by the people directly.

### 12th Feb Day 3rd



After break fast drive to Bidar it is 3 hrs journey on arrival Darshan and lunch at the Langar than drive to Nanded again 3 hrs journey reach there check in sran and do darshan dinner at the langar.

### 13th Feb Day4th



Morning Darshan and break fast in the Langar After breakfast start for the tour of Gurdwaras, Visit to Gurdwara Nagina Ghat, Gurdwara Baba Banda Bahadur ji, Gurdwara Mal Tekri sahib, Gurdwara Heera Ghat later Gurdwara Mata Sahib Deva ji- Lunch in the langar, later to gurdwara Shikar Ghat here you have tea with pakoras later to gurdwara Sangat sahib back to city of Nanded and visit to Gurdwara Baba Nidhan singh ji, dinner at the Langar of Baba Nidhan singh ji

### 14th Feb Day5th



Leave at 6 am and drive to Hyderabaad we will stop at kings restaurant for quick tea and to use of wash rooms than to Hyderabad at paradise restaurant to have quick hyderabaadi veg biryani paid by the AWAJE QUAM TOURS from here we proceed to airport for the flight to Patna sahib arrival and we proceed to our hotel check in and dinner in the hotel

### 15th Feb. Day 6th



After break fast proceed to visit to Gurdwara Sach Khand Sri Patna sahib later Gurdwara Bal Leela sahib and Langar here later visit to Gurdwara Kangan Ghat sahib, Gurdwara Gau Ghat sahib Gurdwara Guru Ka Bagh and gurdwara Handi sahib back to our hotel and do dinner

### 16th Feb Day 7th



After Break fast proceed to the airport for the flight to chandigarh arrival and from here we go to visit to Sukhna lake later check in the hotel dinner at the hotel and relax.

### 17th Feb Day 8th



After breakfast proceed to visit to Anandpur sahib lunch at the langar later drive to Bathinda check in hotel and dinner at the hotel and relax.

### 18Th Feb Day 9th



After break fast proceed at 9 am to visit Takhat sri Damdama Sahib lunch at the Langar after that we proceed to Sri Amritsar sahib check in hotel dinner at the hotel.

### 19th Feb Day 10th



After break fast proceed at 9 am to visit Sri Harimander sahib, jallianwala bagh Parition Musuem and lunch at the Bharawan da dhabha by the AWAJE QAUM TOURS than drive to Wagah Border, See the ceremony then back to the hotel. Dinner at the hotel.

### 20th Feb Day 11th

**After breakfast proceed to Jalandhar to end the tour with happy memories and with promise to travel again together at Gurdwara Sri Dukh Niwaran sahib Patshahi 9th Guru Teg Bahdur ji Nagar.**

**THANKS FOR TRAVELLING WITH US & STAY BLESSED! LOOKING FORWARD TO TAKE YOU TO ON ANOTHER GREAT JOURNEY**

**ਅਕਾਲ ਤਖ਼ਤ ਮਹਾਨ ਹੈ - ਸਿੱਖ ਪੰਥ ਦੀ ਸ਼ਾਨ ਹੈ**

**ਅਸੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ,ਅਕਾਲ ਤਖ਼ਤ ਸਾਹਿਬ ਅਤੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਨੂੰ ਹਾਂ ਸਮਰਪਿਤ**



ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

# ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

## 19 ਜਨਵਰੀ 2025 ਨੂੰ

## ਆਮ ਚੋਣਾਂ ਸਬੰਧੀ

# ਸਾਡਾ ਚੋਣ ਮੈਨੀਫੈਸਟੋ

॥ ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਿਹ ॥



ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁ. ਪ੍ਰ. ਕਮੇ.
ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅਜ਼ਾਦ

1. ਸਾਡੇ ਪ੍ਰਬੰਧ ਵਿੱਚ ਗੁਰੂਘਰਾਂ ਦੀਆਂ ਸੁੰਦਰ ਇਮਾਰਤਾਂ ਦਰਬਾਰ ਸਾਹਿਬ,ਦੀਵਾਨ ਹਾਲ ਸੰਗਤਾਂ ਲਈ ਰਿਹਾਇਸ਼ੀ ਏ.ਸੀ. ਸਰਾਵਾਂ ਸਟਾਫ਼ ਦੇ ਕੁਆਰਟਰ, ਹਰਿਆਣਾ ਕਮੇਟੀ ਦਾ ਮੁੱਖ ਦਫ਼ਤਰ ਜਥੇਦਾਰ ਕਰਤਾਰ ਸਿੰਘ ਝੱਬਰ ਦੇ ਨਾਮ ਉੱਪਰ ਬਨਾਉਣ ਅਤੇ ਮਲਟੀਪਰਪਜ ਹਾਲ ਬਣਾਉਣ ਲਈ ਵੱਖ-ਵੱਖ ਮਹਾਂਪੁਰਸ਼ਾਂ ਦੀ ਕਾਰ ਸੇਵਾ ਸ਼ੁਰੂ ਕਰਵਾਈ ਗਈ ਹੈ ਅਤੇ ਕਮੇਟੀ ਵੱਲੋਂ ਸੀਮਿੰਟ ਸਰੀਆ ਕਾਰ ਸੇਵਾ ਲਈ ਭੇਂਟ ਕੀਤਾ ਜਾ ਰਿਹਾ ਹੈ, ਇੰਨ੍ਹਾਂ ਕਾਰ ਸੇਵਾਵਾਂ ਨੂੰ ਨਿਰੰਤਰ ਜਾਰੀ ਰੱਖ ਕੇ ਪੂਰਾ ਕਰਵਾਇਆ ਜਾਵੇਗਾ।

2. ਸਾਡੇ ਪ੍ਰਬੰਧ ਦੌਰਾਨ ਧਰਮ ਪ੍ਰਚਾਰ ਦੇ ਮੁੱਖ ਦਫ਼ਤਰ ਤੋਂ ਇਲਾਵਾ 3 ਸਬ-ਦਫ਼ਤਰ ਗੁਰਦੁਆਰਾ ਨਾਢਾ ਸਾਹਿਬ ਪਾਤਸ਼ਾਹੀ 10ਵੀਂ ਪੰਚਕੂਲਾ, ਗੁਰਦੁਆਰਾ ਮੰਜੀ ਸਾਹਿਬ ਪਾਤਸ਼ਾਹੀ 9ਵੀਂ ਜੀਂਦ,ਗੁਰਦੁਆਰਾ ਪਾਤਸ਼ਾਹੀ 10ਵੀਂ ਸਿਰਸਾ ਵਿਖੇ ਖੋਲੇ ਗਏ ਹਨ, ਜਿੱਥੋਂ ਸਾਡੇ ਧਰਮ ਪ੍ਰਚਾਰ ਦੇ ਜੱਥੇ ਰਾਗੀ ਢਾਡੀ ਕਵੀਸ਼ਰ ਕਥਾਵਾਚਕ ਪਿੰਡਾਂ ਵਿੱਚ ਜਾ ਕੇ ਭੇਟਾ ਰਹਿਤ ਧਰਮ ਪ੍ਰਚਾਰ ਕਰ ਰਹੇ ਹਨ, ਇਸ ਧਰਮ ਪ੍ਰਚਾਰ ਦੀ ਸੇਵਾ ਨੂੰ ਨਿਰੰਤਰ ਜਾਰੀ ਰੱਖਿਆ ਜਾਵੇਗਾ।

3. ਸਾਡੇ ਪ੍ਰਬੰਧ ਦੌਰਾਨ ਨਵੀਆਂ ਕਾਰਾਂ ਲੈ ਕੇ ਧਰਮ ਪ੍ਰਚਾਰ ਦਫ਼ਤਰਾਂ ਦੇ ਜੱਥਿਆਂ ਨੂੰ ਦਿੱਤੀਆਂ ਗਈਆਂ ਹਨ, ਜਿੰਨ੍ਹਾਂ ਤੇ ਉਹ ਪਿੰਡਾਂ ਵਿੱਚ ਧਰਮ ਪ੍ਰਚਾਰ ਅਤੇ ਅੰਮ੍ਰਿਤ ਸੰਚਾਰ ਲਈ ਜਾਂਦੇ ਹਨ।ਇਸ ਸੇਵਾ ਨੂੰ ਨਿਰੰਤਰ ਜਾਰੀ ਰੱਖਿਆ ਜਾਵੇਗਾ।

4. ਸਾਡੇ ਪ੍ਰਬੰਧ ਵਿੱਚ ਚੱਲ ਰਹੇ 3 ਸਕੂਲਾਂ ਵਿੱਚ ਅੰਮ੍ਰਿਤਧਾਰੀ ਸਿੱਖ ਬੱਚਿਆਂ ਦੀ ਪੜ੍ਹਾਈ ਬਿਲਕੁਲ ਫਰੀ ਕੀਤੀ ਗਈ ਹੈ, 2 ਕਾਲਜਾਂ ਵਿੱਚ ਅੰਮ੍ਰਿਤਧਾਰੀ ਸਿੱਖ ਬੱਚਿਆਂ ਨੂੰ ਵਜ਼ੀਫ਼ੇ ਦਿੱਤੇ ਗਏ ਹਨ, ਇਸ ਸੇਵਾ ਨੂੰ ਅੱਗੇ ਵੀ ਜਾਰੀ ਰੱਖਿਆ ਜਾਵੇਗਾ ।

5. ਸਾਡੇ ਪ੍ਰਬੰਧ ਤੋਂ ਪਹਿਲਾਂ ਕੀਤੀ ਗਈ ਗੁਰੂ ਕੀ ਗੋਲਕ ਦੀ ਲੁੱਟ ਨੂੰ ਮੁੜ ਗੁਰੂ ਕੀ ਗੋਲਕ ਵਿੱਚ ਭਰਵਾਇਆ ਗਿਆ ਹੈ ਅਤੇ ਮੈਂਬਰ ਦੀ ਮੈਂਬਰਸ਼ਿਪ ਰੱਦ ਕੀਤੀ ਗਈ।

6. ਸਾਡੇ ਪ੍ਰਬੰਧ ਤੋਂ ਪਹਿਲਾ 15-15 ਸਾਲ ਤੋਂ ਕੰਟਰੈਕਟ ਬੇਸ ਤੇ ਚੱਲ ਰਹੇ ਕਮੇਟੀ ਮੁਲਾਜ਼ਮਾਂ ਨੂੰ ਪੱਕੇ ਕੀਤਾ ਗਿਆ ਹੈ ਅਤੇ ਯੋਗ ਨੌਜਵਾਨਾਂ ਦੀ ਨਵੀਂ ਭਰਤੀ ਕੀਤੀ ਗਈ ਹੈ।ਮੁਲਾਜ਼ਮਾਂ ਦੀਆਂ ਤਨਖਾਹਾਂ ਵਿੱਚ ਵਾਧਾ ਕੀਤਾ ਗਿਆ ਹੈ ਅਤੇ ਅੱਗੇ ਵੀ ਮੁਲਾਜ਼ਮਾਂ ਨੂੰ ਬਣਦਾ ਮਾਣ-ਸਨਮਾਨ ਦਿੱਤਾ ਜਾਵੇਗਾ।

7. ਸਾਡੇ ਪ੍ਰਬੰਧ ਅਧੀਨ ਵੱਖ ਵੱਖ ਗੁਰਦੁਆਰਿਆਂ ਵਿੱਚ ਮੁਫ਼ਤ ਮੈਡੀਕਲ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ, ਜਿਸ ਦਾ ਘੇਰਾ ਹੋਰ ਵਿਸ਼ਾਲ ਕੀਤਾ ਜਾਵੇਗਾ।

8. ਮੀਰੀ ਪੀਰੀ ਹਸਪਤਾਲ ਦਾ ਪ੍ਰਬੰਧ ਜਲਦੀ ਲੈ ਕੇ ਮੈਡੀਕਲ ਕਾਲਜ ਖੋਲਿਆ ਜਾਵੇਗਾ ਜਿਸ ਦੀ ਕਾਨੂੰਨੀ ਪ੍ਰਕਿਰਿਆ ਚੱਲ ਰਹੀ ਹੈ, ਤਾਂ ਕੇ ਹਰਿਆਣਾ ਦੇ ਸਿੱਖ ਬੱਚੇ ਡਾਕਟਰੀ ਦੀ ਪੜ੍ਹਾਈ ਕਰ ਸਕਣ।

9. ਸਾਡੇ ਵੱਲੋਂ IAS, IPS, IRS ਤੇ ਅਜਿਹੀਆਂ ਹੋਰ ਪ੍ਰਿਖਿਆਂਵਾਂ ਦੀ ਤਿਆਰੀ ਮੁਫ਼ਤ ਕਰਾਉਣ ਦੇ ਉਪਰਾਲੇ ਚੱਲ ਰਹੇ ਹਨ ਅਤੇ ਇਹਨਾਂ ਸੇਵਾਵਾਂ ਦਾ ਹੋਰ ਵਿਸਤਾਰ ਕੀਤਾ ਜਾਵੇਗਾ।

10. ਸਾਡੇ ਪ੍ਰਬੰਧ ਵਲੋਂ ਪੰਥਕ ਕਾਰਜਾਂ ਲਈ ਜੇਲਾਂ ਵਿੱਚ ਬੰਦ ਬੰਦੀ ਸਿੰਘਾਂ ਦੇ ਕਈ ਪ੍ਰੀਵਾਰਾਂ ਦੀ ਆਰਥਿਕ ਮੱਦਦ, ਕੈਂਸਰ ਆਦਿਕ ਭਿਆਨਕ ਬੀਮਾਰੀਆਂ ਤੋਂ ਪੀੜਤਾਂ ਦੀ ਆਰਥਿਕ ਮੱਦਦ ਕੀਤੀ ਜਾਂਦੀ ਹੈ ਜੋ ਨਿਰੰਤਰ ਜਾਰੀ ਰਹੇਗੀ।

11. ਸਾਡੇ ਪ੍ਰਬੰਧ ਵਲੋਂ ਲੋੜਵੰਦ ਪ੍ਰੀਵਾਰਾਂ ਦੇ ਹੋਰ ਸਕੂਲਾਂ ਵਿੱਚ ਪੜ੍ਹ ਰਹੇ ਬੱਚਿਆਂ ਦੀਆਂ ਵੀ ਫੀਸਾਂ ਭਰੀਆਂ ਗਈਆਂ ਹਨ, ਇਹ ਸੇਵਾ ਨਿਰੰਤਰ ਜਾਰੀ ਰੱਖੀ ਜਾਵੇਗੀ ਅਤੇ ਇਸ ਦਾ ਘੇਰਾ ਹੋਰ ਵਿਸ਼ਾਲ ਕੀਤਾ ਜਾਵੇਗਾ।

12. ਸਾਡੇ ਪ੍ਰਬੰਧ ਵਲੋਂ ਯਾਤਰੀ ਸਿੱਖ ਸੰਗਤਾਂ ਲਈ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ, ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਬਿਹਾਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨੰਦੇੜ ਵਿਖੇ ਏ.ਸੀ. ਸਰਾਵਾਂ ਜਲਦ ਬਣਾਈਆਂ ਜਾਣਗੀਆਂ।

13. ਸਾਡੇ ਵਲੋਂ ਲੋੜਵੰਦ ਪ੍ਰੀਵਾਰਾਂ ਦੀਆਂ ਸੈਂਕੜੇ ਬੱਚੀਆਂ ਦੇ ਸਮੂਹਿਕ ਵਿਆਹ ਪਿਛਲੇ ਸਮੇਂ ਵਿੱਚ ਕੀਤੇ ਗਏ ਹਨ ਅਤੇ ਉਹਨਾਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਲੋੜੀਂਦਾ ਸਾਜੋਂ ਸਮਾਨ ਦੇ ਕੇ ਵਿਦਾ ਕੀਤਾ ਜਾਂਦਾ ਹੈ ਇਹ ਸੇਵਾ ਨਿਰੰਤਰ ਜਾਰੀ ਰਹੇਗੀ ਅਤੇ ਇਸ ਦਾ ਘੇਰਾ ਹੋਰ ਵਿਸ਼ਾਲ ਕੀਤਾ ਜਾਵੇਗਾ।


**ਜੋ ਕਿਹਾ – ਉਹ ਕੀਤਾ**
**ਜੋ ਕਹਾਂਗੇ – ਉਹ ਕਰਾਂਗੇ**

ਆਵਾਜ਼ਿ ਕੌਮ AWAZE QAUM International Newspaper & WEB TV


ਦੇਗ ਤੇਗ ਫਤਿਹ ਪੰਥ ਕੀ ਜੀਤ
ਨਸ਼ੇ ਛੱਡੋ, ਅੰਮ੍ਰਿਤ ਛਕੋ, ਸਿੰਘ ਸਜੋ
ਪੰਥ ਬਚਾਉ, ਪੰਜਾਬ ਬਚਾਉ ਰੈਲੀ
ਪੰਜਾਬ ਦੀ ਨਵੀਂ ਸਿਆਸਤ ਦਾ
ਆਗਾਜ਼
ਪੰਜਾਬ ਦੀ ਖੇਤਰੀ ਪਾਰਟੀ ਦਾ
ਐਲਾਨ
ਮਿਤੀ 14 ਜਨਵਰੀ 2025
ਮੇਲਾ ਮਾਘੀ 'ਤੇ
ਆਵਾਜ਼ਿ ਕੌਮ AWAZE QAUM
International Newspaper & WEB TV


"IN 1947, WE ACCEPTED THE DIVISION OF OUR LAND, BUT WE CANNOT AFFORD TO MAKE THE SAME MISTAKE AGAIN. THE SIKH NATION MUST NOT COMPROMISE ON ITS VALUES."
–SANT BABA JARNAIL SINGH JI KHALSA BHINDRANWALE
ਪੰਥਕ ਕਾਨਫਰੰਸ
PANTHIC CONFERENCE
Sunday 12th January 2025
Time: 1:00 PM to 4:00 PM
- Panthic speakers from Sikh Organizations and Gurdwaras
- Tribute to Shaheed Jathedar Bhai Gurdev Singh Ji Kaunke and ALL Shaheeds
- 40th Anniversary of the 1984 Genocide (Sri Darbar Sahib)
- Insightful discussion on the International Sikh Perspective in today's global context
LIVE
On
Facebook
Youtube
Joint Program by All Jathebandian & UK Gurdwaras
GURU NANAK GURDWARA SMETHWICK
@GNGSMETHWICK
0121 558 2527
INFO@GNGSMETHWICK.COM
OPEN INVITATION TO THE SANGAT, PANTHIC ORGS AND GURDWARAS


ਗ੍ਰਾਮ ਪੰਚਾਇਤ ਢੰਡੋਵਾਲ ਵੱਲੋਂ ਸ਼ਹੀਦ ਬਾਬਾ ਸੁਖਚੇਤ ਸਿੰਘ ਜੀ ਦੇ ਸ਼ਹੀਦੀ ਅਸਥਾਨਾਂ 'ਤੇ
ਸਵ: ਸ. ਨਾਜਰ ਸਿੰਘ ਜੀ ਦੀ ਯਾਦ ਨੂੰ ਸਮਰਪਿਤ
58ਵਾਂ ਸਲਾਨਾ ਛਿੰਝ ਮੇਲਾ ਢੰਡੋਵਾਲ
14 ਜਨਵਰੀ 2025 ਮੰਗਲਵਾਰ
ਪਿੰਡ ਢੰਡੋਵਾਲ, ਸ਼ਾਹਕੋਟ (ਜਲੰਧਰ)
ਪਟਕੇ ਦੀ ਕੁਸ਼ਤੀ
ਇਸ ਤੋਂ ਇਲਾਵਾ ਸਹਿਬਾਜ਼ ਆਲਮਗੀਰ, ਗੌਰਵ ਅਜਨਾਲਾ, ਸੁਰਿੰਦਰ ਸ਼ਾਹਕੋਟ, ਸੂਜਲ ਫਗਵਾੜਾ, ਨੂਰ ਆਲਮਗੀਰ, ਮੁਕੇਸ਼ ਕੌਹਾਲੀ, ਅਜੇ ਪਾਲ ਖੰਨਾ, ਜੱਸਾ ਫਗਵਾੜਾ
ਨੋਟ: ਸਿਰਫ਼ ਸੱਦੇ ਹੋਏ ਅਖਾੜਿਆਂ ਦੇ ਪਹਿਲਵਾਨਾਂ ਦੀਆਂ ਹੀ ਕੁਸ਼ਤੀਆਂ ਹੋਣਗੀਆਂ।
ਭੁਪਿੰਦਰ ਅਜਨਾਲਾ (ਪੰਜਾਬ ਕੇਸਰੀ)
ਪ੍ਰਿਤਪਾਲ ਫਗਵਾੜਾ (ਭਾਰਤ ਕੇਸਰੀ)
ਵੱਲੋਂ: ਗ੍ਰਾਮ ਪੰਚਾਇਤ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂਹ ਨਗਰ ਨਿਵਾਸੀ ਪਿੰਡ ਢੰਡੋਵਾਲ
ਸੰਪਰਕ: 98151-02950, 82840-32366, 97798-12352
ਛਿੰਝ ਮੇਲੇ ਦਾ ਲਾਈਵ ਪ੍ਰਸਾਰਣ
ਆਵਾਜ਼ਿ ਕੌਮ AWAZE QAUM WEB TV
'ਤੇ ਦੇਖਿਆ ਜਾ ਸਕਦਾ ਹੈ।







ਆਵਾਜ਼ਿ ਕੌਮ
AWAZE QAUM
International Newspaper & WEB TV




# ਕਥਾ ਵਿਚਾਰ

## ਮਿਤੀ 06/01/2025 ਤੋਂ 12/01/2025

## ਸਮਾਂ 6:15pm



# ਗੁਰੂ ਹਰਿਗੋਬਿੰਦ ਸਾਹਿਬ ਜੀ ਟਿਵਿਡੇਲ ਬਰਮੀਗਮ

# ਗਿਆਨੀ ਬਘੇਲ ਸਿੰਘ ਜੀ

ਹੁਕਮੇ ਆਵੈ ਹੁਕਮੇ ਜਾਵੈ ਹੁਕਮੇ ਰਹੈ ਸਮਾਈ ॥

BY HIS COMMAND WE COME, AND BY HIS COMMAND WE GO; BY HIS COMMAND, WE MERGE IN ABSORPTION.

# SHINDO 'PINDI' KAUR MANDAIR

# ਬੀਬੀ ਪਿੰਦੀ ਕੌਰ ਮੰਡੇਰ

2nd July 1948- 29th December 2024



## WEDNESDAY 15TH JANUARY 2025

ਅੰਤਮ ਦਰਸ਼ਨ ANTAM DARSHAN: 11:45 AM
GURDWARA NANAKSAR, 3 PETERBOROUGH ROAD,
SOUTHAMPTON, SO14 6HY

ਅੰਤਮ ਸੰਸਕਾਰ ANTAM SANSKAR: 1PM
SOUTHAMPTON CREMATORIUM, BASSETT GREEN ROAD,
SOUTHAMPTON, SO16 3QB

ਸ੍ਰੀ ਸਹਿਜ ਪਾਠ ਦੇ ਭੋਗ ਅਤੇ ਗੁਰੂ ਕਾ ਲੰਗਰ - FOLLOWED BY SEHAJ PATH BHOG AND GURU KA LANGAR GURDWARA NANAKSAR

ਨਵੀਂ ਮੁੰਬਈ ਦੇ ਗੁਰਦੁਆਰਿਆਂ ਨੇ ਇਹ ਕਰ ਵਖਾਇਆ !

**ਸੁਪਰੀਮ ਕੌਂਸਲ ਨਵੀਂ ਮੁੰਬਈ ਗੁਰਦੁਆਰਾਜ਼**

ਲੰਮੇ ਅਰਸੇ ਤੋਂ ਉਡੀਕੇ ਜਾ ਰਹੇ ਐਕਟ ਨੂੰ

**ਨਵੀਂ ਮੂੰਬਈ ਮਿਊਨੀਸੀਪਲ ਕਾਰਪੋਰੇਸ਼ਨ (NMMC)**

ਵਿਚ ਲਾਗੂ ਕਰਵਾਇਆ !

ਹੁਣ ਸਾਰੇ ਸਿੱਖ ਵਿਆਹ NMMC ਵਿਚ

**"ਆਨੰਦ ਕਾਰਜ ਮੈਰਿਜ ਐਕਟ"**

ਦੇ ਤਹਿਤ ਰਜਿਸਟਰ ਕੀਤੇ ਜਾ ਸਕਣਗੇ।

Navi Mumbai Gurdwara's makes it happen!

**Supreme Council Navi Mumbai Gurdwaras**

implements the much-awaited Act with

**Navi Mumbai Municipal Corporation.**

Now all Sikh Marriages can be registered

with NMMC under the

**"ANAND KARAJ MARRIAGE ACT"**

ਆਵਾਜ਼ਿ ਕੌਮ AWAZE QAUM International Newspaper & WEB TV




## ਖਾਲਸਾ ਪੰਥ ਸ੍ਰੀ ਅਕਾਲ ਤਖ਼ਤ ਤੋਂ ਭਗੌੜੇ ਸੁਖਬੀਰ ਬਾਦਲ ਨੂੰ ਕਦੇ ਮੂੰਹ ਨਾ ਲਾਵੇ

# ਸ਼੍ਰੋਮਣੀ ਕਮੇਟੀ ਗਿਆਨੀ ਹਰਪ੍ਰੀਤ ਸਿੰਘ ਖਿਲਾ.ਫ ਚਲਦੀ ਜਾਂਚ ਤੁਰੰਤ ਬੰਦ ਕਰੇ' : ਪੰਜੋਲੀ

**ਅੰਮ੍ਰਿਤਸਰ , 8 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸੀਨੀਅਰ ਪੰਥਕ ਆਗੂ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਕਰਨੈਲ ਸਿੰਘ ਪੰਜੋਲੀ ਨੇ ਸਮੂਹ ਸਿਖ ਜਗਤ ਨੂੰ ਸੱਦਾ ਦਿੱਤਾ ਹੈ ਕਿ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਭਗੌੜੇ ਸੁਖਬੀਰ ਸਿੰਘ ਬਾਦਲ ਤੇ ਉਸ ਦੇ ਸਾਥੀਆਂ ਨੂੰ ਕਦੇ ਵੀ ਮੂੰਹ ਨਾ ਲਾਉਣ। ਜਥੇਦਾਰ ਪੰਜੋਲੀ ਨੇ ਅੱਜ ਇਥੇ ਜਾਰੀ ਕੀਤੇ ਗਏ ਆਪਣੇ ਇਕ ਲਿਖਤੀ ਬਿਆਨ ਵਿਚ ਕਿਹਾ ਹੈ ਕਿ ਸੁਖਬੀਰ ਸਿੰਘ ਬਾਦਲ ਅਤੇ ਉਸ ਦੇ ਸਾਥੀਆਂ ਨੇ ਸਭ ਕੁਝ ਜਾਣਦਿਆਂ ਹੋਇਆਂ ਵੀ ਸਿਰਫ਼ ਚੌਧਰ ਤੇ

ਆਵਾਜ਼ਿ ਕੌਮ AWAZE QAUM International Newspaper & WEB TV

ਹਉਮੈ ਕਾਰਨ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਏ 2 ਦਸੰਬਰ ਨੂੰ ਹੋਏ ਇਤਿਹਾਸਕ ਹੁਕਮਨਾਮਿਆਂ ਨੂੰ ਲਾਗੂ ਨਾ ਕਰਨ ਦਾ ਬਜਰ ਗੁਨਾਹ ਕੀਤਾ ਹੈ। ਉਹਨਾਂ ਕਿਹਾ ਕਿ ਇਹਨਾਂ ਹੁਕਮਨਾਮਿਆਂ ਦੇ ਲਾਗੂ ਹੋਣ ਨਾਲ ਅਕਾਲੀ ਦਲ ਤੋਂ ਇਕ ਪਰਿਵਾਰ ਦਾ ਗਲਬਾ ਖ਼ਤਮ ਹੋ ਕੇ ਅਕਾਲੀ ਏਕਤਾ ਰਾਹੀਂ ਪੰਥਕ ਸ਼ਕਤੀ ਇਕੱਠੀ ਹੋਣ ਦਾ ਰਾਹ ਖੁੱਲਣਾ ਸੀ। ਪਰ ਸੁਖਬੀਰ ਸਿੰਘ ਬਾਦਲ ਨੂੰ ਪੰਥ ਤੇ ਪੰਜਾਬ ਦੀ ਚੜ੍ਹਦੀ ਕਲਾ ਨਹੀਂ ਪੰਥ ਦੀਆਂ ਸਿਆਸੀ ਤੇ ਧਾਰਮਿਕ ਸੰਸਥਾਵਾਂ ਉਪਰ ਆਪਣੇ ਟੱਬਰ ਦਾ ਗਲਬੇ ਤੋਂ ਬਿਨਾਂ ਹੋਰ ਕੁਝ ਵੀ ਮਨਜ਼ੂਰ ਨਹੀਂ ਹੈ। ਪੰਥਕ ਆਗੂ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਵਲੋਂ ਇਕ ਵਾਰ ਫਿਰ ਅਕਾਲੀ ਦਲ ਨੂੰ ਤਖ਼ਤ ਸਾਹਿਬ ਦੇ ਹੁਕਮਨਾਮੇ ਇੰਨ-ਬਿੰਨ ਲਾਗੂ





ਕਰਨ ਦੀ ਨਸੀਹਤ ਦੇਣ ਤੋਂ ਬਾਅਦ ਕਿਸੇ ਸਿੱਖ ਨੂੰ ਵੀ ਇਹ ਭੁਲੇਖ਼ਾ ਨਹੀਂ ਰਹਿਣਾ ਚਾਹੀਦਾ ਕਿ ਸੁਖਬੀਰ ਸਿੰਘ ਬਾਦਲ ਤੇ ਉਸ ਦੇ ਸਾਥੀ ਆਪਣੇ ਸੌੜੇ ਸਿਆਸੀ ਹਿੱਤਾਂ ਲਈ ਹੁਕਮਨਾਮੇ ਮੰਨਣ ਤੋਂ ਇਨਕਾਰੀ ਹਨ। ਉਹਨਾਂ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਵਲੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਖਿਲਾ.ਫ ਇਕ ਪੁਰਾਣੇ ਕੇਸ ਦੇ ਬਹਾਨੇ ਸ਼੍ਰੋਮਣੀ ਕਮੇਟੀ ਵਲੋਂ ਕੀਤੀ ਜਾ ਰਹੀ ਜਾਂਚ-ਪੜਤਾਲ ਨੂੰ ਮੁੱਢੋਂ ਰੱਦ ਕਰ ਕੇ ਇਹ ਸਪਸ਼ਟ ਕਰ ਦਿਤਾ ਗਿਆ ਹੈ ਕਿ ਤਖ਼ਤ ਸਾਹਿਬਾਨ ਦੇ ਜਥੇਦਾਰ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮ ਨਹੀਂ ਹਨ। ਜਥੇਦਾਰ ਪੰਜੋਲੀ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਤੇ ਅੰਤਿੰਗ ਕਮੇਟੀ ਦੇ ਮੈਂਬਰਾਂ ਨੂੰ ਬੇਨਤੀ ਕੀਤੀ ਹੈ ਕਿ ਉਹ ਤੁਰੰਤ ਆਪਣੀ ਮੀਟਿੰਗ ਬੁਲਾ ਕੇ ਗਿਆਨੀ ਹਰਪ੍ਰੀਤ ਸਿੰਘ ਦੇ ਕੇਸ ਦੀ ਜਾਂਚ ਬੰਦ ਕਰ ਕੇ ਇਸ ਲਈ ਕਮੇਟੀ ਨੂੰ ਭੰਗ ਕਰਨ। ਉਹਨਾਂ ਕਿਹਾ ਕਿ ਇਸ ਸਮੇਂ ਦੀ ਸਥਿਤੀ ਵਿਚ ਸ਼੍ਰੋਮਣੀ ਕਮੇਟੀ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਟਕਰਾਅ ਵਿਚ ਖੜ੍ਹੀ ਨਜ਼ਰ ਆ ਰਹੀ ਹੈ ਜਦੋਂ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਨਾਮਿਆਂ ਨੂੰ ਲਾਗੂ ਕਰਨ ਤੇ ਕਰਾਉਣ ਦਾ ਸਭ ਤੋਂ ਪਹਿਲਾ ਫ਼ਰਜ਼ ਹੀ ਸ਼੍ਰੋਮਣੀ ਕਮੇਟੀ ਦਾ ਹੈ।

ਪੰਥਕ ਆਗੂ ਨੇ ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਤੇ ਹੋਰਨਾਂ ਅਕਾਲੀ ਆਗੂਆਂ ਨੂੰ ਕਿਹਾ ਕਿ ਉਹ ਸੁਖ਼ਬੀਰ ਸਿੰਘ ਬਾਦਲ ਦੀਆਂ ਚਾਲਾਂ ਤੇ ਸੌੜੀ ਸਿਆਸਤ ਨੂੰ ਸਮਝਣ ਜਿਸ ਨੇ ਬੜੀ ਚਲਾਕੀ ਨਾਲ ਅਸਤੀਫ਼ਾ ਦੇਣ ਦਾ ਢੌਂਗ ਰਚ ਕੇ ਆਪਣੇ ਆਪ ਨੂੰ ਲਾਂਭੇ ਕਰ ਲਿਆ ਹੈ ਅਤੇ ਉਹਨਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਟਕਰਾਅ ਦੇ ਰਾਹ ਤੋਰ ਦਿੱਤਾ ਹੈ। ਉਹਨਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੇ ਸਾਥੀਆਂ ਨੂੰ ਸਮਝ ਲੈਣਾ ਚਾਹੀਦਾ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਟਕਰਾਉਣ ਤੇ ਇਸ ਸਰਬਉੱਚ ਸੰਸਥਾ ਦੇ ਹੁਕਮਨਾਮਿਆਂ ਤੋਂ ਭਗੌੜੇ ਹੋਣ ਵਾਲੇ ਸਿਖਾਂ ਦਾ ਕੀ ਹਸ਼ਰ ਹੁੰਦਾ ਹੈ। ਜਥੇਦਾਰ ਪੰਜੋਲੀ ਨੇ ਸਿੱਖ ਜਗਤ ਨੂੰ ਮੁੜ ਯਾਦ ਕਰਾਇਆ ਹੈ ਕਿ 2 ਦਸੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜ ਸਿੰਘ ਸਾਹਿਬਾਨ ਵਲੋਂ ਸੁਖਬੀਰ ਸਿੰਘ ਬਾਦਲ ਸਮੇਤ ਅਕਾਲੀ ਦਲ ਦੀ ਮੌਜੂਦਾ ਲੀਡਰਸ਼ਿਪ ਨੂੰ ਇਹ ਕਹਿ ਕੇ ਰੱਦ ਕਰ ਦਿਤਾ ਸੀ ਕਿ ਆਪਣੇ ਬਜ਼ਰ ਗੁਨਾਹਾਂ ਕਾਰਨ ਇਹ ਸਿਖ ਪੰਥ ਦੀ ਅਗਵਾਈ ਕਰਨ ਦਾ ਨੈਤਿਕ ਹੱਕ ਗਵਾਹ ਚੁੱਕੇ ਹਨ। ਉਹਨਾਂ ਕਿਹਾ ਕਿ ਇਸ ਲਈ ਸਿੱਖ ਜਗਤ ਇਹਨਾਂ ਦਾ ਮੁਕੰਮਲ ਬਾਈਕਾਟ ਕਰੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਮੁਲਾਜ਼ਮ ਯੂਨਾਈਟਿਡ ਔਰਗੇਨਾਈਜੇਸਨ (ਰਜਿ.)

# ਡਵੀਜ਼ਨ ਧੂਰੀ ਨੇ ਨਵੇਂ ਸਾਲ ਦਾ ਕੈਲੰਡਰ ਜਾਰੀ ਕੀਤਾ

ਧੂਰੀ ( ਰਣਜੀਤ ਸਿੰਘ ਪੇਧਨੀ ) ਮੁਲਾਜ਼ਮ ਯੂਨਾਈਟਿਡ ਔਰਗੇਨਾਈਜੇਸਨ( ਰਜਿ) Pspcl.pstcl ਡਵੀਜ਼ਨ ਧੂਰੀ ਦੇ ਜੁਝਾਰੂ ਸਾਥੀਆਂ ਵੱਲੋਂ ਮਹੀਨਾਵਾਰ ਮੀਟਿੰਗ FFK V ਗਰਿੱਡ ਵਿਖੇ ਮੀਤ ਪ੍ਰਧਾਨ ਮੇਵਾ ਸਿੰਘ ਮੀਮਸਾ ਦੀ ਪ੍ਰਧਾਨਗੀ ਹੇਠ ਕੀਤੀ ਗਈ,,ਵੱਖ ਵੱਖ ਆਗੂ ਸਹਿਬਾਨਾਂ ਨੇ,,ਆਪਣੇ ਵਿਚਾਰ ਪੇਸ਼ ਕੀਤੇ,,ਅਤੇ ਮਨੇਜਮੈਂਟ ਖਿਲਾਫ ਆਪਣਾਂ ਰੋਸ ਜ਼ਾਹਰ ਕੀਤਾ,, ਬਿਜਲੀ ਬੋਰਡ ਦੀਆਂ ਲੱਗਭਗ ਸਾਰੀਆਂ ਜਥੇਬੰਦੀਆਂ ਸੰਘਰਸ਼ ਦੇ ਰਾਹ ਤੇ ਹਨ, ਕਿਉਂਕਿ ਕਾਫ਼ੀ ਲੰਮੇ ਸਮੇਂ ਤੋਂ ਇਹ ਮਨੇਜਮੈਂਟ,, ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਟਾਲਮਟੋਲ ਕਰ ਰਹੀ ਹੈ,, 3♣1289/16,, ਵਿੱਚ 2800 ਭਰਤੀ ਮੁਲਾਜ਼ਮਾਂ ਨੂੰ ਇਕੱਠੇ ਸਹਾਇਕ ਲਾਈਨਮੈਨ ਤੋ ਲਾਈਨਮੈਨ ਬਣਾਉਣ ਦੀ ਮੰਗ,,3♣1 295 /19 ਦੇ 25 ਸਾਥੀਆਂ ਨੂੰ ਮੁੜ ਬਹਾਲ ਕਰਨਾ"✵☛▲299/22 ਵਿਚ ਭਰਤੀ ਮੁਲਾਜ਼ਮਾਂ ਨੂੰ ਬਰਾਬਰ ਕੰਮ ਬਰਾਬਰ ਤਨਖਾਹ ਦੇ ਸਿਧਾਂਤ ਅਨੁਸਾਰ ਪੰਜਾਬ ਦੇ ਛੇਵੇਂ ਸਕੇਲ ਦੇਣ ਦੀ ਮੰਗ,, ਤਾਂ ਜੋ ਇਕੋਂ ਕੇਡਰ ਵਿੱਚ ਕੋਈ ਵਿਤਕਰਾ ਨਾ ਹੋ ਸਕੇ, ਕਰੰਟ ਲੱਗਣ ਨਾਲ ਮੌਤ ਹੋ ਜਾਣ ਤੇ,, ਬਿਜਲੀ ਮੁਲਾਜ਼ਮਾਂ ਨੂੰ ਸ਼ਹੀਦ ਦਾ ਦਰਜਾ ਅਤੇ ਪਰਿਵਾਰ ਦੀ ਸਹਾਇਤਾ ਲਈ,,ਇਕ ਕਰੋੜ ਦੀ ਰਾਸ਼ੀ ਦੇਣ ਸਬੰਧੀ,, ਬਿਜਲੀ ਮੁਲਾਜ਼ਮਾਂ ਨੂੰ ਯੂਨਿਟਾ ਵਿੱਚ ਛੋਟ,ਅਤੇ ਐਨ ਪੀ ਐਸ ਖਤਮ ਕਰਕੇ ਪੁਰਾਣੀ ਪੈਨਸ਼ਨ ਦੀ ਬਹਾਲੀ ਅਤੇ ਅਪਰੈਟਿਸਿਪ ਕਰ ਚੁੱਕੇ ਸਾਥੀਆਂ ਨੂੰ ਰੁਜ਼ਗਾਰ ਦੇਣਾ ਆਦਿ ਮੰਗਾਂ ਤੇ ਵਿਚਾਰ ਚਰਚਾ ਕੀਤੀ ਗਈ। ਇਸ ਤੋਂ ਬਾਅਦ ਨਵੇਂ ਸਾਲ ਦਾ ਕੈਲੰਡਰ ਐਕਸੀਅਨ ਇੰਦਰਜੀਤ ਸਿੰਘ ਅਤੇ ਜਸਵਿੰਦਰ ਸਿੰਘ ਅੱਤਰੀ ਜੀ ਨੇ ਰਲੀਜ਼ ਕੀਤਾ। ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਸਾਥੀ ਮੌਜੂਦ ਸਨ*। ਜਿਨ੍ਹਾਂ ਵਿੱਚ ਰਮਨਜੀਤ ਲਾਲੀ , ਜਗਜੀਤ ਜੱਗੀ, ਸੰਦੀਪ ਸੋਨੀ, ਕੁਲਵਿੰਦਰ ਸਿੰਘ, ਵਰਿੰਦਰ ਸਿੰਘ, ਚਰਨਜੀਤ ਖੁਰਮੀ, ਮਨਜੀਤ ਸਿੰਘ, ਅਨਿਲ ਕੁਮਾਰ, ਲਖਵਿੰਦਰ ਸਿੰਘ, ਵਿੱਕੀ ਧੂਰੀ, ਹਰਿੰਦਰ ਆਦਿ ਆਗੂ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ਼੍ਰੋਮਣੀ ਕਮੇਟੀ ਦੀਆਂ ਵੋਟਾਂ ਸਬੰਧੀ ਪ੍ਰਕਾਸ਼ਿਤ ਮੁੱਢਲੀਆਂ ਸੂਚੀਆਂ ਦੋਸ਼ ਪੂਰਨ- ਐਡਵੋਕੇਟ ਹਰਜਿੰਦਰ ਸਿੰਘ ਧਾਮੀ

## ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਗੁਰਦੁਆਰਾ ਚੋਣ ਕਮਿਸ਼ਨਰ ਨੂੰ ਲਿਖਿਆ ਪੱਤਰ

**ਅੰਮ੍ਰਿਤਸਰ, 10 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਗੁਰਦੁਆਰਾ ਚੋਣ ਕਮਿਸ਼ਨਰ ਜਸਟਿਸ ਐੱਸ ਐੱਸ ਸਾਰੋਂ ਨੂੰ ਪੱਤਰ ਲਿਖ ਕੇ ਕਮਿਸ਼ਨ ਵੱਲੋਂ ਸ਼੍ਰੋਮਣੀ ਕਮੇਟੀ ਦੀਆਂ ਆਮ ਚੋਣਾਂ ਸਬੰਧੀ ਪ੍ਰਕਾਸ਼ਿਤ ਮੁੱਢਲੀ ਸੂਚੀਆਂ ਦੇ ਸਬੰਧ ਵਿੱਚ ਇਤਰਾਜ਼ ਦਰਜ ਕਰਵਾਏ ਹਨ।ਉਨ੍ਹਾਂ ਕਿਹਾ ਕਿ ਪ੍ਰਕਾਸ਼ਿਤ ਕੀਤੀ ਗਈਆਂ ਸੂਚੀਆਂ ਵਿੱਚ ਕਈ ਗ਼ੈਰ ਸਿੱਖਾਂ ਦੇ ਨਾਮ ਸਾਹਮਣੇ ਆ ਰਹੇ ਹਨ, ਜਿਨ੍ਹਾਂ ਦੇ ਨਾਵਾਂ ਨਾਲ ਸਿੰਘ ਅਤੇ ਕੌਰ ਵੀ ਸ਼ਾਮਲ ਨਹੀਂ ਹੈ। ਇਸ ਤੋਂ ਇਲਾਵਾ ਸੂਚੀਆਂ ਵਿੱਚ ਵੋਟਰਾਂ ਦੀ ਸ਼ਨਾਖਤ ਲਈ ਪਛਾਣ ਦਰਸਾਉਂਦੀਆਂ ਫੋਟੋਆਂ ਵੀ ਸ਼ਾਮਲ ਨਹੀਂ ਕੀਤੀਆਂ ਗਈਆਂ।ਪ੍ਰਕਾਸ਼ਿਤ ਕੀਤੀਆਂ ਸੂਚੀਆਂ ਹਾਸਲ ਕਰਨ ਵਿੱਚ ਵੀ ਸਿੱਖ ਸੰਗਤ ਨੂੰ ਵੱਡੀਆਂ ਪਰੇਸ਼ਾਨੀਆਂ ਆ ਰਹੀਆਂ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਇਸ ਚੱਲ ਰਹੀ ਪ੍ਰਕਿਰਿਆ ਤਹਿਤ ਸਹੀ ਤਰੀਕੇ ਨਾਲ ਇਤਰਾਜ਼ ਦਰਜ ਕਰਵਾਉਣੇ ਸੰਭਵ ਨਹੀਂ ਹਨ ਅਤੇ ਇਸ ਸਭ ਤੋਂ ਪੰਜਾਬ ਸਰਕਾਰ ਦੀ ਮਨਮਰਜ਼ੀ ਸਪੱਸ਼ਟ ਹੋ ਰਹੀ ਹੈ, ਜਿਸ ਸਬੰਧੀ ਸ਼੍ਰੋਮਣੀ ਕਮੇਟੀ ਪਹਿਲਾਂ ਹੀ ਖ਼ਦਸ਼ੇ ਪ੍ਰਗਟ ਕਰ ਚੁੱਕੀ ਹੈ। ਉਨ੍ਹਾਂ ਕਿਹਾ ਕਿ ਇੰਝ ਜਾਪਦਾ ਹੈ ਕਿ ਬਿਨਾਂ ਫੋਟੋਆਂ ਵਾਲੀਆਂ ਸੂਚੀਆਂ ਵੋਟਰਾਂ ਵੱਲੋਂ ਫੋਟੋ ਸਮੇਤ ਜਮ੍ਹਾਂ ਕਰਵਾਏ ਗਏ ਫਾਰਮਾਂ ਦੀ ਥਾਂ ਬੂਥ ਪੱਧਰ ਉੱਤੇ ਤਾਇਨਾਤ ਬੀਐੱਲਓ ਵੱਲੋਂ ਵਿਧਾਨ ਸਭਾ ਤੇ ਲੋਕ ਸਭਾ ਚੋਣਾਂ ਸਬੰਧੀ ਸੂਚੀਆਂ ਵਿੱਚੋਂ ਚੁੱਕ ਕੇ ਤਿਆਰ ਕੀਤੀਆਂ ਗਈਆਂ ਹੋਣ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੀ ਬਿਹਤਰ ਪ੍ਰਬੰਧਕੀ ਵਿਵਸਥਾ ਲਈ ਇਹ ਜ਼ਰੂਰੀ ਹੈ ਕਿ ਇਸ ਸੰਸਥਾ ਦੇ ਮੈਂਬਰ ਚੁਣਨ ਲਈ ਵੋਟਰ ਵੀ ਨਿਯਮਾਂ ਅਨੁਸਾਰ ਯੋਗ ਤਰੀਕੇ ਨਾਲ ਹੀ ਰਜਿਸਟਰ ਕੀਤੇ ਜਾਣ। ਲਿਖੇ ਪੱਤਰ ਵਿੱਚ ਐਡਵੋਕੇਟ ਧਾਮੀ ਨੇ ਮੁੱਖ ਕਮਿਸ਼ਨਰ ਗੁਰਦੁਆਰਾ ਚੋਣਾਂ ਪਾਸੋਂ ਮੰਗ ਕੀਤੀ ਹੈ ਕਿ ਵੋਟਰ ਸੂਚੀਆਂ ਦੀ ਆਨਲਾਈਨ ਅਤੇ ਬਣਾਏ ਗਏ ਕੇਂਦਰਾਂ ਉੱਤੇ ਉਪਲੱਬਧਤਾ ਯਕੀਨੀ ਬਣਾਈ ਜਾਵੇ। ਗੁਰਦੁਆਰਾ ਚੋਣ ਕਮਿਸ਼ਨ ਵੱਲੋਂ ਵੋਟਰ ਰਜਿਸਟ੍ਰੇਸ਼ਨ ਪ੍ਰਕਿਰਿਆ ਸਮੇਂ ਫ਼ੋਟੋਆਂ ਸਮੇਤ ਫਾਰਮ ਜਮ੍ਹਾਂ ਕਰਵਾਉਣ ਦੀਆਂ ਹਦਾਇਤਾਂ ਦੇ ਮੱਦੇਨਜ਼ਰ ਸੂਚੀਆਂ ਵੋਟਰਾਂ ਦੀਆਂ ਫੋਟੋਆਂ ਸਮੇਤ ਪ੍ਰਕਾਸ਼ਿਤ ਕੀਤੀਆਂ ਜਾਣ, ਤਾਂ ਤੋ ਪਤਾ ਲੱਗ ਸਕੇ ਕਿ ਵੋਟਰ ਬਣਨ ਵਾਲਾ ਵਿਅਕਤੀ ਸਾਬਤ ਸੂਰਤ/ਕੇਸਾਧਾਰੀ ਸਿੱਖ ਹੈ। ਉਨ੍ਹਾਂ ਗ਼ੈਰ-ਸਿੱਖਾਂ ਦੇ ਸ਼ਾਮਲ ਨਾਮ ਖਾਰਜ ਕਰਨ ਦੇ ਆਦੇਸ਼ ਜਾਰੀ ਕਰਨ ਦੀ ਵੀ ਮੰਗ ਕੀਤੀ।



ਆਵਾਜ਼ਿ ਕੌਮ AWAZE QAUM International Newspaper & WEB TV

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ 19 ਜਨਵਰੀ ਨੂੰ ਹੋਣ ਜਾ ਰਹੀ ਚੋਣ ਵਿੱਚ ਹਲਕਾ ਕਾਲਾਂਵਾਲੀ ਦੇ ਵਾਰਡ ਨੰਬਰ 35 ਤੋਂ ਉਮੀਦਵਾਰ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੂੰ ਮਿਲ ਰਿਹਾ ਭਾਰੀ ਸਮਰਥਨ

## ਵੱਡੀ ਗਿਣਤੀ ਵਿੱਚ ਹਾਜ਼ਰ ਸਿੱਖ ਸੰਗਤਾਂ ਨੇ ਜੈਕਾਰਿਆਂ ਦੀ ਗੂੰਜ 'ਚ ਦਿੱਤੀ ਹਮਾਇਤ








ਆਵਾਜ਼ਿ ਕੌਮ AWAZE QAUM International Newspaper & WEB TV





ਕਾਲਾਂਵਾਲੀ, 10 ਜਨਵਰੀ (ਗੁਰਜੰਟ ਸਿੰਘ ਨਥੇਹਾ)- ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ 19 ਜਨਵਰੀ ਨੂੰ ਹੋਣ ਜਾ ਰਹੀ ਚੋਣ ਵਿੱਚ ਹਲਕਾ ਕਾਲਾਂਵਾਲੀ ਦੇ ਵਾਰਡ ਨੰਬਰ 35 ਤੋਂ ਉਮੀਦਵਾਰ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੋਣ ਨਿਸ਼ਾਨ ਸਮੁੰਦਰੀ ਜਹਾਜ਼ ਪਿੰਡ ਦਾਦੂ, ਦੇਸੂ ਮਲਕਾਣਾ, ਚਕੇਰੀਆਂ, ਜਲਾਲਆਣਾ ਵਿੱਚ ਸੰਗਤਾਂ ਦੇ ਦਰਸ਼ਨ ਕੀਤੇ ਬਹੁਤ ਭਾਰੀ ਸਮਰਥਨ ਮਿਲਿਆ। ਇਸ ਸਮੇਂ ਜਥੇਦਾਰ ਦਾਦੂਵਾਲ ਦੇ ਨਾਲ ਪਿੰਡ ਚਕੇਰੀਆਂ ਦੇ ਸਰਪੰਚ ਗੁਰਮੀਤ ਸਿੰਘ, ਜਲਾਲਆਣਾ ਦੇ ਬੰਤਾ ਸਿੰਘ ਵੜਿੰਗ, ਕੁਲਦੀਪ ਸਿੰਘ ਮੁਨੀ, ਬੀਬੀ ਦਰਸ਼ਨ ਕੌਰ ਜੌੜਾ ਕਾਲਾਂਵਾਲੀ, ਬਾਬਾ ਵਾਹਿਗੁਰੂ ਸਿੰਘ ਗ੍ਰੰਥੀ ਜਲਾਲਆਣਾ, ਬਾਬਾ ਧਰਮਿੰਦਰ ਸਿੰਘ ਗ੍ਰੰਥੀ ਚਕੇਰੀਆਂ, ਸ੍ਰ. ਸੁਖਦੇਵ ਸਿੰਘ ਬੜਾਗੁੜਾ, ਸਿੰਘਪੁਰਾ ਦੇ ਸਰਪੰਚ ਮੋਹਨਪ੍ਰੀਤ ਸਿੰਘ ਔਲਖ, ਸਾਬਕਾ ਸਰਪੰਚ ਦਰਸ਼ਨ ਸਿੰਘ, ਸਾਬਕਾ ਸਰਪੰਚ ਨਿਸ਼ਾਨ ਸਿੰਘ, ਚੇਅਰਮੈਨ ਹਰਦਿਆਲ ਸਿੰਘ ਗਦਰਾਣਾ, ਮਾਸਟਰ ਰਣਜੀਤ ਸਿੰਘ ਕਲੌੜ ਕਿਸਾਨ ਯੂਨੀਅਨ ਦੇ ਆਗੂ ਗੁਰਜੀਤ ਸਿੰਘ ਕੋਟਲਾ, ਦਾਦੂ ਦੇ ਨੰਬਰਦਾਰ ਗੁਰਮੇਲ ਸਿੰਘ, ਸਾਬਕਾ ਸਰਪੰਚ ਦਰਸ਼ਨ ਸਿੰਘ, ਤਖਤਮੱਲ ਗੁਰੂ ਘਰ ਦੇ ਪ੍ਰਧਾਨ ਦਰਸ਼ਨ ਸਿੰਘ, ਗੁਰਬਖਸ਼ ਸਿੰਘ ਤਖਤਮੱਲ, ਡਾਕਟਰ ਹਰਬੰਸ ਸਿੰਘ ਕੇਵਲ, ਡਿਪਟੀ ਸਿੰਘ ਦਾਦੂ, ਬਾਬਾ ਕਾਲਾ ਸਿੰਘ ਗ੍ਰੰਥੀ ਚਕੇਰੀਆਂ, ਸੋਹਣ ਸਿੰਘ ਗਰੇਵਾਲ, ਪਾਲਾ ਸਿੰਘ ਦਾਦੂ ਸਮੇਤ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਦਿੱਲੀ ਅੰਦੋਲਨ 2 ਦੇ ਸੱਦੇ ਤੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵਲੋਂ

# 15 ਜਿਲ੍ਹਿਆਂ ਵਿੱਚ ਕੇਂਦਰ ਸਰਕਾਰ ਖ਼ਿਲਾਫ਼ ਅਰਥੀ ਫੂਕ ਮੁਜ਼ਾਹਰੇ







**ਚੰਡੀਗੜ੍ਹ, 10 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਕਿਸਾਨ ਮਜ਼ਦੂਰ ਮੋਰਚਾ ਅਤੇ ਸੰਯੁਕਤ ਕਿਸਾਨ ਮੋਰਚਾ ( ਗੈਰ ਰਾਜਨੀਤਿਕ ) ਦੀ ਅਗਵਾਈ ਵਿੱਚ ਕਿਸਾਨ ਮਜ਼ਦੂਰ ਮੰਗਾਂ ਲਾਗੂ ਕਰਵਾਉਣ ਲਈ ਜਾਰੀ ਦਿੱਲੀ ਅੰਦੋਲਨ 2 ਦੇ ਸੱਦੇ ਨੂੰ ਲਾਗੂ ਕਰਦੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ ਅਤੇ ਸੂਬਾ ਜਨਰਲ ਸਕੱਤਰ ਰਾਣਾ ਰਣਬੀਰ ਸਿੰਘ ਦੀ ਅਗਵਾਈ ਵਿੱਚ ਪੰਜਾਬ ਦੇ 15 ਜਿਲ੍ਹਿਆਂ ਦੇ ਸੈਕੜੇ ਪਿੰਡਾਂ ਵਿੱਚ ਕੇਂਦਰ ਸਰਕਾਰ ਖ਼ਿਲਾਫ਼ ਅਰਥੀ ਫੂਕ ਮੁਜ਼ਾਹਰੇ ਕੀਤੇ ਗਏ। ਇਸ ਮੌਕੇ ਆਗੂਆਂ ਕਿਹਾ ਕਿ ਕੇਂਦਰ ਸਰਕਾਰ ਨੂੰ ਕੰਧ ਤੇ ਲਿਖਿਆ ਪੜ੍ਹ ਲੈਣਾ ਚਾਹੀਦਾ ਹੈ ਅਤੇ ਕਿਸਾਨਾਂ ਮਜ਼ਦੂਰਾਂ ਦੀਆਂ ਹਾਕੀ ਮੰਗਾਂ ਪ੍ਰਤੀ ਜਲਦ ਤੋਂ ਜਲਦ ਸੁਹਿਰਦਤਾ ਨਾਲ ਵਿਚਾਰ ਕਰਨਾ ਚਾਹੀਦਾ ਹੈ। ਉਹਨਾਂ ਕਿਹਾ ਕਿ ਡੱਲੇਵਾਲ ਜੀ ਦੀ ਸਿਹਤ ਲਗਾਤਾਰ ਨਿਗਾਰ ਵੱਲ ਜਾ ਰਹੀ ਹੈ ਔਰ ਇਸ ਦੀ ਸਿੱਧੀ ਸਿੱਧੀ ਜਿੰਮੇਵਾਰੀ ਕੇਂਦਰ ਸਰਕਾਰ ਦੀ ਬਣਦੀ ਹੈ। ਉਹਨਾਂ ਦੱਸਿਆ ਕਿ ਇਸ ਵਾਰ 13 ਜਨਵਰੀ ਨੂੰ ਲੋਹੜੀ ਵਾਲੇ ਦਿਨ ਕੇਂਦਰ ਸਰਕਾਰ ਵੱਲੋਂ ਖੇਤੀ ਮੰਡੀ ਨੂੰ ਨਿੱਜੀ ਹੱਥਾਂ ਵਿੱਚ ਦੇਣ ਵਾਲਾ ਲਿਆਂਦੀ ਮੰਡੀਕਰਨ ਨੀਤੀ ਦੇ ਖਰੜੇ ਨੂੰ ਲੋਹੜੀ ਵਿੱਚ ਫੂਕ ਕੇ ਦੇਸ਼ ਦੇ ਲੋਕਾਂ ਨੂੰ ਲੋਹੜੀ ਮਨਾਉਣ ਦਾ ਐਲਾਨ ਦੋਨਾਂ ਮੋਰਚਿਆਂ ਵੱਲੋਂ ਕੀਤਾ ਗਿਆ ਹੈ। ਉਹਨਾਂ ਕਿਹਾ ਕਿ ਸ਼ੰਭੂ ਬਾਰਡਰ ਤੇ ਸਰਕਾਰ ਦੀਆਂ ਨੀਤੀਆਂ ਤੋਂ ਤੰਗ ਆ ਕੇ ਕਿਸਾਨ ਰੇਸ਼ਮ ਸਿੰਘ ਪਹੂਵਿੰਡ ਜਿਨਾਂ ਨੇ ਆਤਮਹੱਤਿਆ ਕਰ ਲਈ ਸੀ ਉਹਨਾਂ ਨੂੰ ਸਰਕਾਰ ਵੱਲੋਂ 25 ਲੱਖ ਮੁਆਵਜ਼ਾ ਪਰਿਵਾਰ ਨੂੰ ਇੱਕ ਨੌਕਰੀ ਅਤੇ ਸਾਰਾ ਕਰਜਾ ਮਾਫ ਕਰਨ ਦੀ ਮੰਗ ਤੁਰੰਤ ਮੰਨੀ ਜਾਵੇ ਜਿੰਨੀ ਦੇਰ ਇਹ ਮੰਗਾਂ ਨਹੀਂ ਮੰਨੀਆਂ ਜਾਂਦੀਆਂ ਉਹਨਾਂ ਦਾ ਸਸਕਾਰ ਨਹੀਂ ਕੀਤਾ ਜਾਵੇਗਾ ਅਤੇ ਅਗਰ ਸਰਕਾਰ ਇਸ ਵਿੱਚ ਕੋਈ ਢਿਲ ਦਿਖਾਉਂਦੀ ਹੈ ਤਾਂ ਤਿੱਖੇ ਐਕਸ਼ਨ ਦਾ ਐਲਾਨ ਵੀ ਕੀਤਾ ਜਾਵੇਗਾ।ਉਹਨਾਂ ਕਿਹਾ ਕਿ ਜਿੰਨੀ ਦੇਰ ਤੱਕ ਕੇਂਦਰ ਸਰਕਾਰ ਵੱਲੋਂ ਇਸ ਅੰਦੋਲਨ ਦੀਆਂ ਮੰਗਾਂ ਮੰਨੀਆਂ ਨਹੀਂ ਜਾਂਦੀਆਂ ਓਨੀ ਦੇਰ ਤੱਕ ਇਹ ਸੰਘਰਸ਼ ਜਾਰੀ ਰਹੇਗਾ। ਇਸ ਮੌਕੇ ਵੱਖ ਵੱਖ ਥਾਵਾਂ ਤੇ ਸੂਬਾਈ ਆਗੂ ਸਤਨਾਮ ਸਿੰਘ ਪੰਨੂ, ਸਵਿੰਦਰ ਸਿੰਘ ਚੁਤਾਲਾ, ਗੁਰਬਚਨ ਸਿੰਘ ਚੱਬਾ, ਜਰਮਨਜੀਤ ਸਿੰਘ ਬੰਡਾਲਾ, ਸਤਨਾਮ ਸਿੰਘ ਮਾਣੋਚਾਲ, ਰਜਿੰਦਰ ਸਿੰਘ ਛੱਕਰੀ, ਲਖਵਿੰਦਰ ਸਿੰਘ ਵਰਿਆਮ ਨੰਗਲ, ਸਰਵਣ ਸਿੰਘ ਪੰਧੇਰ, ਹਰਮਿੰਦਰ ਸਿੰਘ ਮਸਾਣੀਆਂ, ਗੁਰਲਾਲ ਸਿੰਘ ਪੰਡੋਰੀ ਰਣ ਸਿੰਘ, ਰਣਜੀਤ ਸਿੰਘ ਕਲੇਰ ਬਾਲਾ, ਸਲਵਿੰਦਰ ਸਿੰਘ ਜਾਣੀਆ, ਪਰਮਜੀਤ ਸਿੰਘ ਭੁੱਲਾ, ਹਰਪ੍ਰੀਤ ਸਿੰਘ ਸਿੱਧਵਾਂ, ਕੰਵਰਦਲੀਪ ਸੈਦੋਲੇਹਲ ਤੋਂ ਇਲਾਵਾ ਹਜ਼ਾਰਾਂ ਦੀ ਗਿਣਤੀ ਦੇ ਵਿੱਚ ਕਿਸਾਨ ਮਜ਼ਦੂਰ ਅਤੇ ਔਰਤਾਂ ਹਾਜ਼ਰ ਰਹੇ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਗੁਰਦੁਆਰਾ ਚੋਣ ਕਮਿਸ਼ਨਰ ਨੂੰ ਲਿਖਿਆ ਪੱਤਰ

# ਸ਼੍ਰੋਮਣੀ ਕਮੇਟੀ ਦੀਆਂ ਵੋਟਾਂ ਸਬੰਧੀ ਪ੍ਰਕਾਸ਼ਿਤ ਮੁੱਢਲੀਆਂ ਸੂਚੀਆਂ ਦੋਸ਼ ਪੂਰਣ- ਐਡਵੋਕੇਟ ਹਰਜਿੰਦਰ ਸਿੰਘ



**ਅੰਮ੍ਰਿਤਸਰ, 10 ਜਨਵਰੀ (ਆਵਾਜ਼ਿ ਕੌਮ ਬਿਊਰੋ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਗੁਰਦੁਆਰਾ ਚੋਣ ਕਮਿਸ਼ਨਰ ਜਸਟਿਸ ਐੱਸ ਐੱਸ ਸਾਰੋਂ ਨੂੰ ਪੱਤਰ ਲਿਖ ਕੇ ਕਮਿਸ਼ਨ ਵੱਲੋਂ ਸ਼੍ਰੋਮਣੀ ਕਮੇਟੀ ਦੀਆਂ ਆਮ ਚੋਣਾਂ ਸਬੰਧੀ ਪ੍ਰਕਾਸ਼ਿਤ ਮੁੱਢਲੀ ਸੂਚੀਆਂ ਦੇ ਸਬੰਧ ਵਿੱਚ ਇਤਰਾਜ਼ ਦਰਜ ਕਰਵਾਏ ਹਨ। ਉਨ੍ਹਾਂ ਕਿਹਾ ਕਿ ਪ੍ਰਕਾਸ਼ਿਤ ਕੀਤੀ ਗਈਆਂ ਸੂਚੀਆਂ ਵਿੱਚ ਕਈ ਗ਼ੈਰ ਸਿੱਖਾਂ ਦੇ ਨਾਮ ਸਾਹਮਣੇ ਆ ਰਹੇ ਹਨ, ਜਿਨ੍ਹਾਂ ਦੇ ਨਾਵਾਂ ਨਾਲ ਸਿੰਘ ਅਤੇ ਕੌਰ ਵੀ ਸ਼ਾਮਲ ਨਹੀਂ ਹੈ। ਇਸ ਤੋਂ ਇਲਾਵਾ ਸੂਚੀਆਂ ਵਿੱਚ ਵੋਟਰਾਂ ਦੀ ਸ਼ਨਾਖਤ ਲਈ ਪਛਾਣ ਦਰਸਾਉਂਦੀਆਂ ਫੋਟੋਆਂ ਵੀ ਸ਼ਾਮਲ ਨਹੀਂ ਕੀਤੀਆਂ ਗਈਆਂ।ਪ੍ਰਕਾਸ਼ਿਤ ਕੀਤੀਆਂ ਸੂਚੀਆਂ ਹਾਸਲ ਕਰਨ ਵਿੱਚ ਵੀ ਸਿੱਖ ਸੰਗਤ ਨੂੰ ਵੱਡੀਆਂ ਪਰੇਸ਼ਾਨੀਆਂ ਆ ਰਹੀਆਂ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਇਸ ਚੱਲ ਰਹੀ ਪ੍ਰਕਿਰਿਆ ਤਹਿਤ ਸਹੀ ਤਰੀਕੇ ਨਾਲ ਇਤਰਾਜ਼ ਦਰਜ ਕਰਵਾਉਣੇ ਸੰਭਵ ਨਹੀਂ ਹਨ ਅਤੇ ਇਸ ਸਭ ਤੋਂ ਪੰਜਾਬ ਸਰਕਾਰ ਦੀ ਮਨਮਰਜ਼ੀ ਸਪੱਸ਼ਟ ਹੋ ਰਹੀ ਹੈ, ਜਿਸ ਸਬੰਧੀ ਸ਼੍ਰੋਮਣੀ ਕਮੇਟੀ ਪਹਿਲਾਂ ਹੀ ਖ਼ਦਸ਼ੇ ਪ੍ਰਗਟ ਕਰ ਚੁੱਕੀ ਹੈ।ਉਨ੍ਹਾਂ ਕਿਹਾ ਕਿ ਇੰਝ ਜਾਪਦਾ ਹੈ ਕਿ ਬਿਨਾਂ ਫੋਟੋਆਂ ਵਾਲੀਆਂ ਸੂਚੀਆਂ ਵੋਟਰਾਂ ਵੱਲੋਂ ਫੋਟੋ ਸਮੇਤ ਜਮ੍ਹਾਂ ਕਰਵਾਏ ਗਏ ਫਾਰਮਾਂ ਦੀ ਥਾਂ ਬੂਥ ਪੱਧਰ ਉੱਤੇ ਤਾਇਨਾਤ ਬੀਐੱਲਓ ਵੱਲੋਂ ਵਿਧਾਨ ਸਭਾ ਤੇ ਲੋਕ ਸਭਾ ਚੋਣਾਂ ਸਬੰਧੀ ਸੂਚੀਆਂ ਵਿੱਚੋਂ ਚੁੱਕ ਕੇ ਤਿਆਰ ਕੀਤੀਆਂ ਗਈਆਂ ਹੋਣ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੀ ਬਿਹਤਰ ਪ੍ਰਬੰਧਕੀ ਵਿਵਸਥਾ ਲਈ ਇਹ ਜ਼ਰੂਰੀ ਹੈ ਕਿ ਇਸ ਸੰਸਥਾ ਦੇ ਮੈਂਬਰ ਚੁਣਨ ਲਈ ਵੋਟਰ ਵੀ ਨਿਯਮਾਂ ਅਨੁਸਾਰ ਯੋਗ ਤਰੀਕੇ ਨਾਲ ਹੀ ਰਜਿਸਟਰ ਕੀਤੇ ਜਾਣ। ਲਿਖੇ ਪੱਤਰ ਵਿੱਚ ਐਡਵੋਕੇਟ ਧਾਮੀ ਨੇ ਮੁੱਖ ਕਮਿਸ਼ਨਰ ਗੁਰਦੁਆਰਾ ਚੋਣਾਂ ਪਾਸੋਂ ਮੰਗ ਕੀਤੀ ਹੈ ਕਿ ਵੋਟਰ ਸੂਚੀਆਂ ਦੀ ਆਨਲਾਈਨ ਅਤੇ ਬਣਾਏ ਗਏ ਕੇਂਦਰਾਂ ਉੱਤੇ ਉਪਲੱਬਧਤਾ ਯਕੀਨੀ ਬਣਾਈ ਜਾਵੇ। ਗੁਰਦੁਆਰਾ ਚੋਣ ਕਮਿਸ਼ਨ ਵੱਲੋਂ ਵੋਟਰ ਰਜਿਸਟ੍ਰੇਸ਼ਨ ਪ੍ਰਕਿਰਿਆ ਸਮੇਂ ਫ਼ੋਟੋਆਂ ਸਮੇਤ ਫਾਰਮ ਜਮ੍ਹਾਂ ਕਰਵਾਉਣ ਦੀਆਂ ਹਦਾਇਤਾਂ ਦੇ ਮੱਦੇਨਜ਼ਰ ਸੂਚੀਆਂ ਵੋਟਰਾਂ ਦੀਆਂ ਫੋਟੋਆਂ ਸਮੇਤ ਪ੍ਰਕਾਸ਼ਿਤ ਕੀਤੀਆਂ ਜਾਣ, ਤਾਂ ਤੋ ਪਤਾ ਲੱਗ ਸਕੇ ਕਿ ਵੋਟਰ ਬਣਨ ਵਾਲਾ ਵਿਅਕਤੀ ਸਾਬਤ ਸੂਰਤ/ਕੇਸਾਧਾਰੀ ਸਿੱਖ ਹੈ। ਉਨ੍ਹਾਂ ਗ਼ੈਰ-ਸਿੱਖਾਂ ਦੇ ਸ਼ਾਮਲ ਨਾਮ ਖਾਰਜ ਕਰਨ ਦੇ ਆਦੇਸ਼ ਜਾਰੀ ਕਰਨ ਦੀ ਵੀ ਮੰਗ ਕੀਤੀ।

# ਅਕਾਲ ਯੂਨੀਵਰਸਿਟੀ ਦੇ ਮੁਕਾਬਲੇਬਾਜ਼ੀ ਪ੍ਰੀਖਿਆ ਕੇਂਦਰ ਵੱਲੋਂ ਮਸ਼ਹੂਰ ਕੋਚਿੰਗ ਸੰਸਥਾ ਆਈ.ਏ.ਐਸ ਬਾਬਾ ਨਾਲ ਇੱਕ ਪ੍ਰੋਗਰਾਮ ਦਾ ਆਯੋਜਨ





**ਤਲਵੰਡੀ ਸਾਬੋ, 10 ਜਨਵਰੀ (ਗੁਰਜੰਟ ਸਿੰਘ ਨਥੇਹਾ)**- ਅਕਾਲ ਯੂਨੀਵਰਸਿਟੀ ਦੇ ਮੁਕਾਬਲੇਬਾਜ਼ੀ ਪ੍ਰੀਖਿਆ ਕੇਂਦਰ ਵੱਲੋਂ ਮਸ਼ਹੂਰ ਕੋਚਿੰਗ ਸੰਸਥਾ ਆਈ.ਏ.ਐੱਸ ਬਾਬਾ ਨਾਲ ਇੱਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਅਕਾਲ ਸੀ.ਸੀ.ਈ ਤੋਂ ਸ਼੍ਰੀ ਮੁਜ਼ੱਮਿਲ ਖਾਨ ਵੱਲੋਂ ਸਵਾਗਤੀ ਸ਼ਬਦਾਂ ਰਾਹੀਂ ਕੀਤੀ ਗਈ। ਉਹਨਾਂ ਨੇ ਸਮਾਗਮ ਦੀ ਰੂਪਰੇਖਾ ਦੱਸਦਿਆਂ ਸਾਂਝੇਦਾਰੀ ਦੇ ਦ੍ਰਿਸ਼ਟੀਕੋਣ ਦੀ ਸੰਖੇਪ ਰੂਪ ਵਿਚ ਗੱਲ ਵੀ ਕੀਤੀ। ਸਮਾਗਮ ਦੇ ਉਦਘਾਟਨ ਸਮਾਰੋਹ ਵਿੱਚ ਅਕਾਲ ਯੂਨੀਵਰਸਿਟੀ ਦੇ ਮਾਨਯੋਗ ਵਾਈਸ ਚਾਂਸਲਰ ਪ੍ਰੋ. ਗੁਰਮੇਲ ਸਿੰਘ, ਆਈ.ਏ.ਐਸ ਬਾਬਾ ਦੇ ਸੰਸਥਾਪਕ ਸ਼੍ਰੀ ਮੋਹਨ ਕੁਮਾਰ, ਸ੍ਰ. ਬੀ.ਐਸ ਗਿੱਲ (ਸਿਵਲ ਸਰਵਿਸਿਜ਼ ਕੰਸਲਟੈਂਟ), ਸ੍ਰ. ਪ੍ਰਗਟ ਸਿੰਘ ਬਰਾੜ, ਸ੍ਰ. ਕਮਲਜੀਤ ਸਿੰਘ, ਡੀਨ ਅਕਾਦਮਿਕ ਮਾਮਲੇ ਮੇਜਰ ਜਨਰਲ ਜੀ.ਐਸ ਲਾਂਬਾ, ਰਜਿਸਟਰਾਰ ਡਾ. ਸਵਰਨ ਸਿੰਘ, ਡਾਇਰੈਕਟਰ ਆਈ.ਕਿਊ.ਏ.ਸੀ ਡਾ. ਸੁਖਜੀਤ ਸਿੰਘ ਸਹਿਤ ਕਈ ਹੋਰ ਪ੍ਰਸਿੱਧ ਸਿੱਖਿਆ ਸ਼ਾਸਤਰੀ ਅਤੇ ਪ੍ਰਸ਼ਾਸਨਿਕ ਆਗੂ ਸ਼ਾਮਲ ਹੋਏ। ਸ਼੍ਰੀ ਮੋਹਨ ਕੁਮਾਰ ਨੇ ਇੱਕ ਉਤਸ਼ਾਹਜਨਕ ਭਾਸ਼ਣ ਦਿੱਤਾ, ਜਿਸ ਵਿੱਚ ਉਨ੍ਹਾਂ ਨੇ ਭਵਿੱਖ ਦੇ ਸਿਵਲ ਸੇਵਕਾਂ ਨੂੰ ਵਿਕਸਤ ਕਰਨ ਲਈ ਆਈ.ਏ.ਐਸ ਬਾਬਾ ਦੀ ਵਚਨਬੱਧਤਾ ਦੇ ਨਾਲ-ਨਾਲ ਸੰਸਥਾ ਦੀਆਂ ਰਚਨਾਤਮਕ ਵਿਧੀਆਂ ਅਤੇ ਵਿਦਿਆਰਥੀਆਂ ਦੀ ਸਫਲਤਾ ਲਈ ਅਕਾਲ ਯੂਨੀਵਰਸਿਟੀ ਦੀ ਸਮਰਪਣ ਭਾਵਨਾ ਵਿਚਕਾਰ ਤਾਲਮੇਲ 'ਤੇ ਜ਼ੋਰ ਦਿੱਤਾ। ਸ਼੍ਰੀ ਬੀ.ਐਸ ਗਿੱਲ, ਸ਼੍ਰੀ ਪੀ.ਐਸ ਬਰਾੜ ਅਤੇ ਸ਼੍ਰੀ ਕਮਲਜੀਤ ਸਿੰਘ ਨੇ ਕੇਂਦ੍ਰਿਤ ਕੋਚਿੰਗ ਦੀ ਮਹੱਤਤਾ ਅਤੇ ਯੂ.ਪੀ.ਐਸ.ਸੀ ਵਰਗੇ ਮੁਕਾਬਲੇ ਦੇ ਟੈਸਟਾਂ 'ਚ ਉੱਤਮਤਾ ਪ੍ਰਾਪਤ ਕਰਨ ਲਈ ਲੋੜੀਂਦੇ ਵਿਆਪਕ ਵਿਕਾਸ 'ਤੇ ਆਪਣੇ ਵਿਚਾਰ ਪੇਸ਼ ਕੀਤੇ। ਉਨ੍ਹਾਂ ਦੇ ਦ੍ਰਿਸ਼ਟੀਕੋਣਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਸ ਦੂਰਦਰਸ਼ੀ ਪ੍ਰੋਜੈਕਟ ਵਿੱਚ ਵਿਦਿਆਰਥੀਆਂ ਦੇ ਜੀਵਨ ਨੂੰ ਬਦਲਣ ਦੀ ਅਥਾਹ ਸਮਰੱਥਾ ਹੈ। ਉਦਘਾਟਨ ਸਮਾਰੋਹ ਮਾਨਯੋਗ ਵਾਈਸ ਚਾਂਸਲਰ ਦੇ ਇੱਕ ਉਤਸ਼ਾਹਜਨਕ ਬਿਆਨ ਨਾਲ ਸਮਾਪਤ ਹੋਇਆ, ਉਨ੍ਹਾਂ ਨੇ ਅਕਾਲ ਯੂਨੀਵਰਸਿਟੀ ਨਾਲ ਸਹਿਯੋਗ ਕਰਨ ਲਈ ਆਈ.ਏ.ਐਸ ਬਾਬਾ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਦੱਸਿਆ ਕਿ ਇਸ ਤਰ੍ਹਾਂ ਦੀ ਭਾਈਵਾਲੀ ਕਿਵੇਂ ਅਕਾਦਮਿਕ ਅਤੇ ਮੁਕਾਬਲੇਬਾਜ਼ੀ ਦੇ ਦ੍ਰਿਸ਼ਟੀਕੋਣ ਨਾਲ ਮੇਲ ਖਾਂਦੀ ਹੈ। ਅਜਿਹੇ ਸੰਸਥਾਈ ਸਹਿਯੋਗ ਨਾਲ ਨਿਸ਼ਚਿਤ ਤੌਰ 'ਤੇ ਯੂ.ਪੀ.ਐਸ.ਸੀ ਉਮੀਦਵਾਰਾਂ ਨੂੰ ਵਿਆਪਕ ਅਤੇ ਉੱਨਤ ਕੋਚਿੰਗ ਮੋਡਿਊਲ, ਸੰਕਲਪਿਕ ਸਪੱਸ਼ਟਤਾ ਅਤੇ ਰਣਨੀਤਕ ਯੋਜਨਾਬੰਦੀ ਅਤੇ ਪ੍ਰੀਖਿਆ ਦੀ ਪ੍ਰਭਾਵਸ਼ਾਲੀ ਤਿਆਰੀ ਵਿਚ ਮਹੱਤਵਪੂਰਨ ਸਹਾਇਤਾ ਮਿਲੇਗੀ।

# ਭਾਈ ਨਿਰਵੈਰ ਸਿੰਘ ਸਿੱਧੂ ਕਿਲੀ ਸਾਬਕਾ ਸਰਪੰਚ ਪਿੰਡ ਕਿਲੀ ਪ੍ਰਧਾਨ ਆੜ੍ਹਤੀਆਂ ਐਸੋਸੀਏਸ਼ਨ ਲੱਖੋਕੇ ਬਹਿਰਾਮ ਨੂੰ ਗਹਿਰਾ ਸਦਮਾ ਭਾਣਜੇ ਗੁਰਬੀਰ ਸਿੰਘ ਭੁੱਲਰ ਅਕਾਲ ਚਲਾਣਾ ਕਰ ਗਏ ਪਾਠ ਦਾ ਭੋਗ ਤੇ ਅੰਤਿਮ ਅਰਦਾਸ 11 ਜਨਵਰੀ ਨੂੰ



ਫਿਰੋਜ਼ਪੁਰ 10 ਜਨਵਰੀ (ਮਨੋਹਰ ਲਾਲ): ਭਾਈ ਨਿਰਵੈਰ ਸਿੰਘ ਸਿੱਧੂ ਕਿਲੀ ਸਾਬਕਾ ਸਰਪੰਚ ਪਿੰਡ ਕਿਲੀ ਪ੍ਰਧਾਨ ਆੜ੍ਹਤੀਆਂ ਐਸੋਸੀਏਸ਼ਨ ਲੱਖੋਕੇ ਬਹਿਰਾਮ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਭਾਣਜੇ ਗੁਰਬੀਰ ਸਿੰਘ ਭੁੱਲਰ ਸ਼ਿਵਾਲਿਕ ਵਿਹਾਰ ਜੀਰਕਪੁਰ ਸਪੁੱਤਰ ਸਵਰਗਵਾਸੀ ਸਰਦਾਰ ਸੋਹਣ ਸਿੰਘ ਭੁੱਲਰ ਜਿਨ੍ਹਾਂ ਦਾ ਦੇਹਾਂਤ 5 ਜਨਵਰੀ ਦਿਨ ਐਤਵਾਰ ਨੂੰ ਪਿੰਡ ਕਿਲੀ ਵਿਖੇ ਹੋ ਗਿਆ ਸੀ।ਸਰਦਾਰ ਗੁਰਬੀਰ ਸਿੰਘ ਭੁੱਲਰ ਆਪਣੀ ਜ਼ਿੰਦਗੀ ਦੀਆਂ 42 ਕੁ ਬਹਾਰਾਂ ਵੇਖ ਕੇ ਇਸ ਫਾਨੀ ਸੰਸਾਰ ਨੂੰ ਸਦਾ ਸਦਾ ਲਈ ਅਲਵਿਦਾ ਕਹਿ ਗਏ। ਅਸੀਂ ਵਾਹਿਗੁਰੂ ਦੀ ਸੱਚੇ ਪਾਤਸ਼ਾਹ ਜੀ ਅੱਗੇ ਬੇਨਤੀ ਕਰਦੇ ਹਾਂ ਕਿ ਵਾਹਿਗੁਰੂ ਸੱਚੇ ਪਾਤਸ਼ਾਹ ਸਰਦਾਰ ਗੁਰਬੀਰ ਸਿੰਘ ਭੁੱਲਰ ਨੂੰ ਆਪਣੇ ਚਰਨਾ ਵਿਚ ਨਿਵਾਸ ਬਖਸ਼ਣ, ਪਿੱਛੇ ਪਰਿਵਾਰ ਭਰਾ ਸਰਦਾਰ ਗੁਰਨੈਬ ਭੁੱਲਰ ਫਰੀਦਕੋਟ, ਦਿਲਬਾਗ ਸਿੰਘ ਸਿੱਧੂ ਮਾਮਾ ਪਿੰਡ ਕਿਲੀ, ਭਾਈ ਨਿਰਵੈਰ ਸਿੰਘ ਸਿੱਧੂ ਸਾਬਕਾ ਸਰਪੰਚ ਪਿੰਡ ਕਿਲੀ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਲੱਖੋਕੇ ਬਹਿਰਾਮ, ਪਰਿਵਾਰ ਰਿਸ਼ਤੇਦਾਰ ਸਾਕ ਸਬੰਧੀਆਂ ਅਤੇ ਸਮੂਹ ਭੁੱਲਰ ਅਤੇ ਸਿੱਧੂ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ। ਗੁਰਬੀਰ ਸਿੰਘ ਭੁੱਲਰ ਦੀ ਅੰਤਿਮ ਅਰਦਾਸ ਅਤੇ ਸਹਿਜ ਪਾਠ ਸਾਹਿਬ ਦਾ ਭੋਗ 11 ਜਨਵਰੀ 2025 ਦਿਨ ਸ਼ਨੀਵਾਰ ਨੂੰ 12 ਵਜੇ ਤੋਂ 1 ਵਜੇ ਤੱਕ ਗੁਰਦੁਆਰਾ ਛਾਬਸਰ ਸਾਹਿਬ ਜੀ ਬਾਬਾ ਬੋਰੀ ਵਾਲਾ ਫਿਰੋਜ਼ਪੁਰ ਫਾਜ਼ਿਲਕਾ ਰੋਡ ਪਿੰਡ ਕਰੀ ਕਲਾਂ ਫਿਰੋਜ਼ਪੁਰ ਵਿਖੇ ਪਾਏ ਜਾਣਗੇ।

ਸੀਨੀਅਰ ਪੱਤਰਕਾਰ ਤਰਸੇਮ ਸਿੰਘ ਸਾਧਪੁਰ ਦੀ ਸਪੁੱਤਰੀ ਦੇ ਵਿਆਹ ਆਨੰਦ ਕਾਰਜ 'ਤੇ

# ਇਲਾਕੇ ਦੀਆਂ ਮਹਾਨ ਸ਼ਖ਼ਸੀਅਤ ਨੇ ਜੋੜੀ ਨੂੰ ਦਿੱਤਾ ਆਸ਼ੀਰਵਾਦ











**ਚੌਕ ਮਹਿਤਾ, 10 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਦੇ ਸੀਨੀਅਰ ਪੱਤਰਕਾਰ ਸ, ਤਰਸੇਮ ਸਿੰਘ ਸਾਧਪੁਰ ਦੀ ਸਪੁੱਤਰੀ ਪ੍ਰਬਜੋਤ ਕੌਰ ਅਤੇ ਸੁਖਜਿੰਦਰ ਸਿੰਘ ਸਪੁੱਤਰ ਸ, ਰਣਜੀਤ ਸਿੰਘ ਵਾਸੀ ਪਿੰਡ ਰੁਮਾਣੇ ਚੱਕ ਨਜਦੀਕ ਮਜੀਠਾ ਨਾਲ ਹੋਇਆ ਸੁਭਾਗ ਭਰੀ ਜੋੜੀ ਨੂੰ ਆਸ਼ੀਰਵਾਦ ਦੇਣ ਲਈ ਇਲਾਕੇ ਦੀਆਂ ਮਹਾਨ ਸਖਸੀਅਤ ਨੇ ਆਸ਼ੀਰਵਾਦ ਦਿੱਤਾ। ਵਿਸੇਸ ਤੌਰ ਤੇ ਮੀਰੀ ਪੀਰੀ ਦੇ ਮਾਲਕ ਸਾਹਿਬ ਛੇਵੇ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਦੀ ਪਵਿੱਤਰ ਪਾਵਨ ਅਸਥਾਨ ਗੁਰਦੁਆਰਾ ਗੁਰੂ ਬੇਰ ਸਾਹਿਬ ਬੋਪਾਰਾਏ( ਮੱਤੇਵਾਲ) ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਸੱਜਣ ਸਿੰਘ ਜੀ ਤੋਂ ਇਲਾਵਾ ਸਾਬਕਾ ਐਮ ਐਲ ਏ, ਡਾ, ਦਿਲਬੀਰ ਸਿੰਘ ਵੇਰਕਾ, ਸ਼੍ਰੋਮਣੀ ਕਮੇਟੀ ਮੈਂਬਰ ਬਿਕਰਮਜੀਤ ਸਿੰਘ ਕੋਟਲਾ, ਸਾਬਕਾ ਚੇਅਰਮੈਨ ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ,ਗੁਰਮੁੱਖ ਸਿੰਘ ਸਾਬਾ ਉਦੋਂ ਨੰਗਲ, ਬਾਬਾ ਸੁਖਵੰਤ ਸਿੰਘ ਚੰਨਣਕੇ, ਸੀਨੀਅਰ ਪੱਤਰਕਾਰ ਗੁਰਪ੍ਰੀਤ ਸਿੰਘ ਮੱਤੇਵਾਲ, ਦਾਰਾ ਸਿੰਘ ਭੀਲੋਵਾਲ, ਝਿਲਮਿਲ ਸਿੰਘ ਸਾਧਪੁਰ, ਸਰਪੰਚ ਸਰਬਜੀਤ ਸਿੰਘ ਸਾਧਪਰ, ਭਾਈ ਦਲੇਰ ਸਿੰਘ ਸਾਧਪਰ, ਸਤਪਾਲ ਸਿੰਘ ਢੱਡੇ, ਦਵਿੰਦਰ ਸਿੰਘ ਤਰਸਿੱਕਾ, ਸੁਖਵਿੰਦਰ ਸਿੰਘ ਭੀਲੋਵਾਲ, ਸਰਪੰਚ ਪ੍ਰੇਮ ਸਿੰਘ ਤਰਫਾਨ, ਗੁਰਵਿੰਦਰ ਸਿੰਘ ਉਦੋਨੰਗਲ, ਗੁਰਦੀਪ ਸਿੰਘ ਰੰਧਾਵਾ ਅਤੇ ਹੋਰ ਸਰਪੰਚ ਪੰਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸੰਭੂ ਬਾਰਡਰ ਉਤੇ ਇਕ ਹੋਰ ਕਿਸਾਨ ਵੱਲੋਂ ਕੀਤੀ ਖੁਦਕਸ਼ੀ ਅਤੇ ਡੱਲੇਵਾਲ ਦਾ ਮੌਤ ਵਲ ਵਧਣਾ

# ਹੁਕਮਰਾਨਾਂ ਨੂੰ ਵਿਸਫੋਟਨੁਮਾ ਗੰਭੀਰ ਸੰਦੇਸ਼ ਦਿੰਦੀ ਹੈ, ਮੋਦੀ ਹਕੂਮਤ ਉਸ ਨੂੰ ਸਮਝੇ : ਮਾਨ



**ਨਵੀਂ ਦਿੱਲੀ, 10 ਜਨਵਰੀ (ਮਨਪ੍ਰੀਤ ਸਿੰਘ ਖਾਲਸਾ)**:- "ਕਿਸਾਨੀ ਮੰਗਾਂ ਦੀ ਪੂਰਤੀ ਨੂੰ ਮੁੱਖ ਰੱਖਕੇ ਜੋ ਬੀਤੇ 48 ਦਿਨਾਂ ਤੋਂ ਕਿਸਾਨ ਆਗੂ ਸ. ਜਗਜੀਤ ਸਿੰਘ ਡੱਲੇਵਾਲ ਨੇ ਜੋ ਭੁੱਖ ਹੜਤਾਲ ਰੱਖੀ ਹੋਈ ਹੈ ਅਤੇ ਉਸ ਕਿਸਾਨੀ ਲਹਿਰ ਨੂੰ ਮਜਬੂਤੀ ਦੇਣ ਲਈ ਹਜਾਰਾਂ ਦੀ ਗਿਣਤੀ ਵਿਚ ਕਿਸਾਨ, ਮਜਦੂਰ ਆਪੋ ਆਪਣੇ ਟਰੈਕਟਰ, ਟਰਾਲੀਆ ਨਾਲ ਉਥੇ ਇਕੱਤਰ ਹੋ ਚੁੱਕੇ ਹਨ ਅਤੇ ਦਿਨੋ ਦਿਨ ਇਹ ਕਾਫਲਾ ਹਜਾਰਾਂ ਤੋ ਲੱਖਾਂ ਵੱਲ ਵੱਧਦਾ ਜਾ ਰਿਹਾ ਹੈ । ਇਸ ਦੌਰਾਨ ਜੋ ਸੰਭੂ ਬਾਰਡਰ ਉਤੇ ਇਕ ਰੇਸਮ ਸਿੰਘ ਨਾਮ ਦੇ ਕਿਸਾਨ ਵੱਲੋ ਸੈਟਰ ਦੇ ਹੁਕਮਰਾਨਾਂ ਦੇ ਕਿਸਾਨੀ ਜ਼ਬਰ ਵਿਰੁੱਧ ਖੁਦਕਸੀ ਕਰ ਲਈ ਗਈ ਹੈ ਅਤੇ ਸ. ਡੱਲੇਵਾਲ ਆਪਣੇ ਜੀਵਨ ਦੇ ਆਖਰੀ ਸਵਾਸਾਂ ਵੱਲ ਵੱਧ ਰਹੇ ਹਨ, ਇਹ ਸਥਿਤੀ ਹੁਕਮਰਾਨਾਂ ਵੱਲੋ ਕੀਤੇ ਜਾ ਰਹੇ ਜ਼ਬਰ ਵਿਰੁੱਧ ਅਤਿ ਗੰਭੀਰ ਅਤੇ ਵਿਸਫੋਟਕ ਸੁਨੇਹਾ ਦੇ ਰਹੀ ਹੈ । ਜੇਕਰ ਸੈਟਰ ਦੀ ਮੋਦੀ ਹਕੂਮਤ ਨੇ ਅਜੇ ਵੀ ਕਿਸਾਨਾਂ ਦੇ ਇਸ ਵਿਸੇ ਨੂੰ ਗੰਭੀਰਤਾ ਨਾਲ ਨਾ ਲੈਂਦੇ ਹੋਏ ਕਿਸਾਨੀ ਮੰਗਾਂ ਨੂੰ ਪ੍ਰਵਾਨ ਕਰਕੇ ਉੱਠੇ ਬਗਾਵਤੀ ਰੋਹ ਨੂੰ ਸ਼ਾਂਤ ਕਰਨ ਦੇ ਯਤਨ ਨਾ ਕੀਤੇ ਤਾਂ ਸਥਿਤੀ ਕਾਬੂ ਤੋ ਬਾਹਰ ਹੋ ਜਾਵੇਗੀ । ਸਮੁੱਚੇ ਮੁਲਕ ਵਿਚ ਅਰਾਜਕਤਾ ਫੈਲਣ ਤੋ ਇਨਕਾਰ ਨਹੀ ਕੀਤਾ ਜਾ ਸਕੇਗਾ । ਇਸ ਲਈ ਖਨੌਰੀ ਤੇ ਸੰਭੂ ਬਾਰਡਰ ਦੇ ਕਿਸਾਨੀ ਮੋਰਚੇ ਅਤਿ ਗੰਭੀਰ ਸੁਨੇਹਾ ਦੇ ਰਹੇ ਹਨ । ਜਿਸਦੀ ਭਾਵਨਾਵਾ ਨੂੰ ਸਮਝਦੇ ਹੋਏ ਮੋਦੀ ਹਕੂਮਤ ਨੂੰ ਤੁਰੰਤ ਬਿਨ੍ਹਾਂ ਦੇਰੀ ਕੀਤੇ ਕਿਸਾਨੀ ਮਸਲੇ ਨੂੰ ਹੱਲ ਕਰਕੇ ਸਥਿਤੀ ਨੂੰ ਸਹੀ ਰੱਖਣ ਵਿਚ ਯੋਗਦਾਨ ਪਾਉਣਾ ਚਾਹੀਦਾ ਹੈ ।"

ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਕਿਸਾਨੀ ਮੰਗਾਂ ਦੀ ਪੂਰਤੀ ਲਈ ਖਨੌਰੀ ਤੇ ਸੰਭੂ ਬਾਰਡਰ ਉਤੇ ਲੱਗੇ ਮੋਰਚੇ ਸ. ਜਗਜੀਤ ਸਿੰਘ ਡੱਲੇਵਾਲ ਦੀ ਸਥਿਤੀ ਅਤਿ ਗੰਭੀਰਤਾ ਵੱਲ ਵੱਧਣ ਤੇ ਕਿਸਾਨ ਵੱਲੋ ਖੁਦਕਸੀ ਕਰਨ ਦੇ ਨਾਲ-ਨਾਲ ਵੱਡੀ ਗਿਣਤੀ ਵਿਚ ਕਿਸਾਨਾਂ ਵੱਲੋ ਇਨ੍ਹਾਂ ਸਥਾਨਾਂ ਉਤੇ ਭੁੱਖ ਹੜਤਾਲ ਤੇ ਬੈਠਣ ਦੀਆਂ ਆ ਰਹੀਆ ਆਫਰਾ ਦੇ ਗੰਭੀਰ ਮੁੱਦੇ ਉਤੇ ਮੋਦੀ ਹਕੂਮਤ ਤੇ ਪੰਜਾਬ ਹਕੂਮਤ ਨੂੰ ਫੌਰੀ ਅਮਲ ਕਰਨ ਦੀ ਨੇਕ ਰਾਏ ਦਿੰਦੇ ਹੋਏ ਸਥਿਤੀ ਨੂੰ ਕੰਟਰੋਲ ਕਰਨ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਕੇਵਲ ਕਿਸਾਨ ਹੀ ਨਹੀ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਵੱਡੀ ਗਿਣਤੀ ਵਿਚ ਪੰਜਾਬ ਵਿਚ ਵਿਚਰ ਰਹੇ ਮੈਬਰਾਂ ਵੱਲੋ ਤੇ ਆਮ ਕਿਸਾਨਾਂ ਵੱਲੋ ਸਾਨੂੰ ਇਸ ਮੋਰਚੇ ਤੇ ਭੁੱਖ ਹੜਤਾਲ ਤੇ ਬੈਠਣ ਦੇ ਸੁਨੇਹੇ ਆ ਰਹੇ ਹਨ ਜਿਸ ਤੋ ਸਹਿਜੇ ਹੀ ਅੰਦਾਜਾ ਲਗਾਇਆ ਜਾ ਸਕਦਾ ਹੈ ਕਿ ਮੋਦੀ ਹਕੂਮਤ ਦੇ ਪੰਜਾਬ ਸੂਬੇ ਦੇ ਜਿੰਮੀਦਾਰ ਤੇ ਮਜਦੂਰਾਂ ਨਾਲ ਕੀਤੇ ਜਾ ਰਹੇ ਵਿਤਕਰੇ ਵਿਰੁੱਧ ਲੋਕ ਵੱਡੀ ਗਿਣਤੀ ਵਿਚ ਲਾਮਬੰਦ ਹੋ ਕੇ ਇਸ ਚੱਲ ਰਹੇ ਮੋਰਚੇ ਨੂੰ ਫੈਸਲਾਕੁੰਨ ਸਿੱਟੇ ਵੱਲ ਵਧਾਉਣ ਲਈ ਵੱਡੀ ਇੱਛਾ ਰੱਖਦੇ ਹਨ ਜਿਸ ਨਾਲ ਸਥਿਤੀ ਹੋਰ ਵੀ ਗੰਭੀਰ ਹੋ ਜਾਵੇਗੀ । ਉਨ੍ਹਾਂ ਸੁਝਾਅ ਦਿੰਦੇ ਹੋਏ ਕਿਹਾ ਕਿ ਮੁਲਕ ਦੀ ਵੰਡ ਤੋ ਪਹਿਲੇ ਪੰਜਾਬ ਦੇ ਖੇਤੀਬਾੜੀ ਵਜੀਰ ਸਰ ਛੋਟੂ ਰਾਮ ਦੇ ਸਮੇ ਵੀ ਕਿਸਾਨਾਂ ਦੀਆਂ ਮੰਗਾਂ ਪ੍ਰਤੀ ਵੱਡਾ ਰੋਹ ਉੱਠਿਆ ਸੀ ਜਿਸ ਨੂੰ ਸਰ ਛੋਟੂ ਰਾਮ ਨੇ ਸਮੁੱਚੇ ਕਿਸਾਨੀ ਕਰਜਿਆ ਤੇ ਲੀਕ ਮਾਰਕੇ ਉਨ੍ਹਾਂ ਦੀ ਵਿਗੜਦੀ ਜਾ ਰਹੀ ਆਰਥਿਕਤਾ ਨੂੰ ਮਜਬੂਤ ਕੀਤਾ ਸੀ । ਅੱਜ ਵੀ ਸੈਟਰ ਤੇ ਪੰਜਾਬ ਸਰਕਾਰ ਦੀਆਂ ਦਿਸ਼ਾਹੀਣ ਨੀਤੀਆ ਦੀ ਬਦੌਲਤ ਪੰਜਾਬ ਸੂਬੇ ਦੀ ਆਰਥਿਕਤਾ ਨੂੰ ਸਾਜਸੀ ਢੰਗਾਂ ਰਾਹੀ ਡੂੰਘੀ ਸੱਟ ਮਾਰੀ ਜਾ ਰਹੀ ਹੈ । ਪੰਜਾਬ ਦੀ ਸਮੁੱਚੀ ਆਰਥਿਕਤਾ ਕਿਸਾਨ-ਮਜਦੂਰ ਕਿੱਤੇ ਨਾਲ ਸੰਬੰਧਤ ਹੈ । ਇਹੀ ਵਜਹ ਹੈ ਕਿ ਸੈਟਰ ਦੀ ਮੰਦਭਾਵਨਾ ਭਰੀ ਸੋਚ ਅਧੀਨ ਹੀ ਪੰਜਾਬ ਦੇ ਜਿੰਮੀਦਾਰ, ਮਜਦੂਰਾਂ ਨਾਲ ਇਹ ਵੱਡਾ ਵਿਤਕਰਾ ਕੀਤਾ ਜਾ ਰਿਹਾ ਹੈ । ਇਸਦੀ ਸਮੁੱਚੀ ਆਰਥਿਕਤਾ ਨੂੰ ਅੱਗੇ ਵਧਾਉਣ ਲਈ ਮੌਜੂਦਾ ਚੱਲ ਰਹੇ ਕਿਸਾਨ ਮੋਰਚੇ ਦੀਆਂ ਮੰਗਾਂ ਦੀ ਫੌਰੀ ਪੂਰਤੀ ਕਰਨੀ ਬਣਦੀ ਹੈ ਤਾਂ ਕਿ ਪੰਜਾਬ ਦੀ ਆਰਥਿਕਤਾ ਦੀ ਡਾਵਾਡੋਲ ਹੋਈ ਸਥਿਤੀ ਨੂੰ ਸਹੀ ਕੀਤਾ ਜਾ ਸਕੇ ਅਤੇ ਸਮੁੱਚੇ ਪੰਜਾਬੀਆਂ, ਪੰਜਾਬ ਸੂਬੇ ਦੀ ਆਰਥਿਕਤਾ ਨੂੰ ਲਾਇਨ ਤੇ ਲਿਆਂਦਾ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

# ਟੀ.ਬੀ. ਐੱਸ ਇੰਟਰਨੈਸ਼ਨਲ ਸਕੂਲ ਨੇ ਛੁੱਟੀਆਂ ਤੋਂ ਬਾਅਦ ਵਾਪਸ ਪਰਤੇ ਵਿਦਿਆਰਥੀਆਂ ਦਾ ਸਕੂਲ ਵਿੱਚ ਸਵਾਗਤ ਕੀਤਾ




ਫਿਰੋਜ਼ਪੁਰ 10 ਜਨਵਰੀ (ਮਨੋਹਰ ਲਾਲ): ਫ਼ਿਰੋਜ਼ਪੁਰ ਮੋਗਾ ਰੋਡ 'ਤੇ ਸਥਿਤ ਟੀ.ਬੀ. ਐੱਸ ਇੰਟਰਨੈਸ਼ਨਲ ਸਕੂਲ ਜੋ ਕਿ ਚੇਅਰਮੈਨ ਡਾ. ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ-ਰੇਖ ਹੇਠ ਚੱਲ ਰਿਹਾ ਹੈ। ਪਤਝੜ ਦੀਆਂ ਛੁੱਟੀਆਂ ਤੋਂ ਬਾਅਦ ਵਾਪਸ ਪਰਤੇ ਵਿਦਿਆਰਥੀਆਂ ਦਾ ਸਕੂਲ ਵਿੱਚ ਸਵਾਗਤ ਕੀਤਾ ਗਿਆ। ਇਸ ਦੌਰਾਨ ਸਕੂਲ ਦੇ ਅਧਿਆਪਕਾਂ ਵੱਲੋਂ ਵਿਸ਼ੇਸ਼ ਸਭਾ ਦਾ ਆਯੋਜਨ ਕੀਤਾ ਗਿਆ। ਸਵੇਰ ਦੀ ਅਰਦਾਸ ਦੇ ਨਾਲ-ਨਾਲ ਅਧਿਆਪਕਾਂ ਨੇ ਵੀ ਵਿਦਿਆਰਥੀਆਂ ਦਾ ਸਕੂਲ ਵਾਪਸ ਆਉਣ 'ਤੇ ਸਵਾਗਤ ਕਰਨ ਲਈ ਆਪਣੇ ਵਿਚਾਰ ਸਾਂਝੇ ਕੀਤੇ । ਅਧਿਆਪਕਾਂ ਵੱਲੋਂ ਕਰਵਾਈ ਸਭਾ ਵਿੱਚ ਸਾਰੇ ਵਿਦਿਆਰਥੀ ਖੁਸ਼ ਨਜ਼ਰ ਆਏ। ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਪਤਝੜ ਦੀਆਂ ਛੁੱਟੀਆਂ ਤੋਂ ਬਾਅਦ ਸਕੂਲ ਪਰਤਣ 'ਤੇ ਵਿਦਿਆਰਥੀਆਂ ਦਾ ਸਵਾਗਤ ਕੀਤਾ। ਉਨ੍ਹਾਂ ਬੱਚਿਆਂ ਨੂੰ ਪ੍ਰੇਰਿਆ ਕਿ ਉਹ ਆਪਣਾ ਸਾਰਾ ਕੰਮ ਸਮੇਂ ਸਿਰ ਪੂਰਾ ਕਰਨ ਅਤੇ ਪੂਰੀ ਮਿਹਨਤ ਅਤੇ ਲਗਨ ਨਾਲ ਆਪਣੀ ਪੜ੍ਹਾਈ 'ਤੇ ਧਿਆਨ ਦੇਣ ਤਾਂ ਜੋ ਆਉਣ ਵਾਲੀਆਂ ਪ੍ਰੀਖਿਆਵਾਂ 'ਚ ਚੰਗੇ ਅੰਕ ਪ੍ਰਾਪਤ ਕੀਤੇ ਜਾ ਸਕਣ।

ਆਵਾਜ਼ਿ ਕੌਮ AWAZE QAUM International Newspaper & WEB TV

# ਕੈਨੇਡਾ ਦੇ ਇਮੀਗ੍ਰੇਸ਼ਨ ਬਦਲਾਅ ਦਾ ਪੰਜਾਬ 'ਤੇ ਅਸਰ: ਅਭਿਸ਼ੇਕ ਅਰੋੜਾ



ਫਿਰੋਜ਼ਪੁਰ 10 ਜਨਵਰੀ (ਮਨੋਹਰ ਲਾਲ): ਕੈਨੇਡਾ ਦੇ ਇਮੀਗ੍ਰੇਸ਼ਨ ਕਾਨੂੰਨ ਵਿੱਚ ਤਾਜ਼ਾ ਬਦਲਾਵਾਂ ਦਾ ਪੰਜਾਬ ਦੀ ਅਰਥਵਿਵਸਥਾ 'ਤੇ ਡੂੰਘਾ ਪ੍ਰਭਾਵ ਪੈ ਰਿਹਾ ਹੈ। ਲੇਖਕ ਤੇ ਐਜੂਕੇਸ਼ਿਨਸਟ ਅਭਿਸ਼ੇਕ ਅਰੋੜਾ ਨੇ ਦੱਸਿਆ ਕਿ ਇਨ੍ਹਾਂ ਬਦਲਾਵਾਂ ਕਾਰਨ ਆਈਲੈਟਸ ਸੈਂਟਰ, ਇਮੀਗ੍ਰੇਸ਼ਨ ਸੇਵਾਵਾਂ, ਟਿਕਟਿੰਗ, ਟੈਕਸੀ ਸੇਵਾਵਾਂ ਅਤੇ ਯਾਤਰਾ ਕਾਰੋਬਾਰ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਹਨ। 50 ਫੀਸਦੀ ਤੋਂ ਵੱਧ ਆਈਲੈਟਸ ਸੈਂਟਰ ਬੰਦ ਹੋ ਚੁੱਕੇ ਹਨ, ਅਤੇ ਉਨ੍ਹਾਂ ਦੇ ਬਾਹਰ "ਕਿਰਾਏ ਲਈ ਉਪਲਬੱਧ" ਦੇ ਬੋਰਡ ਲੱਗੇ ਹੋਏ ਹਨ। ਵਿਦਿਆਰਥੀਆਂ ਦੀ ਗਿਣਤੀ ਵਿੱਚ ਘਾਟ ਹੌਣ ਕਰਕੇ ਇਮੀਗ੍ਰੇਸ਼ਨ ਉਦਯੋਗ ਨੂੰ ਭਾਰੀ ਨੁਕਸਾਨ ਹੋਇਆ ਹੈ। ਅਭਿਸ਼ੇਕ ਅਰੋੜਾ ਨੇ ਦੱਸਿਆ ਕਿ ਇਹ ਬਦਲਾਵ ਕੈਨੇਡਾ ਦੀ ਐਸਡੀਐਸ (ਸਟੂਡੈਂਟ ਡਾਇਰੈਕਟ ਸਟਰੀਮ) ਯੋਜਨਾ ਦੇ ਖਤਮ ਹੋਣ ਕਾਰਨ ਹੋਏ ਹਨ, ਜੋ ਭਾਰਤੀ ਵਿਦਿਆਰਥੀਆਂ ਲਈ ਵੀਜ਼ਾ ਪ੍ਰਕਿਰਿਆ ਨੂੰ ਤੇਜ਼ ਬਣਾਉਂਦੀ ਸੀ। ਹੁਣ ਇਸਦੇ ਖਤਮ ਹੋਣ ਨਾਲ ਵੀਜ਼ਾ ਪ੍ਰਕਿਰਿਆ ਲੰਬੀ ਅਤੇ ਜਟਿਲ ਹੋ ਗਈ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਹੁਣ ਕੈਨੇਡਾ ਵਿੱਚ ਪੜ੍ਹਾਈ ਲਈ ਲੋੜੀਂਦੇ ਫੰਡ ਪਹਿਲਾਂ 10,000 ਕੈਨੇਡੀਅਨ ਡਾਲਰ ਹੁੰਦੇ ਸਨ, ਜੋ ਹੁਣ ਵਧ ਕੇ 20,000 ਕੈਨੇਡੀਅਨ ਡਾਲਰ ਹੋ ਗਏ ਹਨ। ਇਸਦੇ ਇਲਾਵਾ, ਸਪਾਊਜ਼ ਵੀਜ਼ਾ ਨਿਯਮਾਂ ਵਿੱਚ ਬਦਲਾਵ ਕਰਕੇ ਇਹ ਸਹੂਲਤ ਹੁਣ ਸਿਰਫ ਮਾਸਟਰਜ਼ ਡਿਗਰੀ ਦੇ ਵਿਦਿਆਰਥੀਆਂ ਲਈ ਹੀ ਸੀਮਿਤ ਹੋ ਗਈ ਹੈ, ਜਿਸ ਕਾਰਨ ਸਨਾਤਕ ਸਤਰ ਦੇ ਵਿਦਿਆਰਥੀਆਂ ਨੂੰ ਵੱਡਾ ਝਟਕਾ ਲੱਗਾ ਹੈ। ਉਨ੍ਹਾਂ ਕਿਹਾ ਕਿ ਕੈਨੇਡਾ ਵਿੱਚ ਰੋਜ਼ਗਾਰ ਦੇ ਮੌਕੇ ਘਟ ਰਹੇ ਹਨ, ਰਿਹਾਇਸ਼ ਸੰਕਟ ਵਧ ਰਿਹਾ ਹੈ ਅਤੇ ਮਹਿੰਗਾਈ ਨੇ ਉੱਥੇ ਜ਼ਿੰਦਗੀ ਜਿਊਣਾ ਹੋਰ ਔਖਾ ਬਣਾ ਦਿੱਤਾ ਹੈ। ਸਥਾਈ ਨਿਵਾਸ (ਪੀਆਰ) ਦੇ ਨਿਯਮ ਵੀ ਹੁਣ ਕਠੋਰ ਹੋ ਗਏ ਹਨ। ਹੁਣ ਡਿਪਲੋਮਾ ਜਾਂ 12ਵੀਂ ਦੇ ਬਾਅਦ ਪੀਆਰ ਪ੍ਰਾਪਤ ਕਰਨਾ ਅਸੰਭਵ ਹੈ ਅਤੇ ਇਹ ਸਿਰਫ ਉੱਚ ਸਿੱਖਿਆ ਜਾਂ ਮਾਸਟਰਜ਼ ਡਿਗਰੀ ਧਾਰਕਾਂ ਲਈ ਹੀ ਸੰਭਵ ਹੈ। ਇਨ੍ਹਾਂ ਬਦਲਾਵਾਂ ਕਾਰਨ ਕੈਨੇਡਾ ਦੀ ਪਹਿਲੀ ਪਸੰਦ ਵਜੋਂ ਪ੍ਰਸਿੱਧੀ ਘਟ ਰਹੀ ਹੈ। ਹਾਲਾਂਕਿ, ਇਸ ਨਾਲ ਪੰਜਾਬ ਦੀ ਸਥਾਨਕ ਅਰਥਵਿਵਸਥਾ 'ਤੇ ਸਕਾਰਾਤਮਕ ਅਸਰ ਪਿਆ ਹੈ। ਸਥਾਨਕ ਕਾਲਜਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ ਵਿੱਚ ਵਾਧਾ ਦੇਖਿਆ ਜਾ ਰਿਹਾ ਹੈ। ਇਹ ਬਦਲਾਵ ਪੰਜਾਬ ਲਈ ਇੱਕ ਨਵਾਂ ਮੌਕਾ ਲੈ ਕੇ ਆਇਆ ਹੈ, ਕਿਉਂਕਿ ਹੁਣ ਵਿਦਿਆਰਥੀ ਸਥਾਨਕ ਸਿੱਖਿਆ ਸੰਸਥਾਵਾਂ ਵਿੱਚ ਦਾਖਲਾ ਲੈ ਕੇ ਰਾਜ ਦੇ ਵਿਕਾਸ ਵਿੱਚ ਯੋਗਦਾਨ ਪਾ ਸਕਦੇ ਹਨ। ਅਭਿਸ਼ੇਕ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਤੋਂ ਇਹ ਉਮੀਦ ਕੀਤੀ ਜਾ ਰਹੀ ਹੈ ਕਿ ਉਹ ਯੁਵਕਾਂ ਲਈ ਨਵੇਂ ਰੋਜ਼ਗਾਰ ਦੇ ਮੌਕੇ ਪੈਦਾ ਕਰੇ। ਜੇ ਯੁਵਕਾਂ ਨੂੰ ਸਥਾਨਕ ਪੱਧਰ 'ਤੇ ਆਕਰਸ਼ਕ ਨੌਕਰੀਆਂ ਮਿਲਦੀਆਂ ਹਨ, ਤਾਂ ਉਹ ਆਪਣੇ ਹੀ ਰਾਜ ਵਿੱਚ ਰਹਿ ਕੇ ਆਪਣੀ ਪ੍ਰਤਿਭਾ ਦਾ ਪ੍ਰਯੋਗ ਕਰ ਸਕਦੇ ਹਨ। ਕੈਨੇਡਾ ਦੇ ਇਮੀਗ੍ਰੇਸ਼ਨ ਕਾਨੂੰਨਾਂ ਵਿੱਚ ਬਦਲਾਵਾਂ ਨੇ ਜਿੱਥੇ ਵਿਦੇਸ਼ ਜਾਣ ਦੇ ਇੱਛੁਕ ਵਿਦਿਆਰਥੀਆਂ ਨੂੰ ਝਟਕਾ ਦਿੱਤਾ ਹੈ, ਉੱਥੇ ਹੀ ਪੰਜਾਬ ਦੇ ਵਿਕਾਸ ਅਤੇ ਆਤਮਨਿਰਭਰਤਾ ਲਈ ਨਵੇਂ ਮੌਕੇ ਵੀ ਪ੍ਰਦਾਨ ਕੀਤੇ ਹਨ। ਇਹ ਸਮਾਂ ਹੈ ਕਿ ਰਾਜ ਸਰਕਾਰ ਅਤੇ ਸਮਾਜ ਮਿਲ ਕੇ ਇਨ੍ਹਾਂ ਮੌਕਿਆਂ ਦਾ ਲਾਭ ਲੈਣ ਅਤੇ ਪੰਜਾਬ ਦੇ ਵਿਕਾਸ ਨੂੰ ਨਵੀਂ ਦਿਸ਼ਾ ਦੇਣ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਯੂਨੀਵਰਸਿਟੀ ਕਰਮਚਾਰੀਆਂ ਨੇ

# ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਨਾਲ ਰਵਾਇਤੀ ਜੋਸ਼ ਨਾਲ ਮਨਾਈ ਲੋਹੜੀ



ਚੌਕ ਮਹਿਤਾ, 10 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ) - ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. ਡਾ. ਕਰਮਜੀਤ ਸਿੰਘ ਨੇ ਲੋਹੜੀ ਦੇ ਤਿਉਹਾਰ ਦੀਆਂ ਖੁਸ਼ੀਆਂ ਉਦੋਂ ਦੂਣ-ਸਵਾਈਆਂ ਕਰ ਦਿੱਤੀਆਂ ਜਦੋਂ ਯੂਨੀਵਰਸਿਟੀ ਦੇ ਮੁਲਾਜ਼ਮਾਂ ਨੇ ਉਨ੍ਹਾਂ ਕੋਲੋ ਲੋਹੜੀ ਦੇ ਰੂਪ ਵਿਚ ਕਮਨਿਊਟੀ ਹਾਲ ਮੰਗਣ ਤੇ ਤਰੁੰਤ ਹੀ ਦੇਣ ਦਾ ਐਲਾਨ ਕਰ ਦਿੱਤਾ। ਯੂਨੀਵਰਸਿਟੀ ਦੇ ਵਿਹੜੇ ਵਿਚ ਮਨਾਈ ਗਈ ਲੋਹੜੀ ਵਿਚ ਉਹ ਮੁੱਖ ਮਹਿਮਾਨ ਦੇ ਰੂਪ ਵਿਚ ਸ਼ਿਰਕਤ ਕਰਨ ਲਈ ਪੁੱਜੇ ਸਨ। ਉਨ੍ਹਾਂ ਦੇ ਨਾਲ ਇਸ ਮੌਕੇ ਯੂਨੀਵਰਸਿਟੀ ਦੇ ਰਜਿਸਟਰਾਰ ਡਾ ਕਰਨਜੀਤ ਸਿੰਘ, ਪ੍ਰੋਫੈਸਰ ਇੰਚਾਰਜ ਪ੍ਰੀਖਿਆਵਾਂ ਪ੍ਰੋ. ਸ਼ਾਲਿਨੀ ਬਹਿਲ ਤੋਂ ਇਲਾਵਾ ਹੋਰ ਵੀ ਉੱਚ ਅਧਿਕਾਰੀ ਹਜ਼ਾਰ ਸਨ।

## ਵਾਈਸ ਚਾਂਸਲਰ ਵੱਲੋਂ ਯੂਨੀਵਰਸਿਟੀ ਕਰਮਚਾਰੀਆਂ ਨੂੰ ਲੋਹੜੀ ਦਾ ਤੋਹਫਾ - ਕਮਿਨਿਊਟੀ ਹਾਲ ਬਣਾਉਣ ਦਾ ਐਲਾਨ

ਯੂਨੀਵਰਸਿਟੀ ਦੀਆਂ ਨਾਨ-ਟੀਚਿੰਗ ਇੰਪਲਾਇਜ਼ ਐਸੋਸੀਏਸ਼ਨ ਅਤੇ ਆਫੀਸਰ ਐਸੋਸੀਏਸ਼ਨ ਦੋਵਾਂ ਐਸੋਸੀਏਸ਼ਨਾਂ ਵੱਲੋਂ ਸਾਂਝੇ ਤੌਰ ਤੇ ਯੂਨੀਵਰਸਿਟੀ ਦੇ ਮੁਲਜ਼ਮਾਂ ਨਾਲ ਨਵੇਂ ਸਾਲ ਅਤੇ ਲੋਹੜੀ ਦੇ ਤਿਉਹਾਰ ਅਤੇ ਨਵੇਂ ਉਪ-ਕੁਲਪਤੀ ਦੀ ਨਿਯੁਕਤੀ ਤੇ ਖੁਸ਼ੀਆਂ ਸਾਂਝੀਆਂ ਕਰਨ ਲਈ ਇਸ ਤਿਉਹਾਰ ਨੂੰ ਮਨਾਉਣ ਦਾ ਪ੍ਰਬੰਧ ਕੀਤਾ ਗਿਆ ਸੀ। ਇਸ ਮੌਕੇ ਭਵਿੱਖ ਵਿਚ ਯੂਨੀਵਰਸਿਟੀ ਵਿਚ ਹਰ ਤਿਉਹਾਰ ਇੰਝ ਹੀ ਸਾਂਝੇ ਤੌਰ ਤੇ ਮਨਾਉਣ ਦਾ ਵੀ ਸੰਕਲਪ ਲਿਆ ਗਿਆ ਜਿਸ ਤੇ ਵੀ ਉਪ ਕੁਲਪਤੀ ਵੱਲੋਂ ਹਰ ਤਰ੍ਹਾਂ ਦਾ ਸਹਿਯੋਗ ਅਤੇ ਖੁਦ ਹਰ ਤਿਉਹਾਰ ਵਿਚ ਸ਼ਾਮਲ ਹੋਣ ਦਾ ਭਰੋਸਾ ਦਵਾਇਆ ਗਿਆ। ਵਾਈਸ ਚਾਂਸਲਰ ਨੇ ਇਸ ਮੌਕੇ ਭੁੱਗਾ ਬਾਲ ਕੇ ਲੋਹੜੀ ਦਾ ਆਗਾਜ਼ ਕੀਤਾ। ਇਸ ਮੌਕੇ ਪ੍ਰੋ. ਕਰਨਜੀਤ ਸਿੰਘ ਕਾਹਲੋਂ, ਰਜਿਸਟਰਾਰ ਅਤੇ ਪ੍ਰੋ. ਸ਼ਾਲਿਨੀ ਬਹਿਲ, ਪ੍ਰੋਫੈਸਰ ਇੰਚਾਰਜ (ਪ੍ਰੀਖਿਆਵਾਂ) ਅਤੇ ਕਰਨਲ ਅਮਰਬੀਰ ਸਿੰਘ ਚਾਹਲ, ਸੁਰੱਖਿਆ ਅਫਸਰ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਸਨ। ਸ਼੍ਰੀ ਰਜਨੀਸ਼ ਭਾਰਦਵਾਜ, ਪ੍ਰਧਾਨ ਤੇ ਸ਼੍ਰੀ ਰਜਿੰਦਰ ਸਿੰਘ, ਸਕੱਤਰ ਅਤੇ ਸ਼੍ਰੀ ਅਮਨ ਅਰੋੜਾ, ਪ੍ਰਧਾਨ ਤੇ ਸਕੱਤਰ ਸ. ਮਨਪ੍ਰੀਤ ਸਿੰਘ ਤੋਂ ਇਲਾਵਾ ਇਸ ਫੈਸਟੀਵਲ ਵਿਚ ਗੈਰ-ਅਧਿਆਪਕ ਕਰਮਚਾਰੀਆਂ ਅਤੇ ਅਧਿਕਾਰੀਆਂ ਨੇ ਵੱਡੀ ਗਿਣਤੀ ਵਿਚ ਭਾਗ ਲਿਆ। ਇਸ ਮੌਕੇ ਸਟਾਫ ਮੈਂਬਰਾਂ ਨੇ ਰਲ ਮਿਲ ਕੇ ਖੁਸ਼ੀ ਮਨਾਉਂਦਿਆਂ ਲੋਹੜੀ ਦੀ ਅੱਗ ਦੇ ਦੁਆਲੇ ਨੱਚ ਗਾ ਕੇ ਆਪਣੀ ਖੁਸ਼ੀ ਦਾ ਇਜ਼ਹਾਰ ਕੀਤਾ। ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਨੇ ਸਭ ਕਰਮਚਾਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਲੋਹੜੀ ਦੀਆਂ ਵਧਾਈਆਂ ਦਿੱਤੀਆਂ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਤਿਉਹਾਰ ਸਾਂਝ ਅਤੇ ਏਕਤਾ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ। ਗੈਰ-ਅਧਿਆਪਕ ਕਰਮਚਾਰੀਆਂ ਦੇ ਯੋਗਦਾਨ ਦੀ ਸਿਫ਼ਤ ਕਰਦੇ ਹੋਏ ਉਨ੍ਹਾਂ ਨੇ ਕਿਹਾ, "ਤੁਹਾਡੀ ਮਿਹਨਤ ਅਤੇ ਸਮਰਪਣ ਯੂਨੀਵਰਸਿਟੀ ਦੀ ਸਫਲਤਾ ਦਾ ਅਧਾਰ ਹੈ। ਗੈਰ-ਅਧਿਆਪਕ ਕਰਮਚਾਰੀਆਂ ਐਸੋਸੀਏਸ਼ਨ ਵੱਲੋਂ ਕਰਮਚਾਰੀਆਂ ਲਈ ਕਮਿਊਨਿਟੀ ਹਾਲ ਬਣਾਉਣ ਦੀ ਮੰਗ 'ਤੇ ਵਾਈਸ ਚਾਂਸਲਰ ਨੇ ਪੂਰਾ ਭਰੋਸਾ ਦਿੱਤਾ। ਉਨ੍ਹਾਂ ਕਿਹਾ, "ਕਰਮਚਾਰੀਆਂ ਦੀ ਭਲਾਈ ਸਾਡੇ ਲਈ ਅਹਿਮ ਹੈ। ਅਸੀਂ ਤੁਹਾਡੀਆਂ ਮੰਗਾਂ ਨੂੰ ਜਲਦੀ ਪੂਰਾ ਕਰਨ ਲਈ ਜ਼ਰੂਰੀ ਕਦਮ ਚੁੱਕਾਂਗੇ ਅਤੇ ਕਮਿਊਨਿਟੀ ਹਾਲ ਦਾ ਨਿਰਮਾਣ ਜਲਦ ਹੀ ਯਕੀਨੀ ਬਣਾਵਾਂਗੇ।" ਦੋਵਾਂ ਐਸੋਸੀਏਸ਼ਨਾਂ ਵੱਲੋਂ ਵਾਈਸ ਚਾਂਸਲਰ ਨੂੰ ਸ੍ਰੀ ਦਰਬਾਰ ਸਾਹਿਬ ਦਾ ਮਾਡਲ ਨਾਲ ਸਨਮਾਨਿਤ ਕੀਤਾ ਗਿਆ। ਇਸੇ ਤਰ੍ਹਾਂ ਰਜਿਸਟਰਾਰ ਪ੍ਰੋ. ਕਾਹਲੋਂ ਅਤੇ ਪ੍ਰੋ. ਬਹਿਲ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਆ ਗਿਆ।

ਭਾਈ ਕਰਮਜੀਤ ਸਿੰਘ ਬੱਬਰ ਸਿੱਖਾਂਵਾਲਾ ਦੇ ਸਪੁੱਤਰ ਅਮਨਪ੍ਰੀਤ ਸਿੰਘ ਲਾਲੀ ਦੀ ਬੇਵਕਤੀ ਮੌਤ 'ਤੇ

# ਪੰਥਕ ਨੁਮਾਇੰਦਿਆਂ ਵੱਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ



ਨਵੀਂ ਦਿੱਲੀ 10 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਪਿਛਲੇ ਦਿਨੀ ਭਾਈ ਕਰਮਜੀਤ ਸਿੰਘ ਸਿੱਖਾਂਵਾਲਾ ਦੇ ਸਪੁੱਤਰ ਅਮਨਪ੍ਰੀਤ ਸਿੰਘ ਲਾਲੀ ਗੁਰੂ ਵਲੋਂ ਬਖਸ਼ੀ ਸਵਾਸਾਂ ਦੀ ਪੂੰਜੀ ਪੂਰੀ ਕਰਕੇ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ। ਉਸ ਅਕਾਲ ਪੁਰਖ ਦਾ ਕੋਈ ਭਾਣਾ ਹੀ ਸੀ ਕਿ ਭਾਈ ਅਮਨਪ੍ਰੀਤ ਸਿੰਘ ਬਹੁਤ ਲੰਮਾ ਸਮਾਂ ਕੌਮਾ ਵਿੱਚ ਰਹੇ। ਅਜਿਹੇ ਸਮੇਂ ਪਰਿਵਾਰ ਤੇ ਕੀ ਗੁਜ਼ਰਦੀ ਹੈ ਇਹ ਤੇ ਪਰਿਵਾਰ ਹੀ ਜਾਣਦਾ ਹੈ ਪਰ ਉਸ ਦਾ ਭਾਣਾ ਮੋੜਿਆ ਨਹੀ ਜਾ ਸਕਦਾ। ਇਸ ਤੋਂ ਪਹਿਲਾਂ ਵੱਡਾ ਪੁੱਤਰ ਇੱਕ ਐਕਸੀਡੈਂਟ ਵਿਚ ਵਿਛੋੜਾ ਦੇ ਗਿਆ ਸੀ। ਭਾਈ ਅਮਨਪ੍ਰੀਤ ਸਿੰਘ ਜਿਥੇ ਇੱਕ ਚੋਟੀ ਦੇ ਜੁਝਾਰੂ ਬੱਬਰ ਦੇ ਪੁੱਤਰ ਸਨ ਉਥੇ ਇੱਕ ਚੋਟੀ ਦੇ ਖਾੜਕੂ ਸਿੰਘ ਭਾਈ ਬਲਵਿੰਦਰ ਸਿੰਘ ਗੰਗਾ ਦੀ ਭਤੀਜੀ ਨਾਲ ਵਿਆਹੇ ਹੋਏ ਸਨ। ਜਿਕਰਯੋਗ ਹੈ ਕਿ ਭਾਈ ਬਲਵਿੰਦਰ ਸਿੰਘ ਗੰਗਾ ਲੰਮਾ ਸਮਾਂ ਸਿੱਖ ਰਾਜ ਦੀ ਪ੍ਰਾਪਤੀ ਲਈ ਦੁਸ਼ਮਣ ਦੀਆਂ ਫੌਜਾਂ ਨੂੰ ਲੋਹੇ ਦੇ ਚਣੇ ਚਬਾਉਂਦੇ ਹੋਏ ਸ਼ਹੀਦੀ ਪ੍ਰਾਪਤ ਕਰ ਗਏ ਸਨ। ਭਾਈ ਕਰਮਜੀਤ ਸਿੰਘ ਸਿੱਖਾਂਵਾਲਾ ਜਿੱਥੇ ਹਥਿਆਰਬੰਦ ਸੰਘਰਸ਼ ਵਿੱਚ ਆਪਣੀ ਭੂਮਿਕਾ ਨਿਭਾਉਂਦੇ ਰਹੇ ਉਥੇ ਬੱਬਰ ਸੂਰਮਿਆਂ ਦਾ ਇਤਿਹਾਸ ਲਿਖਕੇ ਕਲਮ ਦੁਆਰਾ ਅਣਮੁੱਲਾ ਯੋਗਦਾਨ ਪਾ ਰਹੇ ਹਨ। ਭਾਵੇ ਕਿ ਭਾਈ ਸਾਹਿਬ ਨੇ ਆਪਣੇ ਪਿੰਡੇ ਤੇ ਜ਼ਾਲਿਮ ਪੁਲਿਸ ਦਾ ਅਣਮਨੁੱਖੀ ਬੇਤਹਾਸ਼ਾ ਕਹਿਰ ਝੱਲਿਆ ਜੋ ਬਿਆਨ ਕਰਨ ਤੋਂ ਬਾਹਰ ਹੈ। ਭਾਈ ਕਰਮਜੀਤ ਸਿੰਘ ਸਿੱਖਾਂਵਾਲਾ ਭਾਵੇਂ ਕਿ ਸਰੀਰਕ ਤੌਰ ਬਹੁਤ ਕਮਜ਼ੋਰ ਹੋ ਚੁੱਕੇ ਹਨ, ਫਿਰ ਵੀ ਕਲਮ ਦੁਆਰਾ ਬੱਬਰ ਸੂਰਮਿਆਂ ਦਾ ਇਤਿਹਾਸ ਲਿਖਣ ਵਿੱਚ ਜੁਟੇ ਹੋਏ ਹਨ। ਉਤੋਂ ਪੁੱਤਰ ਦੇ ਵਿਛੋੜੇ ਦਾ ਦੁੱਖ ਝੋਲੀ ਪੈ ਗਿਆ। ਪੁਤਰਾਂ ਦਾ ਦਾਨੀ ਸ਼ਾਇਦ ਇਹ ਵੀ ਆਪਣੇ ਸਿੱਖ ਦੇ ਸਿਦਕ ਦੀ ਪਰਖ ਹੀ ਕਰ ਰਿਹਾ ਹੈ। ਅਸੀਂ ਬਦੇਸ਼ਾਂ ਤੋਂ ਇਸ ਦੁੱਖਦਾਇਕ ਘੜੀ ਸਮੇਂ ਭਾਈ ਸਾਹਿਬ ਨਾਲ ਖੜ੍ਹੇ ਹਾਂ। ਕਨੇਡਾ ਤੋਂ ਜਥੇਦਾਰ ਅਜੈਬ ਸਿੰਘ ਬਾਗੜੀ, ਜਥੇਦਾਰ ਸੰਤੋਖ ਸਿੰਘ ਖੇਲਾ ਅਤੇ ਐਸਐਸ ਖਹਿਰਾ, ਯੂ ਐਸ ਏ ਤੋਂ ਭਾਈ ਕੰਵਰਜੀਤ ਸਿੰਘ, ਭਾਈ ਅਮਰੀਕ ਸਿੰਘ ਖਾਲਸਤਾਨੀ, ਭਾਈ ਸੁਰਿੰਦਰ ਸਿੰਘ ਇੰਡਿਆਨਾ ਅਤੇ ਭਾਈ ਕੇਸਰ ਸਿੰਘ ਕੈਲੇਫੋਰਨੀਆ, ਇੰਗਲੈਂਡ ਤੋਂ ਜਥੇਦਾਰ ਗੁਰਮੇਜ ਸਿੰਘ ਅਤੇ ਭਾਈ ਹਰਜਿੰਦਰ ਸਿੰਘ ਮੰਡੇਰ, ਫਰਾਂਸ ਤੋਂ ਭਾਈ ਪ੍ਰਸ਼ੋਤਮ ਸਿੰਘ, ਜਰਮਨੀ ਤੋਂ ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਸਤਨਾਮ ਸਿੰਘ ਬੱਬਰ, ਭਾਈ ਬਿਧੀ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ ਅਤੇ ਭਾਈ ਰਾਜਿੰਦਰ ਸਿੰਘ ਆਦਿ ਸਿੰਘਾਂ ਨੇ ਕਿਹਾ ਹੈ ਕਿ ਵਾਹਿਗੁਰੂ ਅੱਗੇ ਅਰਦਾਸ ਹੈ ਵਾਹਿਗੁਰੂ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

# ਐਨ.ਆਰ.ਐਮ.ਯੂ ਵੱਲੋਂ ਸੰਪਨ ਕੁਮਾਰ ਨੂੰ ਫਿਰੋਜ਼ਪੁਰ ਮੰਡਲ ਦਾ ਸਹਾਇਕ ਮੰਡਲ ਸਕੱਤਰ ਨਿਯੁਕਤ ਕੀਤਾ ਗਿਆ



ਫਿਰੋਜ਼ਪੁਰ 10 ਜਨਵਰੀ (ਮਨੋਹਰ ਲਾਲ): ਨਾਰਦਰਨ ਰੇਲਵੇ ਮੈਂਸ ਯੂਨੀਅਨ (ਐਨ.ਆਰ.ਐਮ.ਯੂ) ਨੇ ਇੱਕ ਮਹੱਤਵਪੂਰਨ ਫੈਸਲਾ ਲੈਂਦਿਆਂ ਉਪ ਮੁੱਖ ਟਿਕਟ ਨਿਰੀਖਕ ਸੰਪਨ ਕੁਮਾਰ ਨੂੰ ਫਿਰੋਜ਼ਪੁਰ ਮੰਡਲ ਦਾ ਸਹਾਇਕ ਮੰਡਲ ਸਕੱਤਰ ਨਿਯੁਕਤ ਕੀਤਾ ਹੈ। ਯੂਨੀਅਨ ਦੇ ਸੀਨੀਅਰ ਅਧਿਕਾਰੀਆਂ ਨੇ ਇਸ ਨਿਯੁਕਤੀ ਦਾ ਐਲਾਨ ਕੀਤਾ। ਇਹ ਨਿਯੁਕਤੀ ਸੰਸਥਾ ਲਈ ਇੱਕ ਸਕਾਰਾਤਮਕ ਕਦਮ ਮੰਨੀ ਜਾ ਰਹੀ ਹੈ।

ਐਨ.ਆਰ.ਐਮ.ਯੂ ਦਾ ਮਕਸਦ ਰੇਲਵੇ ਕਰਮਚਾਰੀਆਂ ਦੇ ਹਿੱਤਾਂ ਦੀ ਰੱਖਿਆ ਕਰਨਾ ਅਤੇ ਉਨ੍ਹਾਂ ਦੇ ਕੱਲਿਆਣ ਲਈ ਸਮਰਪਿਤ ਰਹਿਣਾ ਹੈ। ਯੂਨੀਅਨ ਦੇ ਅਧਿਕਾਰੀਆਂ ਅਨੁਸਾਰ, ਸੰਪਨ ਕੁਮਾਰ ਦੀ ਨਿਯੁਕਤੀ ਨਾਲ ਸੰਗਠਨ ਦੀ ਕਾਰਗੁਜ਼ਾਰੀ ਹੋਰ ਮਜ਼ਬੂਤ ਹੋਵੇਗੀ। ਫਿਰੋਜ਼ਪੁਰ ਮੰਡਲ ਦੇ ਕਰਮਚਾਰੀਆਂ ਵਿੱਚ ਇਸ ਖ਼ਬਰ ਨੂੰ ਲੈ ਕੇ ਖ਼ਾਸ ਉਤਸ਼ਾਹ ਹੈ। ਯੂਨੀਅਨ ਦੇ ਮੈਂਬਰਾਂ ਨੇ ਵਿਸ਼ਵਾਸ ਜਤਾਇਆ ਹੈ ਕਿ ਸੰਪਨ ਕੁਮਾਰ ਆਪਣੀ ਅਨੁਭਵ ਅਤੇ ਲੀਡਰਸ਼ਿਪ ਦੇ ਜ਼ਰੀਏ ਕਰਮਚਾਰੀਆਂ ਦੀਆਂ ਸਮੱਸਿਆਵਾਂ ਨੂੰ ਸੁਲਝਾਉਣ ਅਤੇ ਉਨ੍ਹਾਂ ਦੇ ਹੱਕਾਂ ਦੀ ਰੱਖਿਆ ਲਈ ਕਮਰ ਕਸੇ ਰਹਿਣਗੇ। ਸੰਪਨ ਕੁਮਾਰ ਨੇ ਰੇਲਵੇ ਦੇ ਵੱਖ-ਵੱਖ ਅਹੁਦਿਆਂ 'ਤੇ ਕੰਮ ਕਰਦੇ ਹੋਏ ਅਪਣਾ ਮਹੱਤਵਪੂਰਨ ਅਨੁਭਵ ਹਾਸਲ ਕੀਤਾ ਹੈ। ਉਹ ਆਪਣੇ ਸ਼ਿਸ਼ਟਾਚਾਰ, ਵਫ਼ਾਦਾਰੀ, ਅਤੇ ਕਮਿਟਮੈਂਟ ਲਈ ਪ੍ਰਸਿੱਧ ਹਨ। ਕਰਮਚਾਰੀਆਂ ਨਾਲ ਢਿੱਲਾ ਸੰਪਰਕ ਰੱਖਣ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕਰਨ ਦੀ ਉਨ੍ਹਾਂ ਦੀ ਯੋਗਤਾ ਉਨ੍ਹਾਂ ਨੂੰ ਇੱਕ ਕਾਬਲ ਅਤੇ ਪ੍ਰੇਰਣਾਦਾਇਕ ਨੇਤਾ ਬਣਾਉਂਦੀ ਹੈ।

# ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿੱਚ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦਾ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ







ਫਿਰੋਜ਼ਪੁਰ 10 ਜਨਵਰੀ (ਮਨੋਹਰ ਲਾਲ): ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿੱਚ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦਾ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ ਇਸ ਮੌਕੇ ਵਿਦਿਆਰਥੀਆਂ ਵੱਲੋਂ ਮੂਲ ਮੰਤਰ ਸਾਹਿਬ ਜੀ ਦੇ ਜਾਪ ਕੀਤੇ ਗਏ ਕਵਿਤਾਵਾਂ ਅਤੇ ਕਵੀਸ਼ਰੀ ਗਾਇਨ ਕੀਤਾ ਗਈ ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਨੇ ਵਿਦਿਆਰਥੀਆਂ ਤੇ ਵਿਦਿਆਰਥੀਆਂ ਦੀ ਮਾਤਾ ਪਿਤਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਾਨੂੰ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਦੀਆਂ ਸਿੱਖਿਆਵਾਂ ਤੋਂ ਪ੍ਰੇਰਨਾ ਲੈ ਕੇ ਆਪਣੇ ਜੀਵਨ ਨੂੰ ਉੱਚਾ ਸੁੱਚਾ ਬਣਾਉਣਾ ਚਾਹੀਦਾ ਹੈ ਇਸ ਮੌਕੇ ਸਕੂਲ ਦੇ ਸਮੁੱਚੇ ਵਿਦਿਆਰਥੀ ਅਧਿਆਪਕ ਸਾਹਿਬਾਨ ਅਤੇ ਸਕੂਲ ਦਾ ਸਟਾਫ ਹਾਜਰ ਸੀ।

# ਜਨਮ ਦਿਨ ਮੁਬਾਰਕ



ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਜੀ ਮੌਜੂਦਾ ਮੁੱਖੀ ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਬਾਰ ਸੰਪਰਦਾਇ ਹਰਖੋਵਾਲ ਖੁਜਾਲੇ ਵਾਲਿਆਂ ਨੂੰ ਜਨਮ ਦਿਵਸ ਦੀਆਂ ਦੇਸ਼ਾਂ-ਵਿਦੇਸ਼ਾਂ ਦੀਆਂ ਸੰਗਤਾਂ ਵੱਲੋਂ ਲੱਖ ਲੱਖ ਵਧਾਈਆਂ ਹੋਣ ਜੀ।
(ਫੋਟੋ/ਵੇਰਵਾ : ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਭਾਕਿਯੂ ਏਕਤਾ ਸਿੱਧੂਪੁਰ ਦੇ ਆਗੂਆਂ ਨੇ

# ਕਸਬਿਆਂ ਤੇ ਪਿੰਡਾਂ 'ਚ ਪ੍ਰਧਾਨ ਮੰਤਰੀ ਤੇ ਅਮਿਤ ਸ਼ਾਹ ਦਾ ਪੁਤਲਾ ਸਾੜਿਆ



**ਤਲਵੰਡੀ ਸਾਬੋ, 10 ਜਨਵਰੀ (ਗੁਰਜੰਟ ਸਿੰਘ ਨਥੇਹਾ)-** ਕੇਂਦਰ ਸਰਕਾਰ ਤੋਂ ਕਿਸਾਨਾਂ ਦੀਆਂ ਹੱਕੀ ਮੰਨੀਆ ਮੰਗਾਂ ਨੂੰ ਲਾਗੂ ਕਰਵਾਉਣ ਦੇ ਮਕਸਦ ਨਾਲ ਭਾਕਿਯੂ ਏਕਤਾ ਸਿੱਧੂਪੁਰ ਸਮੇਤ ਕੁਝ ਹੋਰ ਜਥੇਬੰਦੀਆਂ ਵੱਲੋਂ ਖਨੌਰੀ ਅਤੇ ਸੰਭੂ ਬਾਰਡਰ 'ਤੇ ਧਰਨੇ ਲਾਏ ਹੋਏ ਹਨ ਪਰ ਕੇਂਦਰ ਸਰਕਾਰ ਉਹਨਾਂ ਦੀ ਗੱਲਬਾਤ ਸੁਣ ਨਹੀਂ ਰਹੀ ਜਿਸ ਲਈ ਕਿਸਾਨ ਆਗੂ ਭਾਈ ਜਗਜੀਤ ਸਿੰਘ ਡੱਲੇਵਾਲ ਨੇ ਮਰਨ ਵਰਤ ਵੀ ਰੱਖਿਆ ਹੋਇਆ ਹੈ।ਪਰ ਫਿਰ ਵੀ ਸਰਕਾਰ ਦੇ ਕੰਨਾਂ ਤੇ ਜੂੰ ਤੱਕ ਨਹੀਂ ਸਰਕ ਰਹੀ



ਜਿਸ ਨੂੰ ਲੈ ਕੇ ਅੱਜ ਯੂਨੀਅਨ ਦੇ ਸੱਦੇ ਤੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰਾਂ ਵਿੱਚ ਭਾਰਤ ਦੇ ਪ੍ਰਧਾਨ ਮੰਤਰੀ ਅਤੇ ਅਮਿਤ ਸ਼ਾਹ ਦੇ ਪੁਤਲੇ ਫੂਕ ਕੇ ਰੋਸ ਪ੍ਰਦਰਸ਼ਨ ਕੀਤੇ ਗਏ ਜਿਸ ਤਹਿਤ ਤਲਵੰਡੀ ਸਾਬੋ, ਮਲਕਾਣਾ, ਸੀਂਗੋ ਮੰਡੀ ਦੇ ਬੱਸ ਸਟੈਂਡ 'ਤੇ ਕਸਬੇ ਦੇ ਆਗੂ ਬਲਕੌਰ ਸਿੰਘ ਤੇ ਕਈ ਹੋਰ ਆਗੂਆਂ ਦੀ ਅਗਵਾਈ ਵਿੱਚ ਕੇਂਦਰ ਸਰਕਾਰ ਦਾ ਰੋਸ ਪ੍ਰਦਰਸ਼ਨ ਕਰਕੇ ਪੁਤਲਾ ਸਾੜਿਆ ਗਿਆ ਇਸ ਮੌਕੇ ਆਗੂਆਂ ਨੇ ਦੱਸਿਆ ਕਿ ਕੇਂਦਰ ਸਰਕਾਰ ਪਹਿਲਾਂ ਵਰਗੇ ਖੇਤੀ ਕਾਨੂੰਨ ਵਾਪਸ ਲਿਆ ਰਿਹਾ ਹੈ ਜਿਸ ਨੂੰ ਰੋਕਣ ਦੇ ਮਕਸਦ ਨਾਲ ਸਾਰੇ ਜਥੇਬੰਦੀਆਂ ਤੇ ਕਿਸਾਨਾਂ ਨੂੰ ਏਕੇ ਦੀ ਲੋੜ ਹੈ ਜਿਸ ਲਈ ਏਕਾ ਕਰਕੇ ਹੀ ਇਹ ਕਾਨੂੰਨਾਂ ਨੂੰ ਰੱਦ ਕਰਵਾਇਆ ਜਾ ਸਕਦਾ ਜਿਸ ਲਈ ਅਸੀਂ ਕੇਂਦਰ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਸਾਡੀਆਂ ਮੰਗੀਆਂ ਮੰਨੀਆਂ ਮੰਗਾਂ ਨੂੰ ਤੁਰੰਤ ਮੰਨ ਕੇ ਲਾਗੂ ਕੀਤਾ ਜਾਵੇ ਤਾਂ ਜੋ ਭਾਈ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ ਤੁੜਵਾ ਕੇ ਉਸ ਨੂੰ ਮੁੜ ਤੋਂ ਜ਼ਿੰਦਗੀ ਦਵਾਈ ਜਾ ਸਕੇ ਜਿਸ ਲਈ ਉਹਨਾਂ ਸਾਰੇ ਕਿਸਾਨਾਂ ਅਤੇ ਯੂਨੀਅਨਾਂ ਨੂੰ ਏਕਤਾ ਕਰਕੇ ਕੇਂਦਰ ਸਰਕਾਰ ਖਿਲਾਫ ਪਹਿਲਾਂ ਵਾਂਗ ਸੰਘਰਸ਼ ਕਰਨ ਦੀ ਅਪੀਲ ਕੀਤੀ।

### ਸਕੂਲੀ ਵਿਦਿਆਰਥੀਆਂ ਵਲੋਂ

# ਚਾਈਨਾ ਡੋਰ ਵਿਰੁੱਧ ਕੱਢੀ ਜਾਗਰੂਕਤਾ ਰੈਲੀ

**ਅੰਮ੍ਰਿਤਸਰ, 10 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਣਯੋਗ ਜਿਲਾ ਸਿੱਖਿਆ ਅਫ਼ਸਰ (ਸੈ. ਸਿ.) ਅੰਮ੍ਰਿਤਸਰ ਸ੍ਰ ਹਰਭਗਵੰਤ ਸਿੰਘ ਜੀ ਦੇ ਦਿਸ਼ਾ-ਨਿਰਦੇਸ਼ਾ ਅਨੁਸਾਰ ਅਤੇ ਜਿਲਾ ਪ੍ਰਸ਼ਾਸਨ ਦੇ ਸਹਿਯੋਗ ਅਤੇ ਪ੍ਰਿੰਸੀਪਲ ਮੋਨਿਕਾ ਜੀ ਦੀ ਅਗਵਾਈ ਹੇਠ ਸ.ਸ.ਸ.ਸਕੂਲ ਕੋਟ ਬਾਬਾ ਦੀਪ ਸਿੰਘ (ਲੜਕੇ)ਅਤੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਮਾਹਣਾ ਸਿੰਘ ਰੋਡ ਅਤੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਕੋਟ ਬਾਬਾ ਦੀਪ ਸਿੰਘ (ਲੜਕੀਆਂ)ਦੇ ਵਿਦਿਆਰਥੀਆਂ ਵੱਲੋਂ ਚਾਈਨਾ ਡੋਰ ਵਿਰੁੱਧ ਜਾਗਰੂਕਤਾ ਰੈਲੀ ਕੱਢੀ ਗਈ ਜਿਸ ਵਿੱਚ ਵਿਦਿਆਰਥੀਆਂ ਵੱਲੋਂ ਇਲਾਕਾ ਵਾਸੀਆਂ ਨੂੰ ਚਾਈਨਾ ਚੋਰ ਤੋਂ ਹੋਣ ਵਾਲੀ ਜਾਨੀ ਨੁਕਸਾਨ ਬਾਰੇ ਨਾਅਰੇ ਅਤੇ ਬੇਨਰਾਂ ਰਾਹੀਂ ਜਾਗਰੂਕ ਕੀਤਾ ਗਿਆ । ਵਿਦਿਆਰਥੀਆਂ ਵੱਲੋਂ ਆਪ ਵੀ ਚਾਈਨਾ ਡੋਰ ਦਾ ਇਸਤੇਮਾਲ ਨਾ ਕਰਣ ਦਾ ਪ੍ਰਣ ਲਿਆ ਗਿਆ ਅਤੇ ਇਲਾਕਾ ਵਾਸੀਆਂ ਨੂੰ ਵੀ ਚਾਈਨਾ ਡੋਰ ਨਾ ਵਰਤਣ ਬਾਰੇ ਸਮਝਾਇਆ ਗਿਆ ਇਸ ਮੌਕੇ ਥਾਣਾ ਬੀ-ਡਵੀਜ਼ਨ ਤੋਂ ਵਿਸ਼ੇਸ ਤੌਰ ਤੇ ਏ ਐਸ ਆਈ ਸ੍ਰ. ਅਮਰਜੀਤ ਸਿੰਘ, ਸ੍ਰ ਕੰਵਲਜੀਤ ਸਿੰਘ, ਸ੍ਰ ਸ਼ਰਨਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਖੂਨੀ ਚਾਈਨਾ ਡੋਰ ਤੋਂ ਦੂਰ ਰਹਿਣ ਲਈ ਸਮਝਾਇਆ ਅਤੇ ਦਸਿਆ ਕਿ ਚਾਈਨਾ ਡੋਰ ਖਰੀਦਣ ਅਤੇ ਵੇਚਣ ਵਾਲਿਆਂ ਖਿਲਾਫ਼ ਸਖਤ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਪ੍ਰਿੰਸੀਪਲ ਪਰਵਿੰਦਰ ਸਿੰਘ, ਪ੍ਰਿੰਸੀਪਲ ਸ੍ਰੀ ਮਤੀ ਸੋਨੀਆ ਰੰਧਾਵਾ, ਲੈਕ ਮਨਜੀਤ ਕੌਰ, ਲੈਕ ਪ੍ਰਦੀਪ ਕਾਲੀਆ, ਲੈਕ ਮਨਦੀਪ ਕੌਰ,ਲੈਕ ਹਰਜੀਤ ਕੌਰ, ਸ੍ਰ. ਸੁਖਦੇਵ ਸਿੰਘ, ਸ੍ਰੀਮਤੀ ਮਨਪ੍ਰੀਤ ਕੌਰ ਪੀ ਟੀ ਆਈ,ਸ੍ਰੀ ਮਤੀ ਨਿਮਰਤਾ ਪਾਲ ਕੌਰ ਅਤੇ ਸਮੂਹ ਸਟਾਫ਼ ਮੈਂਬਰ ਹਾਜਰ ਸਨ।





# ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਅਤੇ ਬਾਬਾ ਕੁੰਦਨ ਸਿੰਘ ਜੀ ਦੀ 100 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ 101 ਅਖੰਡ ਪਾਠ ਸਾਹਿਬ ਦੇ ਪਾਠਾਂ ਦੀ ਲੜੀ ਦੀ ਹੋਈ ਸ਼ੁਰੂਆਤ

### ਰੋਜ਼ਾਨਾ 12 ਵਜੇ ਤੋਂ 2 ਵਜੇ ਤੱਕ ਭਾਈ ਅਮਨਦੀਪ ਸਿੰਘ ਜੀ ਬੀਬੀ ਕੌਲਾ ਵਾਲੇ ਕਥਾ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ




**ਚੌਕ ਮਹਿਤਾ, 10 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਬਾਬਾ ਦੀਪ ਸਿੰਘ ਚੈਰੀਟੇਬਲ ਟਰੱਸਟ, ਅੱਡਾ ਬਾਉਲੀ, ਰਾਮ ਤੀਰਥ ਰੋਡ ਦੇ ਮੁਖ ਪ੍ਰਬੰਧਕ ਭਾਈ ਗੁਰਇਕਬਾਲ ਸਿੰਘ ਅਤੇ ਭਾਈ ਅਮਨਦੀਪ ਸਿੰਘ ਜੀ ਦੀ ਰਹਿਨੁਮਾਈ ਹੇਠ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਅਤੇ ਬਾਬਾ ਕੁੰਦਨ ਸਿੰਘ ਜੀ ਦੀ 100 ਸਾਲਾ ਜਨਮ ਸ਼ਤਾਬਦੀ ਨੂੰ ਮਨਾਉਂਦੇ ਹੋਏ ਮਹਾਨ ਇਕੋਤਰੀ ਸਮਾਗਮ 101 ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਸਾਹਿਬ 9 ਜਨਵਰੀ ਤੋਂ 27 ਜਨਵਰੀ ਤੱਕ ਦਾਤਾ ਬੰਦੀ ਛੋੜ ਪਬਲਿਕ ਸਕੂਲ ਰਾਮ ਤੀਰਥ ਰੋਡ, ਅੰਮ੍ਰਿਤਸਰ ਵਿਖੇ ਕਰਵਾਏ ਜਾ ਰਹੇ ਹਨ।ਅੱਜ ਮਹਾਨ ਇਕੋਤਰੀ ਸਮਾਗਮ ਦੀ ਪਹਿਲੀ ਲੜੀ 'ਚ 13 ਸ੍ਰੀ ਅਖੰਡ ਪਾਠ ਸਾਹਿਬ ਦੇ ਪਾਠ ਅਰਦਾਸ ਕਰਕੇ ਆਰੰਭ ਕੀਤੇ ਗਏ।ਜਾਣਕਾਰੀ ਦੇਂਦੇ ਹੋਏ ਭਾਈ ਅਮਨਦੀਪ ਸਿੰਘ ਨੇ ਦੱਸਿਆ ਇਹ ਗੁਰਬਾਣੀ ਦਾ ਜੱਗ 9 ਜਨਵਰੀ ਤੋਂ 27 ਜਨਵਰੀ ਤੱਕ ਚੱਲੇਗਾ। ਜਿਸ ਵਿੱਚ ਰੋਜਾਨਾ ਦੁਪਹਿਰ 12:00 ਵਜੇ ਤੋਂ 2 ਵਜੇ ਤੱਕ ਕਥਾ ਕੀਰਤਨ ਦੇ ਦੀਵਾਨ ਸੱਜਣਗੇ।25 ਜਨਵਰੀ ਦਿਨ ਸ਼ਨੀਵਾਰ 12 ਵਜੇ ਬੱਚਿਆਂ ਦੀ ਸਮੂਹਿਕ ਦਸਤਾਰ ਬੰਦੀ ਹੋਵੇਗੀ।26 ਜਨਵਰੀ ਦਿਨ ਐਤਵਾਰ ਨੂੰ ਅੰਮ੍ਰਿਤ ਸੰਚਾਰ ਸਵੇਰੇ 11:00 ਵਜੇ ਹੋਵੇਗਾ ਅਤੇ ਉਪਰੰਤ ਜਪ ਤਪ ਸਮਾਗਮ ਹੋਣਗੇ ਅਤੇ 27 ਜਨਵਰੀ ਦਿਨ ਸੋਮਵਾਰ ਨੂੰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਵਿਸ਼ੇਸ਼ ਚੁਪਹਿਰਾ ਜਪ ਤਪ ਸਮਾਗਮ ਹੋਵੇਗਾ। ਇਹਨਾਂ ਸਮਾਗਮਾਂ ਵਿੱਚ ਸਿੰਘ ਸਾਹਿਬਾਨ, ਸੰਤ ਮਹਾਂਪੁਰਸ਼, ਗੁਰੂ ਘਰ ਦੇ ਕੀਰਤਨੀਏ ਸੰਗਤਾਂ ਦੇ ਦਰਸ਼ਨ ਕਰਨਗੇ।ਵਿਸ਼ੇਸ਼ ਨੋਟ ਬੱਚਿਆਂ ਨੂੰ ਦਸਤਾਰਬੰਦੀ ਲਈ ਦਸਤਾਰਾਂ ਵੀ ਟਰੱਸਟ ਵੱਲੋਂ ਦਿੱਤੀਆਂ ਜਾਣਗੀਆਂ ਭਾਈ ਸਾਹਿਬ ਵੱਲੋਂ ਸਮੂਹ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਨੂੰ ਬੇਨਤੀ ਪਰਿਵਾਰਾਂ ਸਮੇਤ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ।

# ਐਲ.ਆਈ.ਸੀ. ਵਿੱਚ ਵਧੀਆ ਸੇਵਾਵਾਂ ਨਿਭਾਉਣ ਵਾਲੇ ਮੈਡਮ ਮੀਨਾਕਸ਼ੀ ਦਾ ਬਰਾਂਚ ਵੱਲੋਂ ਵਿਸ਼ੇਸ਼ ਸਨਮਾਨ



**ਚੌਕ ਮਹਿਤਾ, 10 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਭਾਰਤੀ ਜੀਵਨ ਬੀਮਾ ਨਿਗਮ ਵਿੱਚ ਚੀਫ਼ ਆਰਗੇਨਾਈਜਰ ਵਜੋਂ ਵਧੀਆ ਸੇਵਾਵਾਂ ਨਿਭਾਉਣ ਬਦਲੇ ਮੈਡਮ ਮੀਨਾਕਸ਼ੀ ਨੂੰ ਅੰਮ੍ਰਿਤਸਰ ਡਿਵੀਜ਼ਨ 'ਚ ਧਰਮ ਸਿੰਘ ਮਾਰਕੀਟ, 4 ਨੰਬਰ ਬ੍ਰਾਂਚ ਦੇ ਸੀਨੀਅਰ ਬਰਾਂਚ ਮੈਨੇਜਰ ਸੁਭਾਸ਼ ਚੰਦਰ, ਏ.ਬੀ.ਐਮ. ਰਮੇਸ਼ ਕੁਮਾਰ, ਏ.ਬੀ.ਐਮ.(ਸੇਲਜ਼),ਐਨ.ਡੀ. ਭਾਰਤਵਾਜ਼ ਅਤੇ ਬਰਾਂਚ ਮੈਨੇਜਰ (ਸੀ.ਐਲ.ਆਈ.ਏ.) ਤਿਲਕ ਰਾਜ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਮੈਡਮ ਮੀਨਾਕਸ਼ੀ ਅਤੇ ਉਨ੍ਹਾਂ ਦੀ ਟੀਮ ਨੇ ਐਲ.ਆਈ.ਸੀ. ਵਾਸਤੇ ਬਹੁਤ ਵਧੀਆ ਕੰਮ ਕਰਕੇ ਬਰਾਂਚ ਵਿੱਚ ਆਪਣੀ ਇੱਕ ਨਿਵੇਕਲੀ ਪਛਾਣ ਬਣਾਈ ਹੈ।

# ਵਧੀਆ ਸੇਵਾਵਾਂ ਦੌਰਾਨ ਗੁਰਦੇਵ ਸਿੰਘ ਮਲੇਰੀਆ ਅ.ਫਸਰ ਹੋਏ ਤਰੱਕੀਯਾਬ



**ਚੌਕ ਮਹਿਤਾ, 10 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰਦੇਵ ਸਿੰਘ ਢਿੱਲੋਂ ਸਹਾਇਕ ਮਲੇਰੀਆ ਅਫਸਰ ਨੂੰ ਵਧੀਆ ਸੇਵਾਵਾਂ ਦੌਰਾਨ ਸਿਹਤ ਵਿਭਾਗ ਵਲੋ ਤਰੱਕੀ ਕੀਤੀ ਗਈ ਹੈ ਇਸ ਮੌਕੇ ਗੁਰਦੇਵ ਸਿੰਘ ਢਿੱਲੋ ਨੂੰ ਇੰਪਲਾਈਜ਼ ਵੈਲਫੇਅਰ ਐਸੋਸੀਏਸ਼ਨ ਦੇ ਚੇਅਰਮੈਨ ਪੰਡਿਤ ਰਾਕੇਸ਼ ਸ਼ਰਮਾ ਵਲੋ ਸਨਮਾਨਿਤ ਕੀਤਾ ਗਿਆ ਇਸ ਮੌਕੇ ਡਾ: ਮਦਨ ਮੋਹਨ ਐਸ.ਐਮ.ਓ (ਰਿਟਾ), ਪੰਜਾਬ ਪ੍ਰਧਾਨ ਅਚਾਰੀਆ ਗੁਰਮੀਤ ਸਿੰਘ ਰਾਜ ਪੁਰੋਹਿਤ (ਸੁਪਰਡੈਂਟ), ਵੈਲਫੇਅਰ ਐਸੋਸ਼ੀਏਸ਼ਨ ਦੇ ਕਲੈਰੀਕਲ ਯੂਨੀਅਨ ਪ੍ਰਧਾਨ ਸੁਮਿਤ ਸ਼ਰਮਾ, ਰਾਮ ਮਹਿਤਾ ਏ.ਐਮ.ਓ, ਜਗਰੂਪ ਕੌਰ ਡਾਟਾ ਐਂਟਰੀ ਆਪਰੇਟਰ , ਸਲਵਿੰਦਰ ਸਿੰਘ ਏ.ਐਮ.ਓ , ਕੰਵਲ ਬਲਰਾਜ ਸਿੰਘ ਏ.ਐਮ.ਓ , ਰਜਿੰਦਰ ਸਿੰਘ ਐਮ.ਪੀ.ਐਚ.ਐਸ.ਆਦਿ ਹਾਜ਼ਰ ਸਨ।



# ਭਾਈ ਸੁਰਿੰਦਰ ਸਿੰਘ ਠੀਕਰੀਵਾਲ ਦਾ ਵੱਡਾ ਉੱਦਮ - ਜੰਗੀ ਯੋਧੇ







ਆਵਾਜ਼ਿ ਕੌਮ AWAZE QAUM International Newspaper & WEB TV

ਭਾਰਤ ਸਰਕਾਰ ਵੱਲੋਂ ਦਰਬਾਰ ਸਾਹਿਬ ਤੇ ਕੀਤਾ ਗਿਆ ਫੌਜੀ ਹਮਲਾ ਸਿੱਖ ਇਤਿਹਾਸ ਵਿਚ 20ਵੀਂ ਸਦੀ ਦੀ ਸਭ ਤੋਂ ਵੱਡੀ ਘਟਨਾ ਸੀ। ਇਹ ਹਮਲਾ 'ਹਿੰਦੂਤਵ ਦੀਆਂ ਪਿੱਤਰੀ ਭਾਵਨਾਵਾਂ' ਨੂੰ ਖ਼ੁਸ਼ ਕਰਨ ਲਈ ਕੀਤਾ ਗਿਆ। ਇਸ ਦੇ ਜਵਾਬ ਵਿਚ ਸਿੱਖਾਂ ਨੇ ਭਾਰਤੀ ਸਟੇਟ ਨੂੰ 10 ਸਾਲ ਵਾਹਣੀਂ ਪਾਈ ਰੱਖਿਆ। ਸਿੱਖ ਜਜਬਾਤਾਂ ਨੇ ਹਕੂਮਤ ਨਾਲ ਲਹੂ-ਡੋਲ੍ਹਵੀਂ ਜੰਗ ਲੜ ਕੇ ਵੱਡੇ ਕਾਰਨਾਮੇਂ ਕਰ ਦਿਖਾਏ ਜਿਨ੍ਹਾਂ ਵਿਚ ਪ੍ਰਧਾਨ ਮੰਤਰੀ ਇੰਦਰਾ ਗਾਂਧੀ, ਜਨਰਲ ਵੈਦਿਆ, ਮੁੱਖ ਮੰਤਰੀ ਬੇਅੰਤ ਸਿੰਘ ਵਰਗੇ ਟੀਸੀਓਂ ਲਾਹੇ। ਅਜਿਹੇ ਕਾਰਨਾਮੇ ਕਰਨ ਲਈ ਆਪਣੀਆਂ ਜਾਨਾਂ ਤਲ਼ੀ ਤੇ ਧਰਨ ਵਾਲੇ ਕੌਮੀ ਯੋਧਿਆਂ ਦਾ ਇਤਿਹਾਸ ਲਿਖਣਾ ਸੱਚੇ ਸਤਿਗੁਰਾਂ ਦੀ ਮਿਹਰ ਹੁੰਦਾ ਹੈ। ਇਸੇ ਕਿਤਾਬ ਵਿਚ ਜੁਗਰਾਜ ਸਿੰਘ ਮਝੈਲ ਨੇ ਠੀਕ ਆਖਿਆ ਹੈ ਕਿ ਸ਼ਹੀਦਾਂ ਦਾ ਇਤਿਹਾਸ ਲਿਖਣਾ ਕਿਸੇ ਸ਼ਖ਼ਿਸ਼ਸ਼ ਤੋਂ ਘੱਟ ਨਹੀਂ। ਇਹ ਬਖ਼ਿਸ਼ਸ਼ਾਂ ਪਹਿਲਾਂ ਵੀ ਕਈ ਸਿੱਖ ਲਿਖਾਰੀਆਂ ਦੇ ਹਿੱਸੇ ਆਈਆਂ ਹਨ ਇਨ੍ਹਾਂ ਵਿਚ ਹੁਣ ਭਾਈ ਸੁਰਿੰਦਰ ਸਿੰਘ ਠੀਕਰੀਵਾਲ ਦਾ ਨਾਮ ਵੀ ਜੁੜ ਗਿਆ ਹੈ। ਭਾਈ ਸਾਹਿਬ ਨੇ ਕਿਤਾਬ ਜੰਗੀ ਯੋਧੇ ਲਿਖਕੇ ਸ਼ਹੀਦਾਂ ਦੀਆਂ ਰੂਹਾਂ ਤੋਂ ਅਸ਼ੀਰਵਾਦ ਲਿਆ ਹੈ। ਅਜਿਹੇ ਕੰਮ ਕਰਨੇ ਬਹੁਤ ਔਖੇ ਹੁੰਦੇ ਹਨ ਖਾਸ਼ਕਰ ਦੇਸ਼ ਵਿਚੋਂ ਬਾਹਰ ਰਹਿਕੇ ਕੰਮ ਕਰਨੇ ਹੋਰ ਵੀ ਔਖੇ ਹਨ. ਦੂਜਾ ਇਹ ਹਕੂਮਤ ਦੇ ਸਮੁੰਦਰ ਵਿਚ ਰਹਿਕੇ ਇਸ ਦੇ ਮਗਰਮੱਛਾਂ ਨਾਲ ਵੈਰ ਪਾਉਣ ਵਾਲੀ ਗੱਲ ਹੁੰਦੀ ਹੈ। ਇਸ ਤੋਂ ਪਹਿਲਾਂ ਵੀ ਭਾਈ ਠੀਕਰੀਵਾਲ ਨੇ "ਸੰਤ ਕਹਿੰਦੇ ਰਹੇ..." ਪੈਂਫਲਿਟ ਲੜੀ ਛਾਪ ਕੇ ਸੰਗਤਾਂ ਨੂੰ ਮੁਫਤ ਵੰਡੀ ਸੀ ਜਿਸ ਵਿਚ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੀਆਂ ਰਿਕਾਰਡ ਸਪੀਚਾਂ ਸਨ। ਭਾਈ ਸਾਹਿਬ ਨੇ ਸੰਤਾਂ ਦੇ ਭਾਸ਼ਣਾਂ ਦੀਆਂ ਕੰਮਪੈਟ ਡਿਸਕਾਂ ਵੀ ਤਿਆਰ ਕਰਵਾ ਕੇ ਵੰਡੀਆਂ ਸਨ। ਇਹ ਸਭ ਵੱਡੇ ਉੱਦਮ ਹਨ। ਜੰਗੀ ਯੋਧੇ (ਸ਼ਹੀਦਾਂ ਦੀ ਗਾਥਾ) ਕਿਤਾਬ ਵਿਚ 29 ਸ਼ਹੀਦ ਸਿੰਘਾਂ-ਸਿੰਘਣੀਆਂ ਦੀਆਂ ਜੁਝਾਰੂ ਜੀਵਨੀਆਂ ਹਨ। ਇਸ ਕਿਤਾਬ ਬਾਰੇ ਅਮਰਦੀਪ ਸਿੰਘ ਅਮਰ, ਸਿੱਖ ਚਿੰਤਕ ਭਾਈ ਸਰਬਜੀਤ ਸਿੰਘ ਘੁਮਾਣ, ਨੌਜਵਾਨ ਲੇਖਕ ਰਣਜੀਤ ਸਿੰਘ ਦਮਦਮੀ ਟਕਸਾਲ, ਗੁਰਮੀਤ ਸਿੰਘ ਇੰਜਨੀਅਰ, ਭਾਈ ਪਰਗਟ ਸਿੰਘ ਨਿੱਝਰ, ਜੁਗਰਾਜ ਸਿੰਘ ਮਝੈਲ ਹੁਰਾਂ ਨੇ ਆਪਣੇ ਵਿਚਾਰ ਲਿਖੇ ਹਨ। ਇਨ੍ਹਾਂ ਸਾਰੇ ਗੁਰੂ ਪਿਆਰਿਆਂ ਨੇ ਭਾਈ ਸੁਰਿੰਦਰ ਸਿੰਘ ਠੀਕਰੀਵਾਲ ਨੂੰ ਸ਼ਾਬਾਸ਼ ਦਿੱਤੀ ਹੈ। ਭਾਈ ਸੁਰਿੰਦਰ ਸਿੰਘ ਠੀਕਰੀਵਾਲ ਨੇ ਲਿਖਿਆ ਹੈ ਕਿ ਉਨ੍ਹਾਂ ਦਾ ਮਨ ਪੰਜ ਭਾਗ ਲਿਖਣ ਦਾ ਹੈ। ਮੇਰੇ ਖਿਆਲ ਨਾਲ ਪੰਜ ਭਾਗ ਵੀ ਕਾਫੀ ਨਹੀਂ ਇਹ ਘੇਰਾ ਵਧਾਉਣਾ ਪਵੇਗਾ। ਕਿਤਾਬ ਛਾਪਣ ਵਿਚ ਕੁੱਝ ਊਣਤਾਈਆਂ ਵੀ ਹਨ ਜਿਨ੍ਹਾਂ ਵੱਲ ਧਿਆਨ ਦੇਣਾ ਚਾਹੀਦਾ ਸੀ। ਇਹ ਕਿਤਾਬ ਕਾਹਲੀ ਵਿਚ ਛਾਪੀ ਗਈ ਲਗਦੀ ਹੈ ਪਰ ਇਤਿਹਾਸ ਲਿਖਣ ਦੀ ਕਾਹਲ ਨੂੰ ਮਨਜੂਰੀ ਨਹੀਂ ਦਿੰਦਾ। ਜਿਨ੍ਹਾਂ ਨੁਕਤਿਆਂ ਵੱਲ ਧਿਆਨ ਦੇਣ ਦੀ ਲੋੜ ਹੈ ਉਨ੍ਹਾਂ ਵਿਚ ਹਰ ਸ਼ਹੀਦ ਦਾ ਜ਼ਿਲ੍ਹਾ ਅਤੇ ਪਿੰਡ ਦੀ ਲੁਕੇਸ਼ਨ ਲਿਖਣੀ ਚਾਹੀਦੀ ਸੀ। ਇਨ੍ਹਾਂ ਜੀਵਨੀਆਂ ਦਾ ਘੇਰਾ ਬਰਨਾਲਾ ਖੇਤਰ ਹੋਣ ਕਰਕੇ ਇਸ ਇਲਾਕੇ ਦੇ ਲੋਕਾਂ ਨੂੰ ਤਾਂ ਪਿੰਡਾਂ ਦਾ ਪਤਾ ਹੈ ਪਰ ਜਦੋ ਕਿਤਾਬ ਦੂਰ-ਦੁਰਾਡੇ ਦੇ ਪਾਠਕਾਂ ਕੋਲ ਪੁੱਜੇਗੀ ਤਾਂ ਇਸ ਤੇ ਅੱਗੇ ਕੰਮ ਕਰਨ ਵਾਲੇ ਖੋਜੀਆਂ ਨੂੰ ਪਿੰਡ ਲੱਭਣ ਵਿਚ ਮੁਸ਼ਕਲ ਆਵੇਗੀ। ਕਿਤਾਬਾਂ ਵਿਚ ਲਿਖਿਆ ਇਤਿਹਾਸ ਸਦੀਆਂ ਤੱਕ ਰਹਿਣਾ ਹੁੰਦਾ ਹੈ। ਇਸ ਲਈ ਕਿਤਾਬ ਵਿਚ ਲਿਖਿਆ ਹਨ ਨੁਕਤਾ ਅਗਲੀ ਪੀੜ੍ਹੀ ਦੇ ਖੋਜ਼ੀਆਂ ਲਈ ਲਾਭਕਾਰੀ ਹੁੰਦਾ ਹੈ। ਮਸਾਲ ਦੇ ਤੌਰ ਤੇ ਕਿਤਾਬ ਵਿਚ ਲਿਖੀ ਪਹਿਲੀ ਜੀਵਨੀ ਵਿਚ ਪਾਠਕ ਨੂੰ ਸ਼ਹੀਦ ਭਾਈ ਕੌਰ ਸਿੰਘ ਦੇ ਪਿੰਡ ਕੁੰਭੜਵਾਲ ਦਾ ਦਾ ਪਤਾ ਨਹੀਂ ਲਗਦਾ ਕਿ ਇਹ ਪਿੰਡ ਕਿਹੜੇ ਜ਼ਿਲ੍ਹੇ ਵਿਚ ਕਿੱਥੇ ਹੈ ? ਕੁੰਭੜਵਾਲ ਨੂੰ ਕਈ ਥਾਂ ਕੁੰਬੜਵਾਲ ਲਿਖਣਾ ਵੀ ਕਾਹਲ ਦਾ ਨਤੀਜਾ ਹੈ। ਤਤਕਰਾ ਵੀ ਕਿਤਾਬ ਦੇ ਸ਼ੁਰੂ ਵਿਚ ਹੋਣਾ ਚਾਹੀਦਾ ਸੀ। ਲੇਖਕ ਨੂੰ ਸਲਾਹ ਹੈ ਕਿ ਉਹ ਅਗਲੇ ਭਾਗਾਂ ਵਿਚ ਸ਼ਹੀਦ ਬਾਰੇ ਹਰ ਨੁਕਤਾ ਲਿਖਣ ਜਿਵੇਂ ਸ਼ਹੀਦੀ ਕਿੱਥੇ ਹੋਈ, ਕਦੋਂ ਹੋਈ, ਸਸਕਾਰ ਹੋਇਆ ਤਾਂ ਕਿੱਥੇ ਹੋਇਆ। ਸ਼ਹੀਦੀ ਸਮੇਂ ਲੋਕਾਂ ਦਾ ਰੋਹ ਕਿਹੋ ਜਿਹਾ ਸੀ। ਭੋਗ ਕਿੱਥੇ ਪਾਇਆ ਗਿਆ, ਕੌਣ ਲੋਕ ਸ਼ਾਮਲ ਹੋਏ ਉਨ੍ਹਾਂ ਨੇ ਭੋਗ ਤੇ ਕੀ ਆਖਿਆ, ਹੁਣ ਘਰ ਦੇ ਹਾਲਤ ਕੀ ਹਨ ਆਦਿ। ਜਿਵੇਂ ਭਾਈ ਸੁਰਿੰਦਰ ਸਿੰਘ ਠੀਕਰੀਵਾਲ ਨੇ ਖ਼ੁਦ ਹੀ ਲਿਖਿਆ ਹੈ ਕਿ ਇਹ ਉਨ੍ਹਾਂ ਦਾ ਪਹਿਲਾ ਯਤਨ ਹੈ ਇਸ ਲਈ ਕੁੱਝ ਕਮੀਆਂ ਰਹਿ ਜਾਣੀਆਂ ਸੁਭਾਵਿਕ ਹਨ ਫਿਰ ਵੀ ਇਹ ਅਜਿਹਾ ਉੱਦਮ ਹੈ ਕਿਹੜਾ ਲੱਖਾਂ ਲੋਕਾਂ ਵਿਚੋਂ ਕਿਸੇ ਇਕ ਦੇ ਹਿੱਸੇ ਆਉਂਦਾ ਹੈ। ਭਾਈ ਸਾਹਿਬ ਨੂੰ ਇਸ ਉੱਦਮ ਦੀ ਸ਼ਾਬਾਸ਼ ਹੈ। - ਗੁਰਸੇਵਕ ਸਿੰਘ ਧੌਲਾ

**ਕਿਤਾਬ ਦਾ ਨਾਮ: ਜੰਗੀ ਯੋਧੇ (ਸ਼ਹੀਦਾਂ ਦੀ ਗਾਥਾ) ,ਪੇਪਰ ਬੈਕ**

**ਲੇਖਕ: ਭਾਈ ਸੁਰਿੰਦਰ ਸਿੰਘ ਠੀਕਰੀਵਾਲ**

**ਪੰਨੇ: 93**

**ਰਵਿਊਕਾਰ: ਗੁਰਸੇਵਕ ਸਿੰਘ ਧੌਲਾ**

### ਸਿੰਘ ਸਾਹਿਬ ਜੱਥੇਦਾਰ ਸੰਤ ਬਾਬਾ ਕੁਲਵੰਤ ਸਿੰਘ ਜੀ ਦੇ 25 ਸਾਲ ਸੇਵਾ ਪੂਰੀ ਹੋਣ ਦੀ ਖੁਸ਼ੀ ਵਿੱਚ

# ਸ਼ੁਕਰਾਨੇ ਵੱਜੋਂ ਕਰਵਾਏ ਜਾਣਗੇ ਵੱਖ ਵੱਖ ਧਾਰਮਿਕ, ਸਮਾਜਿਕ ਪ੍ਰੋਗਰਾਮ

**ਅੰਮ੍ਰਿਤਸਰ,10 ਜਨਵਰੀ ( ਆਵਾਜ਼ਿ ਕੌਮ ਬਿਊਰੋ )**-ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਜੀ ਦੇ ਮਾਨਯੋਗ ਮੁੱਖ ਜੱਥੇਦਾਰ ਸਿੰਘ ਸਾਹਿਬ ਸੰਤ ਬਾਬਾ ਕੁਲਵੰਤ ਸਿੰਘ ਜੀ ਇੰਨਾਂ ਨੂੰ ਮਿਤੀ 13 ਜਨਵਰੀ 2025 ਨੂੰ ਮੁੱਖ ਜੱਥੇਦਾਰ ਵੱਜੋਂ ਤਖ਼ਤ ਸਾਹਿਬ ਦੀ ਸੇਵਾ ਨਿਭਾਉਂਦੇ ਹੋਏ 25 ਸਾਲ ਪੂਰੇ ਹੋ ਰਹੇ ਹਨ ਇਸ ਖੁਸ਼ੀ ਵਿੱਚ ਸ਼ੁਕਰਾਨੇ ਵੱਜੋਂ ਮਾਨਯੋਗ ਪੰਜ ਪਿਆਰੇ ਸਾਹਿਬਾਨ ਦੀ ਸਰਪ੍ਰਸਤੀ ਹੇਠ ਗੁਰਦੁਆਰਾ ਸੱਚਖੰਡ ਬੋਰਡ ਦੇ ਸਹਿਯੋਗ ਨਾਲ ਮਿਤੀ 25 ਜਨਵਰੀ 2025 ਨੂੰ ਵੱਖ ਵੱਖ ਧਾਰਮਿਕ ਸਮਾਗਮ, ਗੁਰਮਤਿ ਸਮਾਗਮ, ਸਾਮਾਜਿਕ ਪ੍ਰੋਗ੍ਰਾਮ ਹੋਣਗੇ। ਸਭ ਤੋਂ ਪਹਿਲਾਂ ਮਿਤੀ 23 ਜਨਵਰੀ ਨੂੰ ਤਖ਼ਤ ਸਾਹਿਬ ਵਿੱਖੇ ਸ਼ੁਕਰਾਨੇ ਵੱਜੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਆਰੰਭਤਾ ਹੋਵੇਗੀ ਜਿਸ ਦੀ ਸਮਾਪਤੀ ਮਿਤੀ 25 ਜਨਵਰੀ ਨੂੰ ਤਖ਼ਤ ਸਾਹਿਬ ਵਿਖੇ ਸਵੇਰ 9.00 ਵਜੇ ਹੋਵੇਗੀ। ਅਤੇ ਸ਼ਾਮ ਨੂੰ 7.00 ਵੱਜੇ ਤੋਂ ਰਾਤ 12.00 ਵੱਜੇ ਤਕ ਵਿਸ਼ੇਸ਼ ਗੁਰਮਤਿ ਸਮਾਗਮ ਹੋਣਗੇ। ਨਾਲ ਹੀ ਸ਼ੁਕਰਾਨਾ, ਸਨਮਾਨ ਦੇ ਪ੍ਰੋਗ੍ਰਾਮ ਹੋਣਗੇ। ਇੰਨਾਂ ਦੇ 25 ਸਾਲ ਦੀ ਕਠਿਨ ਸੇਵਾ ਨੂੰ ਮੁੱਖ ਰਖਦੇ ਹੋਏ ਸ੍ਰੀ ਦਸ਼ਮੇਸ਼ ਹਸਪਤਾਲ ਵਿਖੇ ਮਿਤੀ 24 ਤੋਂ 26 ਜਨਵਰੀ ਤੱਕ ਚੰਦੀਗੜ੍ਹ ਦੇ ਤੇਰਾ-ਤੇਰਾ ਮਿਸ਼ਨ ਡਾ. ਸਬਰਵਾਲ ਅਤੇ ਇੰਨਾਂ ਦੇ ਸਾਥੀ ਡਾਕਟਰਾਂ ਵੱਲੋਂ ਫ੍ਰੀ ਅੱਖਾਂ ਦੇ ਇਲਾਜ ਕਿਤੇ ਜਾਣਗੇ। ਨਾਲ ਹੀ ਮਿਤੀ 25 ਜਨਵਰੀ ਨੂੰ ਫਿਜੀਕਲ ਫਿਟਨੇਸ, ਵਜਨ ਘੱਟ ਕਰਨ ਦਾ ਸ੍ਰੀ ਸੁਨੀਲ ਰਾਠੌੜ ਵੱਲੋਂ ਵੇਲਨੇਸ ਫਿਟਨੇਸ ਕੈਂਪ ਅਤੇ ਵਿਸ਼ੇਸ਼ ਤੋਰ ਤੇ ਵੱਖ ਵੱਖ ਬਿਮਾਰਿਆਂ ਦੇ ਉਚ ਪਧਰ ਦੇ ਡਾਕਟਰਾਂ ਰਾਂਹੀਂ ਫ੍ਰੀ ਮੇਡੀਕਲ ਕੈਂਪ ਦਾ ਵੀ ਆਯੋਜਨ ਰਖਿਆ ਗਿਆ ਹੈ



ਇਸ ਸ਼ੁਕਰਾਨੇ ਸਮਾਗਮ ਵਾਸਤੇ ਦੇਸ਼-ਵਿਦੇਸ਼ਾਂ ਤੋਂ ਮਾਨਯੋਗ ਸੰਤ, ਮਹਾਂਪੁਰਖ, ਦਲ ਪੰਥ ਦੇ ਮੁੱਖੀ, ਗੁਰਦੁਆਰਾ ਪ੍ਰਬੰਧਕਾਂ ਦੇ ਪ੍ਰਤਿਨਿਧੀ, ਵੀ.ਵੀ.ਆਈ.ਪੀ. ਅਤੇ ਸਥਾਨਕ ਵੱਖ ਵੱਖ ਰਾਜਨਿਤਿਕ ਦਲਾਂ ਦੇ ਐਮ.ਪੀ., ਐਮ.ਐਲ.ਏ., ਵੱਖ ਵੱਖ ਧਰਮਾਂ ਦੇ ਧਾਰਮਿਕ ਮੁੱਖੀ ਅਤੇ ਹੋਰ ਸਮਾਜਿਕ ਵਿਅਕਤੀ, ਪ੍ਰਸ਼ਾਸਕੀਅ ਅਧਿਕਾਰੀ, ਸਾਧ-ਸੰਗਤ, ਗੁਰਦੁਆਰਾ ਬੋਰਡ ਦੇ ਸਮੂੰਹ ਸਾਬਕਾ ਪਦਾਧਿਕਾਰੀ ਮੈਂਬਰ ਇਸ ਸਮਾਗਮ ਵਿੱਚ ਸ਼ਾਮਿਲ ਹੋਣਗੇ। ਇਸ ਸਮਾਗਮ ਨੂੰ ਸਫਲ ਬਨਾਉਣ ਲਈ ਗੁਰਦੁਆਰਾ ਸੱਚਖੰਡ ਬੋਰਡ ਦੇ ਪ੍ਰਸ਼ਾਸਕ ਡਾ. ਵਿਜੈ ਸਤਬੀਰ ਸਿੰਘ ਇੰਨਾਂ ਨੇ ਗੁਰਦੁਆਰਾ ਬੋਰਡ ਦੇ ਸਮੂੰਹ ਅਧਿਕਾਰੀ, ਕਰਮਚਾਰੀ, ਪ੍ਰਬੰਧਕਾਂ ਨੂੰ ਨਿਰਦੇਸ਼ ਜਾਰੀ ਕਰ ਮਾਨਯੋਗ ਜੱਥੇਦਾਰ ਸਾਹਿਬ ਜੀ ਦਾ 25 ਸਾਲ ਸੇਵਾ ਸੰਪੂਰਣ ਸ਼ੁਕਰਾਨਾ ਸਮਾਗਮ ਸਫਲ ਬਨਾਉਣ ਲਈ ਸਮੂਚੇ ਪ੍ਰਬੰਧ ਕਰਨ ਲਈ ਸੂਚਨਾਵਾਂ ਦਿੱਤੀਆਂ ਹਨ। ਇਸ ਸਮਾਗਮ ਵਿੱਚ ਕੋਈ ਕਮੀ-ਪੇਸ਼ੀ ਨਾ ਹੋਵੇ ਇਸ ਦੀ ਵਿਸ਼ੇਸ਼ ਖਬਰਦਾਰੀ ਬਾਰੇ ਵੀ ਸੁਚਿਤ ਕਿਤਾ ਹੈ। ਸਮਾਗਮ ਸਮੈਂ ਗੁਰਦੁਆਰਾ ਬੋਰਡ ਦੇ ਅਧਿਕਾਰੀ, ਕਰਮਚਾਰੀ ਇੰਨਾਂ ਦੀ ਸੇਵਾਵਾਂ ਵੀ ਲਾਈ ਜਾਵੇ ਬਾਰੇ ਨਿਰਦੇਸ਼ ਦਿੱਤਾ ਹੈ ਸਮੂੰਹ ਦੇਸ਼-ਵਿਦੇਸ਼ ਦੀ ਸਾਧ-ਸੰਗਤ, ਸੰਤ ਮਹਾਂਪੁਰਖ, ਜੱਥੇਬੰਦਿਆਂ, ਗੁਰਦੁਆਰਾ ਪ੍ਰਬੰਧਕ ਅਤੇ ਪੰਥਕ ਮੁੱਖ ਹਸਤੀਆਂ ਨੂੰ ਬੇਨਤੀ ਹੈ ਕਿ, ਇੰਨਾ ਸਮਾਗਮ ਵਿੱਚ ਹਾਜਰੀਆਂ ਭਰ ਕੇ ਮਾਨਯੋਗ ਸੰਤ ਬਾਬਾ ਕੁਲਵੰਤ ਸਿੰਘ ਜੀ ਦੀ ਕਠਿਨ ਸੇਵਾ ਨੂੰ ਕੋਟਿ-ਕੋਟਿ ਨਮਨ ਕਰਦੇ ਹੋਏ ਖੁਸ਼ੀਆਂ ਵਜੋਂ ਉਨਾਂ ਨੂੰ ਵਧਾਈਆ ਦਿੱਤੀ ਜਾਣ।

### ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਵੱਲੋਂ

# 70 ਪਿੰਡਾਂ ਵਿੱਚ ਕੇਂਦਰ ਅਤੇ ਪੰਜਾਬ ਸਰਕਾਰ ਦੇ ਪੁਤਲੇ ਸਾੜੇ ਗਏ



**ਚੌਂਕ ਮਹਿਤਾ, 10 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਵੱਲੋਂ ਜ਼ਿਲ੍ਹਾ ਜਰਨਲ ਸਕੱਤਰ ਪਲਵਿੰਦਰ ਸਿੰਘ ਮਾਹਲ ਦੀ ਅਗਵਾਈ ਹੇਠ ਜ਼ਿਲ੍ਹਾ ਅੰਮ੍ਰਿਤਸਰ ਦੇ ਲੱਗਭਗ 70 ਪਿੰਡਾਂ ਵਿੱਚ ਕੇਂਦਰ ਅਤੇ ਪੰਜਾਬ ਸਰਕਾਰ ਦੇ ਪੁਤਲੇ ਸਾੜੇ ਗਏ,ਇਸ ਮੌਕੇ ਤੇ ਸੰਬੋਧਨ ਕਰਕੇ ਹੋਏ ਵੱਖ ਵੱਖ ਬੁਲਾਰਿਆਂ ਨੇ ਕਿਹਾ ਕਿ ਕੇਂਦਰ ਸਰਕਾਰ ਕਿਸਾਨਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ ਅਤੇ ਧੱਕੇ ਨਾਲ ਹੀ ਉਨ੍ਹਾਂ ਤੇ ਤਿੰਨ ਕਾਨੂੰਨ ਥੋਪੇ ਜਾ ਰਹੇ ਹਨ, ਜਿਨ੍ਹਾਂ ਦਾ ਉਹ ਵਿਰੋਧ ਕਰ ਰਹੇ ਕਰ ਰਹੇ ਹਨ ਅਤੇ ਆਪਣੀਆਂ ਹੱਕੀ ਮੰਗਾਂ ਮਨਵਾਉਣ ਵਾਸਤੇ ਹੀ ਉਨ੍ਹਾਂ ਦੇ ਆਗੂ ਜਗਜੀਤ ਸਿੰਘ ਡੱਲੇਵਾਲ ਇਸ ਵੇਲੇ ਮਰਨ ਵਰਤ ਤੇ ਬੈਠੇ ਹੋਏ ਹਨ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਜਗਜੀਤ ਸਿੰਘ ਡੱਲੇਵਾਲ ਸਾਡੀਆਂ ਆਉਣ ਵਾਲੀਆਂ ਨਸਲਾਂ ਅਤੇ ਫਸਲਾਂ ਨੂੰ ਬਚਾਉਣ ਲਈ ਆਪਣੀ ਜ਼ਿੰਦਗੀ ਦਾਅ ਉੱਪਰ ਲਗਾ ਕੇ ਅੱਜ 46 ਦਿਨ ਤੋਂ ਕੇਂਦਰ ਸਰਕਾਰ ਵੱਲੋਂ ਮੰਨੀਆ ਹੋਈਆਂ 13 ਮੰਗਾਂ ਨੂੰ ਲੈ ਕੇ ਮਰਨ ਵਰਤ ਉੱਪਰ ਬੈਠੇ ਪਲ ਪਲ ਹਰ ਇੱਕ ਇਨਸਾਨ ਦੇ ਹੱਕਾਂ ਲਈ ਲੜਦੇ ਹੋਏ ਤਿਲ ਤਿਲ ਕਰਕੇ ਮਰ ਰਹੇ ਹਨ ਪ੍ਰੰਤੂ ਗੂੰਗੀ ਬੋਲੀ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਆਪਣੀਆਂ ਹੀ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਕਰਨ ਦੀ ਬਜਾਏ ਆਪਣੇ ਹੱਕਾਂ ਲਈ ਅੰਦੋਲਨ ਲੜ ਰਹੇ ਕਿਸਾਨਾਂ ਨੂੰ ਮਾਰਨ ਦੀਆਂ ਹੀ ਚਾਲਾਂ ਚੱਲੀਆਂ ਜਾ ਰਹੀਆਂ ਹਨ। ਕਿਸਾਨ ਆਗੂਆਂ ਕਿਹਾ ਕਿ ਜਦੋਂ ਭਾਰਤ ਵਿੱਚ ਅੰਗਰੇਜ਼ੀ ਸਾਮਰਾਜ ਦਾ ਰਾਜ ਸੀ ਅਤੇ ਉਸ ਸਮੇਂ ਮਹਾਤਮਾ ਗਾਂਧੀ ਜੀ ਵੱਲੋਂ ਮਰਨ ਵਰਤ ਰੱਖਿਆ ਗਿਆ ਸੀ ਤਾਂ ਉਸ ਸਮੇਂ ਦੀ ਅੰਗਰੇਜ਼ੀ ਹਕੂਮਤ ਵੱਲੋਂ ਵੀ ਉਹਨਾਂ ਨਾਲ ਗੱਲ ਕਰਕੇ ਮਸਲਿਆਂ ਦਾ ਹੱਲ ਕੀਤਾ ਗਿਆ ਪ੍ਰੰਤੂ ਆਜ਼ਾਦ ਭਾਰਤ ਵਿੱਚ ਕੇਂਦਰ ਦੀ ਕਾਰਪੋਰੇਟ ਪੱਖੀ ਸਰਕਾਰ ਵੱਲੋਂ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਨੂੰ ਮੰਨਣ ਦੀ ਬਜਾਏ ਜਗਜੀਤ ਸਿੰਘ ਡੱਲੇਵਾਲ ਦੀ ਮੌਤ ਦਾ ਹੀ ਇੰਤਜ਼ਾਰ ਕੀਤਾ ਜਾ ਰਿਹਾ ਹੈ ਇਸ ਲਈ ਕੇਂਦਰ ਦੀ ਉਸ ਗੂੰਗੀ ਬੋਲੀ ਸਰਕਾਰ ਨੂੰ ਜਗਾਉਣ ਲਈ ਅੱਜ ਦੇਸ਼ ਭਰ ਵਿੱਚ ਮੋਦੀ ਸਰਕਾਰ ਦੇ ਪੁਤਲੇ ਫੂਕੇ ਗਏ ਹਨ,ਉਨ੍ਹਾ ਕਿਹਾ ਕਿ ਜੇਕਰ ਸਰਕਾਰ ਨੇ ਜਲਦ ਤੋਂ ਜਲਦ ਇਹ ਮੰਗਾਂ ਨਾ ਮੰਨੀਆਂ ਤਾਂ ਪੂਰੇ ਦੇਸ਼ ਵਿੱਚ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।ਇਸ ਮੌਕੇ ਜ਼ਿਲ੍ਹਾ ਆਗੂ ਜਗਜੀਤ ਸਿੰਘ ਕੋਹਾਲੀ,ਗੁਰਜੰਟ ਸਿੰਘ ਕੋਹਾਲੀ, ਆਕਾਸ਼ਦੀਪ ਸਿੰਘ ਮਾਨਾਵਾਲਾ, ਬਲਾਕ ਆਗੂ ਰੇਸ਼ਮ ਸਿੰਘ ਨੰਬਰਦਾਰ ਕੋਹਾਲੀ,ਬਲਾਕ ਪ੍ਰਧਾਨ ਜੰਡਿਆਲਾ ਦਲਜੀਤ ਸਿੰਘ, ਬਲਾਕ ਪ੍ਰਧਾਨ ਚੋਗਾਵਾਂ ਸਵਿੰਦਰ ਸਿੰਘ ਕਲੇਰ, ਬਲਾਕ ਪ੍ਰਧਾਨ ਅਜਨਾਲਾ ਬਿੱਟਾ ਮਾਹਲ, ਬਲਾਕ ਪ੍ਰਧਾਨ ਅਟਾਰੀ ਦਿਲਰਾਜ ਸਿੰਘ ਲੱਧੇਵਾਲ,ਬਲਾਕ ਪ੍ਰਧਾਨ ਵੇਰਵਾ ਸ਼ਹਿਰੀ ਰਵਿੰਦਰ ਸਿੰਘ, ਜ਼ਿਲ੍ਹਾ ਆਗੂ ਮਲਕੀਤ ਸਿੰਘ ਵਡਾਲਾ,ਬਲਾਕ ਪ੍ਰਧਾਨ ਮਜੀਠਾ ਸੂਬਾ ਸਿੰਘ ਝੰਡੇ ਅਤੇ ਵੱਡੀ ਗਿਣਤੀ ਵਿੱਚ ਕਿਸਾਨਾਂ ਵੱਲੋਂ ਕੇਂਦਰ ਸਰਕਾਰ ਦੇ ਪੁਤਲੇ ਸਾੜ ਕੇ ਪ੍ਰਦਰਸ਼ਨ ਕੀਤਾ ਗਿਆ।

# ਭਾਈ ਕਰਮਜੀਤ ਸਿੰਘ ਬੱਬਰ ਸਿੱਖਾਂਵਾਲਾ ਦੇ ਸਪੁੱਤਰ ਅਮਨਪ੍ਰੀਤ ਸਿੰਘ ਲਾਲੀ ਦੀ ਬੇਵਕਤੀ ਮੌਤ ਤੇ ਪੰਥਕ ਨੁਮਾਇੰਦਿਆਂ ਵੱਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ

ਪਿਛਲੇ ਦਿਨੀ ਭਾਈ ਕਰਮਜੀਤ ਸਿੰਘ ਸਿੱਖਾਂਵਾਲਾ ਦੇ ਸਪੁੱਤਰ ਅਮਨਪ੍ਰੀਤ ਸਿੰਘ ਲਾਲੀ ਗੁਰੂ ਵਲੋਂ ਬਖਸ਼ੀ ਸਵਾਸਾਂ ਦੀ ਪੂੰਜੀ ਪੂਰੀ ਕਰਕੇ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ ਉਸ ਅਕਾਲ ਪੁਰਖ ਦਾ ਕੋਈ ਭਾਣਾ ਹੀ ਸੀ ਕਿ ਭਾਈ ਅਮਨਪ੍ਰੀਤ ਸਿੰਘ ਬਹੁਤ ਲੰਮਾ ਸਮਾਂ ਕੌਮਾ ਵਿੱਚ ਰਹੇ। ਅਜਿਹੇ ਸਮੇ ਪਰਿਵਾਰ ਤੇ ਕੀ ਗੁਜ਼ਰਦੀ ਹੈ ਇਹ ਤੇ ਪਰਿਵਾਰ ਹੀ ਜਾਣਦਾ ਹੈ।ਪਰ ਉਸ ਦਾ ਭਾਣਾ ਮੋੜਿਆ ਨਹੀ ਜਾ ਸਕਦਾ।ਇਸ ਤੋਂ ਪਹਿਲਾਂ ਵੱਡਾ ਪੁੱਤਰ ਇੱਕ ਐਕਸੀਡੈਂਟ ਵਿਚ ਵਿਛੋੜਾ ਦੇ ਗਿਆ ਸੀ। ਭਾਈ ਅਮਨਪ੍ਰੀਤ ਸਿੰਘ ਜਿਥੇ ਇੱਕ ਚੋਟੀ ਦੇ ਜੁਝਾਰੂ ਬੱਬਰ ਦੇ ਪੁੱਤਰ ਸਨ ਉਥੇ ਇੱਕ ਚੋਟੀ ਦੇ ਬੱਬਰ ਭਾਈ ਬਲਵਿੰਦਰ ਸਿੰਘ ਗੰਗਾ ਦੀ ਭਤੀਜੀ ਨਾਲ ਵਿਆਹੇ ਹੋਏ ਸਨ।ਭਾਈ ਬਲਵਿੰਦਰ ਸਿੰਘ ਗੰਗਾ ਬੱਬਰ ਲੰਮਾ ਸਮਾਂ ਸਿੱਖ ਰਾਜ ਦੀ ਪ੍ਰਾਪਤੀ ਲਈ ਦੁਸ਼ਮਣ ਦੀਆਂ ਫੌਜਾਂ ਨੂੰ ਲੋਹੇ ਦੇ ਚਣੇ ਚਬਾਉਂਦੇ ਹੋਏ ਸ਼ਹੀਦੀ ਪ੍ਰਾਪਤ ਕਰ ਗਏ ਸਨ। ਭਾਈ ਕਰਮਜੀਤ ਸਿੰਘ ਸਿੱਖਾਂਵਾਲਾ ਜਿਥੇ ਹਥਿਆਰਬੰਦ ਸੰਘਰਸ਼ ਵਿੱਚ ਆਪਣੀ ਭੂਮਿਕਾ ਨਿਭਾਉਂਦੇ ਰਹੇ ਉਥੇ ਬੱਬਰ ਸੂਰਮਿਆਂ ਦਾ ਇਤਿਹਾਸ ਲਿਖਕੇ ਕਲਮ ਦੁਆਰਾ ਅਣਮੁੱਲਾ ਯੋਗਦਾਨ ਪਾ ਰਹੇ ਹਨ। ਭਾਵੇ ਕਿ ਭਾਈ ਸਾਹਿਬ ਨੇ ਆਪਣੇ ਪਿੰਡੇ ਤੇ ਜ਼ਾਲਿਮ ਪੁਲਿਸ ਦਾ ਅਣਮਨੁੱਖੀ ਬੇਤਹਾਸ਼ਾ ਕਹਿਰ ਝੱਲਿਆ ਜੋ ਬਿਆਨ ਕਰਨ ਤੋਂ ਬਾਹਰ ਹੈ। ਭਾਈ ਕਰਮਜੀਤ ਸਿੰਘ ਸਿੱਖਾਂਵਾਲਾ ਭਾਵੇਂ ਕਿ ਸਰੀਰਕ ਤੌਰ ਬਹੁਤ ਕਮਜ਼ੋਰ ਹੋ ਚੁੱਕੇ ਹਨ, ਫਿਰ ਵੀ ਕਲਮ ਦੁਆਰਾ ਬੱਬਰ ਸੂਰਮਿਆਂ ਦਾ ਇਤਿਹਾਸ ਲਿਖਣ ਵਿੱਚ ਜੁਟੇ ਹੋਏ ਹਨ। ਉਤੋਂ ਪੁੱਤਰ ਦੇ ਵਿਛੋੜੇ ਦਾ ਦੁੱਖ ਝੋਲੀ ਪੈ ਗਿਆ। ਪੁਤਰਾਂ ਦਾ ਦਾਨੀ ਸ਼ਾਇਦ ਇਹ ਵੀ ਆਪਣੇ ਸਿੱਖ ਦੇ ਸਿਦਕ ਦੀ ਪਰਖ ਹੀ ਕਰ ਰਿਹਾ ਹੈ। ਅਸੀਂ ਬਦੇਸ਼ਾਂ ਤੋਂ ਇਸ ਦੁੱਖਦਾਇਕ ਘੜੀ ਸਮੇਂ ਭਾਈ ਸਾਹਿਬ ਨਾਲ ਖੜ੍ਹੇ ਹਾਂ। ਕਨੇਡਾ ਤੋਂ ਜਥੇਦਾਰ ਅਜੈਬ ਸਿੰਘ ਬਾਗੜੀ, ਜਥੇਦਾਰ ਸੰਤੋਖ ਸਿੰਘ ਖੇਲਾ ਅਤੇ ਐਸ ਐਸ ਖਹਿਰਾ,ਯੂ ਐਸ ਏ ਤੋਂ ਭਾਈ ਕੰਵਰਜੀਤ ਸਿੰਘ, ਭਾਈ ਅਮਰੀਕ ਸਿੰਘ ਖਾਲਸਤਾਨੀ, ਭਾਈ ਸੁਰਿੰਦਰ ਸਿੰਘ ਇੰਡਿਆਨਾ ਅਤੇ ਭਾਈ ਕੇਸਰ ਸਿੰਘ ਕੈਲੇਫੋਰਨੀਆ, ਇੰਗਲੈਂਡ ਤੋਂ ਜਥੇਦਾਰ ਗੁਰਮੇਜ ਸਿੰਘ ਅਤੇ ਭਾਈ ਹਰਜਿੰਦਰ ਸਿੰਘ ਮੰਡੇਰ, ਫਰਾਂਸ ਤੋਂ ਭਾਈ ਪ੍ਰਸ਼ੋਤਮ ਸਿੰਘ ਬੱਬਰ ਜਰਮਨੀ ਤੋਂ ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਸਤਨਾਮ ਸਿੰਘ ਬੱਬਰ, ਭਾਈ, ਭਾਈ ਬਿਧੀ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ ਅਤੇ ਭਾਈ ਰਾਜਿੰਦਰ ਸਿੰਘ ਆਦਿ ਸਿੰਘਾਂ ਨੇ ਕਿਹਾ ਹੈ ਕਿ ਵਾਹਿਗੁਰੂ ਅੱਗੇ ਅਰਦਾਸ ਹੈ ਵਾਹਿਗੁਰੂ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪ੍ਰੀਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।



# ਬਾਦਲ ਧੜੇ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਦੀਆਂ ਧੱਜੀਆਂ ਉਡਾਈਆਂ : ਪ੍ਰੋ. ਸਰਚਾਂਦ ਸਿੰਘ

### ਬਾਦਲ ਧੜਾ ਪੰਥ ਨੂੰ ਬੇਦਾਵਾ ਦੇ ਕੇ ਕਿਸ ਮੂੰਹ ਨਾਲ ਮੁਕਤਸਰ ਜਾਵੇਗਾ ਜਿੱਥੇ ਭਾਈ ਮਹਾਂ ਸਿੰਘ ਨੇ ਬੇਦਾਵਾ ਪੜਵਾ ਕੇ ਟੁੱਟੀ ਗੰਢੀ ਹੋਵੇ

**ਅੰਮ੍ਰਿਤਸਰ, 10 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਭਾਜਪਾ ਦੇ ਸਿੱਖ ਆਗੂ ਅਤੇ ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਅਕਾਲੀ ਲੀਡਰਸ਼ਿਪ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਟਕਰਾਉਣ ਦਾ ਫ਼ੈਸਲਾ ਕਰ ਚੁੱਕੀ ਹੈ ਅਤੇ ਪਾਵਨ ਤਖ਼ਤ ਸਾਹਿਬ ਨੂੰ ਨੀਵਾਂ ਦਿਖਾਉਣ ਦੀ ਹਮਾਕਤ ਕਰੀ ਹੈ। ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਅਸਤੀਫ਼ੇ ਨੂੰ ਪ੍ਰਵਾਨ ਕਰਨ ਦੇ ਅਕਾਲੀ ਦਲ ਬਾਦਲ ਦੀ ਵਰਕਿੰਗ ਕਮੇਟੀ ਦੇ ਵਰਤਾਰੇ ਨੇ ਇਹ ਸਪਸ਼ਟ ਕਰ ਦਿੱਤਾ ਹੈ ਕਿ ਅਕਾਲੀ ਲੀਡਰਸ਼ਿਪ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜਾਰੀ ਆਦੇਸ਼ ਨੂੰ ਇਨ ਬਿਨ ਲਾਗੂ ਕਰਨਾ ਤਾਂ ਦੂਰ ਉਕਤ ਆਦੇਸ਼ ਨਾਲ ਉਨ੍ਹਾਂ ਦਾ ਕੋਈ ਲੈਣਾ ਦੇਣਾ ਨਹੀਂ ਹੈ ਅਤੇ ਨਾ ਹੀ ਉਹ ਸਿਆਸੀ ਤੌਰ ’ਤੇ ਹਕੀਕਤ ’ਚ ਪੰਥ ਦੀ ਹੁਣ ਜਮਾਤ ਹੈ। ਉਹਨਾਂ ਨੂੰ ਸਵਾਰਥ ਅਤੇ ਕੁਰਸੀ ਦੀ ਦੌੜ ਲਈ ਸਿੱਖੀ ਸਿਧਾਂਤਾਂ ਨੂੰ ਪਿੱਠ ਦੇਣ ਵਿਚ ਵੀ ਹੁਣ ਕੋਈ ਸ਼ਰਮ ਨਹੀਂ ਹੈ।



ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਦੇ ਆਦੇਸ਼ਾਂ ਤੋਂ ਮੂੰਹ ਫੇਰ ਕੇ ਪੰਥ ਨੂੰ ਬੇਦਾਵਾ ਦੇਣ ਵਾਲੇ ਕਿਸ ਮੂੰਹ ਨਾਲ ਮੁਕਤਸਰ ਦੀ ਉਸ ਪਵਿੱਤਰ ਧਰਤੀ ’ਤੇ ਇਕੱਠ ਕਰਕੇ ਸ਼ਕਤੀ ਪ੍ਰਦਰਸ਼ਨ ਕਰਨਗੇ, ਜਿੱਥੇ ਜਥੇਦਾਰ ਭਾਈ ਮਹਾਂ ਸਿੰਘ ਨੇ ਆਪਣੇ ਤੇ ਸਾਥੀ ਸਿੰਘਾਂ ਦੀਆਂ ਗੁਨਾਹਾਂ ਦੀ ਮੁਆਫ਼ੀ ਮੰਗਣ ਲਈ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਤੋਂ ਬੇਦਾਵੇ ਵਾਲੀ ਲਿਖਤ ਪੜਵਾ ਕੇ ਟੱਟੀ ਗੰਢਣ ਦਾ ਪਰਉਪਕਾਰ ਕੀਤਾ ਸੀ। ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਅਕਾਲੀ ਦਲ ਦੀ ਵਰਕਿੰਗ ਕਮੇਟੀ ਨੇ ਅੱਜ ਜੋ ਵੀ ਫ਼ੈਸਲੇ ਲਏ ਉਹ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ 2 ਦਸੰਬਰ ਨੂੰ ਸੁਣਾਏ ਗਏ ਆਦੇਸ਼ਾਂ ਦੀ ਕੇਵਲ ਮੁਖ਼ਾਲਫ਼ਤ ਹੀ ਨਹੀਂ ਸਗੋਂ ਮੂਲ ਭਾਵਨਾਵਾਂ ਦੀਆਂ ਧੱਜੀਆਂ ਉਡਾਉਣ ਵਾਲਾ ਸੀ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਪ੍ਰਧਾਨ (ਸੁਖਬੀਰ ਸਿੰਘ ਬਾਦਲ) ਸਮੇਤ ਜਿਨ੍ਹਾਂ ਨੇ ਅਸਤੀਫ਼ੇ ਦਿੱਤੇ ਹਨ, ਉਹ ਤਿੰਨ ਦਿਨਾਂ ਦੇ ਵਿਚ ਅਸਤੀਫ਼ੇ ਪ੍ਰਵਾਨ ਕਰਕੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਜਾਣਕਾਰੀ ਭੇਜਣ ਦਾ ਆਦੇਸ਼ ਦਿੱਤਾ ਸੀ , ਪਰ ਅੱਜ ਕੇਵਲ ਪ੍ਰਧਾਨ ਸੁਖਬੀਰ ਬਾਦਲ ਦਾ ਹੀ ਅਸਤੀਫ਼ਾ ਮਨਜ਼ੂਰ ਕੀਤਾ ਗਿਆ। ਉੱਥੇ ਇਕ ਹੋਰ ਆਦੇਸ਼ ਵਿਚ ਅਕਾਲ ਤਖ਼ਤ ਸਾਹਿਬ ਦਾ ਸਪਸ਼ਟ ਆਦੇਸ਼ ਸੀ ਕਿ ”ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਆਪਣੇ ਇਨ੍ਹਾਂ ਗੁਨਾਹਾਂ ਕਾਰਨ ਸਿੱਖ ਪੰਥ ਦੀ ਸਿਆਸੀ ਅਗਵਾਈ ਕਰਨ ਦਾ ਨੈਤਿਕ ਅਧਿਕਾਰ ਗਵਾ ਚੁੱਕੀ ਹੈ।” ਇਸੇ ਤਹਿਤ ਅਕਾਲੀ ਦਲ ਦੀ ਨਵੀਂ ਭਰਤੀ ਲਈ 7 ਮੈਂਬਰੀ ਕਮੇਟੀ ਬਣਾਈ ਗਈ। ਅੱਜ ਦੇ ਫ਼ੈਸਲਿਆਂ ’ਚ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਬਣਾਈ ਗਈ ਉਕਤ 7 ਮੈਂਬਰੀ ਕਮੇਟੀ ਨੂੰ ਪੂਰੀ ਤਰਾਂ ਦਰਕਿਨਾਰ ਕਰਦਿਆਂ ਮਨ ਮਰਜ਼ੀ ਨਾਲ ਆਪਣੇ ਚਹੇਤਿਆਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ। ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਦਾ ਧੜਾ ਪਿਛਲੇ 6 ਸਾਲਾਂ ਤੋਂ ਤਨਖ਼ਾਹੀਆ ਹੋਣ ਦਾ ਲੇਬਰ ਲਗਾਏ ਬਿਨਾ ਆਪਣੇ ਗੁਨਾਹਾਂ ਤੋਂ ਸੁਰਖ਼ਰੂ ਹੋਣਾ ਲੋਚਦਾ ਰਿਹਾ। ਕਿਸੇ ਤਰਾਂ ਵੀ ਸੂਤਰ ਨਹੀਂ ਆਇਆ ਤਾਂ ਹੁਣ ਸ੍ਰੀ ਅਕਾਲ ਤਖ਼ਤ ਸਾਹਿਬ ’ਤੇ ਪੇਸ਼ ਹੋਣ ਦੌਰਾਨ ਵੀ ਪਹਿਲਾਂ ਗ਼ਲਤੀਆਂ ਗੁਨਾਹਾਂ ਨੂੰ ਆਪਣੀ ਝੋਲੀ ਪਵਾ ਲਿਆ , ਫਿਰ ਆਪਣੇ ਬਿਆਨ ਤੋਂ ਮੁਨਕਰ ਹੁੰਦਿਆਂ ਇਲਜ਼ਾਮਾਂ ਨੂੰ ਝੂਠੇ ਅਤੇ ਸਿਆਸਤ ਤੋਂ ਪ੍ਰੇਰਿਤ ਦੱਸਿਆ। ਫਿਰ ਭੁੱਲ ਬਖ਼ਸ਼ਾਉਣ ਲਈ ਹਾਜ਼ਰ ਹੋਇਆ, ਜਿਸ ਤੋਂ ਬਾਅਦ 2 ਦਸੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁਖ ਇਹ ਪ੍ਰਵਾਨ ਕੀਤਾ ਕਿ ਅਕਾਲੀ ਸਰਕਾਰ ਦੇ ਰਹਿੰਦਿਆਂ ਜਿਨ੍ਹਾਂ ਕਾਰਨ ਹਜ਼ਾਰਾਂ ਸ਼ਹੀਦੀਆਂ ਹੋਈਆਂ ਉਨ੍ਹਾਂ ਪੰਥਕ ਮੁੱਦਿਆਂ ਨੂੰ ਵਿਸਾਰਿਆ, ਸਿੱਖ ਨੌਜਵਾਨਾਂ ਨੂੰ ਕੋਹ ਕੋਹ ਕੇ ਮਾਰਨ ਵਾਲੇ ਪੁਲੀਸ ਅਧਿਕਾਰੀਆਂ ਨੂੰ ਤਰੱਕੀਆਂ ਦਿੱਤੀਆਂ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀਆਂ ਕਰਨ ਵਾਲਿਆਂ ਦੀ ਪੁਸ਼ਤਪਨਾਹੀ ਕੀਤੀ, ਕੋਟਕਪੂਰਾ ਗੋਲੀ ਕਾਂਡ ਦੀ ਜ਼ਿੰਮੇਵਾਰੀ ਲਈ, ਸੌਦਾ ਸਾਧ ਦੀ ਮੁਆਫ਼ੀ ਨੂੰ ਸਹੀ ਠਹਿਰਾਉਣ ਲਈ ਇਸ਼ਿਤਹਾਰ ਜਾਰੀ ਕਰਵਾਏ, ਮੁਆਫ਼ੀ ਲਈ ਜਥੇਦਾਰਾਂ ਨੂੰ ਕੋਠੀ ਬੁਲਾਕੇ ਦਬਾਅ ਪਾਇਆ, ਸੌਦਾ ਸਾਧ ਵੱਲੋਂ ਦਸਮ ਪਿਤਾ ਦਾ ਸਵਾਂਗ ਕਰਨ ਵਾਲਾ ਕੇਸ ਵਾਪਸ ਲਿਆ। ਪਰ ਹੈਰਾਨ. ਦੀ ਗਲ ਹੈ ਕਿ ਹੁਣ ਤੁਸੀਂ (ਸੁਖਬੀਰ ਬਾਦਲ) ਇਕ ਵਾਰ ਫਿਰ ਕਹਿ ਰਹੇ ਹਨ ਕਿ ਇਹ ਸਭ ਕੁਝ ਗਲ ਮੁਕਾਉਣ ਲਈ ਕੀਤਾ ਹੈ। ਸਾਰੇ ਦੋਸ਼ ਝੂਠੇ ਹਨ। ਭਾਵ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜ ਸਿੰਘ ਸਾਹਿਬਾਨ ਨੇ ਗ਼ਲਤ ਫ਼ੈਸਲਾ ਦੇ ਕੇ ਗ਼ਲਤ ਪਿਰਤ ਪਾ ਦਿੱਤੀ ਹੈ ? ਸੁਖਬੀਰ ਧੜਾ ਪੰਥ ਨੂੰ ਮੂਰਖ ਸਮਝਣ ਦੀ ਗ਼ਲਤੀ ਹੁਣ ਨਾ ਕਰੇ।

# ਬ੍ਰਹਮ ਗਿਆਨੀ ਜਥੇਦਾਰ ਬਾਬਾ ਗੁਰਦਿੱਤ ਸਿੰਘ ਜੀ ਦੀ 41 ਵੀਂ ਬਰਸੀਂ ਮਨਾਈ












ਚੌਕ ਮਹਿਤਾ 10 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ) ਗੁਰਦੁਆਰਾ ਹਰਿਗੋਬਿੰਦ ਗੜ ਚੌਕ ਮਹਿਤਾ ਵਿੱਖੇ ਜਥੇਦਾਰ ਬਾਬਾ ਅਜੀਤ ਸਿੰਘ ਮੁੱਖੀ ਤਰਨਾ ਚੌਕ ਮਹਿਤਾ ਅਤੇ ਚੌਕ ਮਹਿਤਾ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬ੍ਰਹਮ ਗਿਆਨੀ ਬਾਬਾ ਗੁਰਦਿੱਤ ਸਿੰਘ ਜੀ 41 ਵੀਂ ਬਰਸੀਂ ਬੜੀ ਸਰਧਾ ਭਾਵਨਾ ਨਾਲ ਮਨਾਈ ਗਈ। ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਭੋਗ ਤੋਂ ਉਪਰੰਤ ਰਾਗੀ, ਕੀਰਤਨੀਏ, ਕਥਾਵਾਚਕ, ਢਾਡੀ ਅਤੇ ਪ੍ਰਚਾਰਕਾਂ ਨੇ ਗੁਰਮਤਿ ਵਿਚਾਰਾ ਦੀ ਸਾਂਝ ਪਾਈ। ਇਸ ਮੌਕੇ ਤੇ ਤਰਨਾ ਦਲ ਚੌਕ ਮਹਿਤਾ ਦੇ ਮੁੱਖੀ ਸ੍ਰੀ ਮਾਨ ਜਥੇਦਾਰ ਬਾਬਾ ਅਜੀਤ ਸਿੰਘ, ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਭਾਈ ਸੁਖਦੇਵ ਸਿੰਘ ਸ੍ਰੀ ਆਨੰਦਪੁਰ ਸਾਹਿਬ ਵਾਲੇ, ਪੱਪੂ ਸੇਠ, ਹੈਡ ਗ੍ਰੰਥੀ ਭਾਈ ਜਸਵੰਤ ਸਿੰਘ, ਜਥੇਦਾਰ ਬਾਬਾ ਹਰੀ ਸਿੰਘ,ਮਾਸਟਰ ਜਸਵੰਤ ਸਿੰਘ, ਜਥੇਦਾਰ ਹਰਗੋਪਾਲ ਸਿੰਘ, ਸਾਬਕਾ ਚੇਅਰਮੈਨ ਕਸਮੀਰ ਸਿੰਘ ਕਾਲਾ, ਸਰਪੰਚ, ਫਰਿਆਦ ਸਿੰਘ, ਸਰਪੰਚ ਹਰਜਿੰਦਰ ਸਿੰਘ ਜੱਜ, ਭਾਈ ਸਤਨਾਮ ਸਿੰਘ, ਜਸਬੀਰ ਸਿੰਘ, ਜਥੇਦਾਰ ਸਾਹਿਬ ਸਿੰਘ ਪੰਗਾ ਸਾਹਿਬ ਵਾਲੇ, ਆਦਿ ਸੇਵਾਦਾਰ ਹਾਜ਼ਰ ਸਨ। ਗੁਰੂ ਜੀ ਦਾ ਲੰਗਰ ਆਟੁਟ ਵਰਤਿਆ।

ਆਵਾਜ਼ਿ ਕੌਮ
AWAZE QAUM
International Newspaper & WEB TV

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

"25ਵਾਂ ਪ੍ਰਿਥੀਪਾਲ ਸਿੰਘ ਅਠੌਲਾ ਯਾਦਗਾਰੀ ਐਵਾਰਡ" ਡਾ: ਲਖਵਿੰਦਰ ਜੌਹਲ ਦੀ ਝੋਲੀ

# ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਵਿਸ਼ਾਲ ਕਵੀ ਦਰਬਾਰ



**ਚੌਕ ਮਹਿਤਾ, 10 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿਛਲੇ 40 ਸਾਲਾਂ ਤੋਂ ਲਗਤਾਰ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਸੇਵਾਵਾਂ ਨਿਭਾਉਣ ਵਾਲੀ ਮਾਝੇ ਦੀ ਚਰਚਿੱਤ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ, ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਸਭਾ ਦੇ ਬਾਨੀ ਸਰਪ੍ਰਸਤ ਅਤੇ 'ਕੌਮੀ ਸਵਤੰਤਰ' ਦੇ ਬਾਨੀ ਸੰਸਥਾਪਕ ਸ: ਪ੍ਰਿਥੀਪਾਲ ਸਿੰਘ ਅਠੌਲਾ ਦੀ ਯਾਦ ਨੂੰ ਸਮਰਪਿਤ ਇਕ ਸਾਹਿਤਕ ਸਮਾਗਮ ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਗਿਆ । ਇਸ ਮੌਕੇ ਸਮਾਗਮ ਦੇ ਪ੍ਰਧਾਨਗੀ ਮੰਡਲ ਵਿੱਚ ਸਾਬਕਾ ਵਿਧਾਇਕ ਜਥੇਦਾਰ ਬਲਜੀਤ ਸਿੰਘ ਜਲਾਲ ਉਸਮਾਂ, ਮੈਨੇਜਰ ਭਾਈ ਗੁਰਪ੍ਰੀਤ ਸਿੰਘ ਮੱਲੇਵਾਲ, ਸਾ: ਮੀਤ ਮੈਨੇਜਰ ਭਾਈ ਮੋਹਣ ਸਿੰਘ ਕੰਗ ਤੋਂ ਇਲਾਵਾ ਡਾ: ਹਰਜਿੰਦਰ ਸਿੰਘ ਅਟਵਾਲ (ਸੀਨੀਅਰ ਮੀਤ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ), ਸ਼ੇਲੰਦਿਰਜੀਤ ਸਿੰਘ ਰਾਜਨ (ਮੀਤ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ), ਡਾ: ਗੋਪਾਲ ਸਿੰਘ ਬੁੱਟਰ (ਸਾ: ਮੁਖੀ ਪੰਜਾਬੀ ਵਿਭਾਗ ਲਾਇਲਪੁਰ ਖਾਲਸਾ ਕਾਲਜ ਜਲੰਧਰ), ਸ: ਦੀਪ ਦਵਿੰਦਰ ਸਿੰਘ (ਸਕੱਤਰ ਕੇਂਦਰੀ ਪੰਜਾਬੀ ਲੇਖਕ ਸਭਾ), ਗਾਇਕ ਮਨਜੀਤ ਪੱਪੂ, ਸੁਰਜੀਤ ਸਾਜਨ (ਸਾ: ਪ੍ਰਧਾਨ ਸਿਰਜਣਾ ਕੇਂਦਰ ਕਪੂਰਥਲਾ, ਗੁਰਮੀਤ ਸਿੰਘ ਬਾਜਵਾ, ਸ਼ਾਇਰ ਵਿਸ਼ਾਲ, ਮਾ: ਮਨਜੀਤ ਸਿੰਘ ਵੱਸੀ, ਡਾ: ਪਰਮਜੀਤ ਸਿੰਘ ਬਾਠ (ਚਾਰੋਂ ਕਾਰਜਕਾਰਨੀ ਮੈਂਬਰ ਕੇਂਦਰੀ ਪੰਜਾਬੀ ਲੇਖਕ ਸਭਾ), ਗਿਆਨੀ ਗੁਲਜ਼ਾਰ ਸਿੰਘ ਖੈੜਾ (ਪ੍ਰਧਾਨ ਸ਼੍ਰੋਮਣੀ ਪੰਜਾਬੀ ਸਾਹਿਤ ਸਭਾ ਜੰਡਿਆਲਾ ਗੁਰੂ), ਸਤਨਾਮ ਸਿੰਘ ਮੂਧਲ, ਤੇਜਿੰਦਰ ਸਿੰਘ ਅਠੌਲਾ ਸਾ: ਮੈਂਬਰ ਬਲਾਕ ਸੰਮਤੀ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਦੇ ਸਰਪ੍ਰਸਤ ਪ੍ਰਿੰਸੀਪਲ ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ ਅਤੇ ਸੀ: ਮੀਤ ਪ੍ਰਧਾਨ ਮੱਖਣ ਸਿੰਘ ਭੈਣੀਵਾਲਾ ਸ਼ੁਸ਼ੋਭਿਤ ਹੋਏ । ਇਸ ਮੌਕੇ ਸਭਾ ਦੇ ਬਾਨੀ ਸਰਪ੍ਰਸਤ ਅਤੇ ਕੌਮੀ ਸਵਤੰਤਰ ਦੇ ਸੰਸਥਾਪਕ ਪ੍ਰਿਥੀਪਾਲ ਸਿੰਘ ਅਠੌਲਾ 25ਵਾਂ ਯਾਦਗਾਰੀ ਐਵਾਰਡ-2025 ਐਤਕੀਂ ਡਾ: ਲਖਵਿੰਦਰ ਜੌਹਲ (ਸਾ: ਪ੍ਰਧਾਨ ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ) ਨੂੰ ਦਿੱਤਾ ਗਿਆ, ਸਨਮਾਨ ਵਿੱਚ ਸਨਮਾਨ ਚਿੰਨ, ਸਿਰੋਪਾਉ, ਦੁਸ਼ਾਲਾ ਅਤੇ ਨਗਦ ਰਾਸ਼ੀ ਸ਼ਾਮਿਲ ਸਨ ।ਸਭਾ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਸਮੁੱਚੇ ਸਮਾਗਮ ਨੂੰ ਤਰਤੀਬ ਦਿੱਤੀ । ਇਸ ਮੌਕੇ ਬੁਲਾਰਿਆਂ ਨੇ ਪੰਜਾਬੀ ਸਾਹਿਤ ਸਭਾ ਦੀ ਇਸ ਚੋਣ ਦੀ ਸਰਹਾਨਾ ਕੀਤੀ ਅਤੇ ਸਭਾ ਨੂੰ 40ਵੇਂ ਸਾਲ ਵਿੱਚ ਪ੍ਰਵੇਸ਼ ਕਰਨ ਦੇ ਮੁਬਾਰਕਬਾਦ ਦਿੱਤੀ ।ਇਸ ਮੌਕੇ ਸਭਾ ਦੀ ਮਹਿਲਾ ਵਿੰਗ ਦੀ ਪ੍ਰਚਾਰ ਸਕੱਤਰ ਮੈਡਮ ਗੁਰਨਾਮ ਕੌਰ ਚੀਮਾਂ ਦੀ ਮੌਤ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਨੂੰ ਦੋ ਮਿੰਟ ਦਾ ਮੋਨ ਧਾਰਕੇ ਸ਼ਰਧਾਂਜ਼ਲੀ ਭੇਟ ਕੀਤੀ ਗਈ । ਇਸ ਮੌਕੇ ਗਾਇਕੀ ਦੇ ਦੌਰ ਵਿੱਚ ਗਾਇਕ ਮਨਜੀਤ ਪੱਪੂ, ਮੱਖਣ ਭੈਣੀਵਾਲਾ, ਲਖਵਿੰਦਰ ਕੋਟੀਆ, ਲਾਲੀ ਕਰਤਾਰਪੁਰੀ, ਕੁਲਵੰਤ ਗਿੱਲ ਠੱਠੀਆਂ, ਪਰਮਜੀਤ ਸਿੰਘ ਸਠਿਆਲਾ, ਅਵਤਾਰ ਸਿੰਘ ਗੋਇੰਦਵਾਲੀਆ, ਕਵੀਸ਼ਰ ਅਮਰਜੀਤ ਸਿੰਘ ਰਤਨਗੜ੍ਹੀਆ, ਅਰਜਿੰਦਰ ਬੁਤਾਲਵੀ, ਲਖਵਿੰਦਰ ਸਿੰਘ ਉੱਪਲ, ਮਲੂਕ ਸਿੰਘ ਧਿਆਨਪੁਰੀ ਨੇ ਗਾਇਕੀ ਦੇ ਜੌਹਰ ਦਿਖਾਏ ।ਇਸ ਮੌਕੇ ਮਾਂ ਬੋਲੀ ਨੂੰ ਸਮਰਪਿਤ ਕਰਵਾਏ ਗਏ ਕਵੀ ਦਰਬਾਰ ਵਿੱਚ ਸਤਿੰਦਰਜੀਤ ਕੌਰ ਅੰਮ੍ਰਿਤਸਰ, ਰਾਜਵਿੰਦਰ ਕੌਰ ਰਾਜ, ਸੁਰਿੰਦਰ ਖਿਲਚੀਆਂ, ਅਮਨ ਢਿੱਲੋਂ ਕਸੇਲ, ਹਰਵਿੰਦਰਜੀਤ ਕੌਰ ਬਾਠ, ਸੁਖਵਿੰਦਰ ਕੌਰ ਟੌਂਗ, ਸੁਖਦੇਵ ਸਿੰਘ ਗੰਡਵਾਂ, ਜਸਪਾਲ ਸਿੰਘ ਧੂਲਕਾ, ਰਾਜ ਕਲਾਨੌਰ, ਰਾਜਦਵਿੰਦਰ ਸਿੰਘ ਵੜੈਚ, ਸਰਬਜੀਤ ਸਿੰਘ ਪੱਡਾ, ਦਵਿੰਦਰ ਸਿੰਘ ਭੋਲਾ, ਸੂਬੇਦਾਰ ਹਰਜੀਤ ਸਿੰਘ, ਦਿਲਰਾਜ ਸਿੰਘ ਦਰਦੀ, ਸੂਬੇਦਾਰ ਹਰਜਿੰਦਰ ਸਿੰਘ ਨਿੱਝਰ, ਜਗਮੇਰ ਸਿੰਘ ਕਲਾਨੌਰ, ਬਲਬੀਰ ਸਿੰਘ ਬੋਲੇਵਾਲੀਆ, ਅਜੀਤ ਸਿੰਘ ਸਠਿਆਲਾ, ਡਾ: ਕੁਲਵੰਤ ਸਿੰਘ ਬਾਠ, ਰਮੇਸ਼ ਕੁਮਾਰ ਜਾਨੂੰ, ਸਕੱਤਰ ਸਿੰਘ ਪੁਰੇਵਾਲ, ਓਮ ਪ੍ਰਕਾਸ਼ ਭਗਤ, ਜਗਨ ਨਾਥ ਨਿਮਾਣਾ ਉਦੋਕੇ, ਸੁਲਤਾਨ ਭਾਰਤੀ, ਬਲਜੀਤ ਸਿੰਘ ਗਰੇਵਰ, ਦਵਿੰਦਰ ਸਿੰਘ ਭੋਲਾ, ਸੁਲੱਖਣ ਸਿੰਘ ਦਿਓਲ, ਮਨੋਜ ਫਗਵਾੜਵੀ, ਸੁਬੇਗ ਸਿੰਘ ਮੀਆਂਵਿੰਡ, ਜਤਨਦੀਪ ਸਿੰਘ, ਬਲਵਿੰਦਰ ਸਿੰਘ ਅਠੌਲਾ, ਗੁਰਪ੍ਰੀਤ ਸਿੰਘ ਧੰਜਲ, ਸੁਰਿੰਦਰ ਸਿੰਘ ਪੱਡਾ, ਪ੍ਰਭਸਿਮਰਨ ਸਿੰਘ, ਕਰਨੈਲ ਸਿੰਘ ਗੱਗੜਭਾਣਾ, ਪ੍ਰਗਟ ਸਿੰਘ ਤਿੰਮੋਵਾਲ, ਬਲਦੇਵ ਸਿੰਘ ਬੁਤਾਲਾ ਆਦਿ ਕਵੀਜਨਾਂ ਨੇ ਕਾਵਿ ਰਚਨਾਵਾਂ ਰਾਹੀ ਛਹਿਬਰ ਲਾਈ ।

# ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਵਿਚ ਨਾਮਜ਼ਦ ਚਾਰੇ ਦੋਸ਼ੀ ਕੈਨੇਡਾ ਜੇਲ੍ਹ ਅੰਦਰ ਹਨ ਬੰਦ, ਹਿੰਦ ਮੀਡੀਆ ਵਲੋਂ ਰਿਹਾਈ ਦਾ ਭਰਮ ਫੈਲਾਇਆ ਗਿਆ ਸੀ

## ਸਰੀ ਗੁਰਦੁਆਰਾ ਕਮੇਟੀ ਨੇ ਸਰਕਾਰ ਪੱਖੀ ਭਾਰਤੀ ਮੀਡੀਆ ਤੋਂ ਸੁਚੇਤ ਰਹਿਣ ਦੀ ਕੀਤੀ ਅਪੀਲ



**ਨਵੀਂ ਦਿੱਲੀ 10 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):-** ਬੀਤੇ ਦਿਨ ਭਾਰਤੀ ਮੀਡੀਆ ਵਲੋਂ ਜਾਰੀ ਕੀਤੀ ਖਬਰ ਕਿ ਖਾਲਿਸਤਾਨੀ ਆਗੂ ਹਰਦੀਪ ਸਿੰਘ ਨਿੱਝਰ ਦੇ ਕਤਲ ਵਿਚ ਨਾਮਜ਼ਦ ਚਾਰ ਦੋਸ਼ੀਆਂ ਨੂੰ ਕੈਨੇਡੀਅਨ ਅਦਾਲਤ ਵਲੋਂ ਜ਼ਮਾਨਤ ਤੇ ਰਿਹਾਅ ਕਰ ਦਿੱਤਾ ਗਿਆ ਹੈ। ਇਹ ਖਬਰ ਕਈ ਨਿਊਜ ਚੈਨਲਾਂ ਤੋਂ ਇਲਾਵਾ ਨਾਮਵਰ ਅੰਗਰੇਜ਼ੀ ਅਖਬਾਰਾਂ ਦਾ ਟ੍ਰਿਬਿਊਨ, ਹਿੰਦਸਤਾਨ ਟਾਈਮਜ਼, ਟਾਈਮਜ਼ ਆਫ ਇੰਡੀਆ ਤੇ ਕੁਝ ਹੋਰ ਅਖਬਾਰੀ ਅਦਾਰਿਆਂ ਵਲੋਂ ਪ੍ਰਕਾਸ਼ਿਤ ਕੀਤੀ ਗਈ ਸੀ ਜਿਸ ਕਰਕੇ ਅਸੀਂ ਵੀਂ ਗਲਤਫਹਿਮੀ ਦਾ ਸ਼ਿਕਾਰ ਬਣ ਗਏ ਸੀ । ਇਸ ਬਾਰੇ ਆਰਸੀਐਮਪੀ (ਕੈਨੇਡੀਅਨ ਪੁਲਿਸ) ਨੇ ਸਪੱਸ਼ਟ ਕੀਤਾ ਹੈ ਕਿ ਨਿੱਝਰ ਕਤਲ ਕੇਸ ਨਾਲ ਸਬੰਧਿਤ ਚਾਰੇ ਮੁਲਜ਼ਮ ਜੇਲ ਵਿਚ ਬੰਦ ਹਨ ਅਤੇ ਕਿਸੇ ਨੂੰ ਵੀ ਜ਼ਮਾਨਤ ਤੇ ਰਿਹਾਅ ਨਹੀ ਕੀਤਾ ਗਿਆ। ਆਰਸੀਐਮਪੀ ਦੇ ਆਈ ਹਿਟ ਵਿਭਾਗ ਜੋ ਇਸ ਕਤਲ ਕੇਸ ਦੀ ਪੈਰਵਾਈ ਕਰ ਰਿਹਾ ਹੈ ਦੇ ਮੀਡੀਆ ਰਿਲੇਸਨਜ਼ ਅਫਸਰ ਫਰੈਡਾ ਫੋਂਗ ਨੇ ਸਪੱਸ਼ਟ ਕਿਹਾ ਹੈ ਕਿ ਚਾਰੇ ਦੇਸ਼ੀ ਹੁਣ ਤੱਕ ਉਹਨਾਂ ਦੀ ਹਿਰਾਸਤ ਵਿਚ ਹਨ। ਹੋਰ ਵਧੇਰੇ ਜਾਣਕਾਰੀ ਲਈ ਉਹਨਾਂ ਦੇ ਫੋਨ ਨੰਬਰ 778-290-5878 ਜਾਂ 236-334-3081 ਤੇ ਸੰਪਰਕ ਕੀਤਾ ਜਾ ਸਕਦਾ ਹੈ।

ਪੰਥਕ ਸੇਵਾਦਾਰ ਭਾਈ ਨਰਿੰਦਰ ਸਿੰਘ ਖਾਲਸਾ ਮੁਤਾਬਿਕ ਇਸ ਬਾਰੇ ਸਰੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਵੀਂ ਉਚੇਚੇ ਤੌਰ ਤੇ ਦੇਸ਼ ਵਿਦੇਸ਼ ਦੀ ਸੰਗਤਾਂ ਨੂੰ ਭਾਰਤੀ ਮੀਡੀਆ ਦੀ ਖਬਰਾਂ ਤੋਂ ਸੁਚੇਤ ਰਹਿਣ ਲਈ ਕਿਹਾ ਹੈ ਜੋ ਕਿ ਜਾਣਬੁਝ ਕੇ ਇਸ ਮਾਮਲੇ ਨੂੰ ਢਾਹ ਲਗਾਣ ਦੀ ਕੋਸ਼ਿਸ਼ ਕਰ ਰਹੇ ਹਨ ।ਅਸੀਂ ਇਸ ਕੇਸ ਲਈ ਪੂਰੀ ਤਰ੍ਹਾਂ ਗੰਭੀਰ ਹਾਂ ਅਤੇ ਮਾਮਲੇ ਦੀ ਅਗਲੀ ਸੁਣਵਾਈ 11 ਅਤੇ 12 ਫਰਵਰੀ ਨੂੰ ਕੈਨੇਡਾ ਦੀ ਸੁਪਰੀਮ ਕੋਰਟ ਅੰਦਰ ਹੋਣੀ ਹੈ ਜਿਸ ਵਿਚ ਵੱਧ ਤੋਂ ਵੱਧ ਸੰਗਤਾਂ ਨੂੰ ਪਹੁੰਚਣ ਦੀ ਅਪੀਲ ਕਰਦੇ ਹਾਂ ।ਜ਼ਿਕਰਯੋਗ ਹੈ ਕਿ ਪਿਛਲੇ ਸਾਲ 18 ਜੂਨ 2023 ਨੂੰ ਹਰਦੀਪ ਸਿੰਘ ਨਿੱਝਰ ਦੇ ਹੋਏ ਕਤਲ ਦੇ ਸਬੰਧ ਵਿਚ ਚਾਰ ਭਾਰਤੀ ਨਾਗਰਿਕ ਕਰਨ ਬਰਾੜ (22), ਕਮਲਪ੍ਰੀਤ ਸਿੰਘ (22), ਕਰਨਪ੍ਰੀਤ ਸਿੰਘ (28) ਅਤੇ ਅਮਨਦੀਪ ਸਿੰਘ ਨੂੰ ਆਰ ਸੀ ਐਮ ਪੀ ਵਲੋਂ ਗ੍ਰਿਫਤਾਰ ਕੀਤਾ ਗਿਆ ਸੀ। ਇਹਨਾਂ ਚਾਰੇ ਦੋਸ਼ੀਆਂ ਖਿਲਾਫ ਕਤਲ ਅਤੇ ਸਾਜਿਸ਼ ਅਤੇ ਮੁਕੱਦਮਾ ਚੱਲ ਰਿਹਾ ਹੈ ਤੇ ਇਹਨਾਂ ਨੂੰ ਅਤਿ ਸੁਰੱਖਿਆ ਵਾਲੀ ਜੇਲ ਵਿਚ ਰੱਖਿਆ ਗਿਆ ਹੈ। ਪਰ ਭਾਰਤੀ ਮੀਡੀਆ ਵਲੋਂ ਇਹਨਾਂ ਦੀ ਰਿਹਾਈ ਦੀ ਖਬਰ ਨੂੰ ਕੈਨੇਡੀਅਨ ਸਰਕਾਰ ਨੂੰ ਵੱਡੇ ਧੱਕੇ ਵਜੋਂ ਪ੍ਰਚਾਰਿਆ ਜਾ ਰਿਹਾ ਹੈ।

ਪਸ਼ੂਆਂ ਤੋਂ ਬਿਨ੍ਹਾਂ ਘਰ ਦੇ ਵੇਹੜਾ ਵੀ ਲਗਦਾ ਹੈ ਸੁੰਨਾ, ਪਸ਼ੂ ਸਾਡੇ ਘਰ ਦਾ ਭਾਗ ਹੁੰਦੇ ਹਨ- ਗੁਰਮੀਤ ਸਿੰਘ ਖੁੱਡੀਆਂ

# ਸਮਾਗਮ 'ਚ ਸ਼ਾਮਲ ਪਸ਼ੂ-ਪਾਲਕਾਂ ਨੂੰ ਵੰਡਿਆ ਧਾਂਤਾ ਦਾ ਚੂਰਾ, ਅਗਾਂਹਵਧੂ ਪਸ਼ੂ ਪਾਲਕਾਂ ਨੂੰ ਕੀਤਾ ਸਨਮਾਨਿਤ







ਤਲਵੰਡੀ ਸਾਬੋ, 10 ਜਨਵਰੀ (ਗੁਰਜੰਟ ਸਿੰਘ ਨਥੇਹਾ)- ਪਸ਼ੂ ਸਾਡੇ ਘਰ ਦਾ ਭਾਗ ਹੁੰਦੇ ਹਨ, ਬਿਨ੍ਹਾਂ ਪਸ਼ੂਆਂ ਤੋਂ ਘਰ ਦਾ ਵੇਹੜਾ ਵੀ ਸੁੰਨਾ ਲਗਦਾ ਹੈ, ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਸਾਬੋ ਵਿਖੇ ਡੇਅਰੀ ਵਿਕਾਸ ਵਿਭਾਗ ਪੰਜਾਬ ਵੱਲੋਂ ਰਾਸ਼ਟਰੀ ਪਸ਼ੂਧੰਨ ਮਿਸ਼ਨ ਅਧੀਨ ਕਰਵਾਏ ਗਏ ਰਾਜ ਪੱਧਰੀ ਸਮਾਗਮ ਵਿਖੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ ਮੌਕੇ ਸੰਬੋਧਨ ਕਰਦਿਆਂ ਕੀਤਾ। ਕੈਬਨਿਟ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਆਪਣੇ ਵਿਸ਼ੇਸ਼ ਉਪਰਾਲਿਆਂ ਤਹਿਤ ਸਹਾਇਕ ਧੰਦਿਆਂ ਨੂੰ ਅਪਣਾ ਕੇ ਲੋਕਾਂ ਨੂੰ ਆਪਣੇ ਪੈਰਾਂ ਸਿਰ ਖੜ੍ਹਾ ਕਰਨ ਦਾ ਯਤਨ ਕਰ ਰਹੀ ਹੈ। ਕੈਬਨਿਟ ਮੰਤਰੀ ਸ. ਖੁੱਡੀਆਂ ਨੇ ਅੱਗੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਪਸ਼ੂ ਪਾਲਣ ਅਤੇ ਹੋਰ ਸਹਾਇਕ ਧੰਦਿਆਂ ਨੂੰ ਉਤਸ਼ਾਹਿਤ ਕਰਨ ਲਈ ਮੁਫ਼ਤ ਟ੍ਰੇਨਿੰਗ ਦਿੱਤੀ ਜਾਂਦੀ ਹੈ ਤਾਂ ਜੋ ਆਮ ਲੋਕ ਇਹ ਟ੍ਰੇਨਿੰਗ ਪ੍ਰਾਪਤ ਕਰਕੇ ਵੱਧ ਤੋਂ ਵੱਧ ਲਾਹਾ ਪ੍ਰਾਪਤ ਕਰ ਸਕਣ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਐਸ.ਸੀ. ਵਰਗ ਨਾਲ ਸਬੰਧਤ ਜਿਹੜੇ ਲੋਕਾਂ ਵੱਲੋਂ ਪਸ਼ੂ ਪਾਲਣ ਦਾ ਕਿੱਤਾ ਸ਼ੁਰੂ ਕਰਨਾ ਹੋਵੇ, ਉਨ੍ਹਾਂ ਨੂੰ ਵੀ ਮੁਫ਼ਤ ਟ੍ਰੇਨਿੰਗ ਦੇਣ ਦੇ ਨਾਲ-ਨਾਲ 3500



ਰੁਪਏ ਵਜੀਫ਼ਾ ਵੀ ਦਿੱਤਾ ਜਾਂਦਾ ਹੈ। ਕੈਬਨਿਟ ਮੰਤਰੀ ਨੇ ਸਮਾਗਮ ਵਿਚ ਭਾਰੀ ਗਿਣਤੀ ਵਿੱਚ ਮੌਜੂਦ ਮਹਿਲਾਵਾਂ ਨੂੰ ਉਤਸ਼ਾਹਿਤ ਕਰਦਿਆਂ ਕਿਹਾ ਕਿ ਉਹ ਵੀ ਸਹਾਇਕ ਧੰਦੇ ਅਪਣਾਕੇ ਘਰ ਦੀ ਤਰੱਕੀ ਦੇ ਨਾਲ-ਨਾਲ ਆਪਣੀਆਂ ਲੋੜਾਂ ਪੂਰੀਆਂ ਕਰ ਸਕਦੀਆਂ ਹਨ। ਉਨ੍ਹਾਂ ਇਹ ਵੀ ਕਿਹਾ ਕਿ ਔਰਤਾਂ ਨੂੰ ਪਸ਼ੂ-ਪਾਲਣ ਦੇ ਧੰਦੇ ਨਾਲ ਜੁੜਕੇ ਜਿੱਥੇ ਘਰ ਨੂੰ ਚਲਾਉਣ ਲਈ ਪੈਸੇ ਮੰਗਣ ਦੀ ਜ਼ਰੂਰਤ ਨਹੀਂ ਪਵੇਗੀ, ਉੱਥੇ ਹੀ ਉਹ ਆਪਣੇ ਬੱਚਿਆਂ ਨੂੰ ਤੰਦਰੁਸਤ ਰੱਖਣ ਦੇ ਨਾਲ-ਨਾਲ ਘਰ ਦਾ ਗੁਜ਼ਾਰਾ ਵੀ ਵਧੀਆ ਤਰੀਕੇ ਨਾਲ ਕਰ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਜਾਨਵਰ ਜਿੰਨਾ ਇਨਸਾਨਾਂ ਨੂੰ ਪਿਆਰ ਕਰਦੇ ਹਨ, ਸ਼ਾਇਦ ਉਨਾ ਪਿਆਰ ਇੱਕ ਮਨੁੱਖ ਵੀ ਦੂਸਰੇ ਮਨੁੱਖ ਨੂੰ ਨਹੀਂ ਕਰਦਾ। ਕੈਬਨਿਟ ਮੰਤਰੀ ਸ. ਖੁੱਡੀਆਂ ਨੇ ਆਪਣੇ ਸੰਬੋਧਨ ਦੌਰਾਨ ਸਹਾਇਕ ਧੰਦਿਆਂ ਨੂੰ ਮੁੱਖ ਧੰਦੇ ਵਜੋਂ ਅਪਨਾਉਣ ਤੇ ਜ਼ੋਰ ਦਿੰਦਿਆਂ ਕਿਹਾ ਕਿ ਪਸ਼ੂ-ਪਾਲਕ ਸੌਖੇ ਤਰੀਕੇ ਵਾਲੇ ਧੰਦੇ ਜਿਵੇਂ ਕਿ ਮੁਰਗੇ, ਬੱਕਰੀਆਂ, ਖਰਗੋਸ਼ ਆਦਿ ਅਸਾਨੀ ਨਾਲ ਅਪਣਾਅ ਸਕਦੇ ਹਨ। ਇਨ੍ਹਾਂ ਉਤੇ ਜ਼ਿਆਦਾ ਲਾਗਤ ਵੀ ਨਹੀਂ ਆਉਂਦੀ, ਜਿਸ ਨਾਲ ਖਰਚਾ ਘੱਟ ਤੇ ਆਮਦਨ ਜ਼ਿਆਦਾ ਹੁੰਦੀ ਹੈ। ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਸ. ਖੁੱਡੀਆਂ ਵੱਲੋਂ ਵੱਖ-ਵੱਖ ਵਿਭਾਗਾਂ ਦੁਆਰਾ ਲਗਾਈਆਂ ਗਈਆਂ ਪ੍ਰਦਰਸ਼ਨੀਆਂ ਦਾ ਵੀ ਦੌਰਾ ਕਰਕੇ ਨਿਰੀਖਣ ਕੀਤਾ। ਇਸ ਤੋਂ ਪਹਿਲਾਂ ਆਪ ਆਗੂ ਦਰਸ਼ਨ ਸਿੰਘ, ਡਾ. ਰਣਜੋਧਨ ਸਿੰਘ ਸਹੋਤਾ, ਇੰਡੀਅਨ ਡੇਅਰੀ ਐਸੋਸੀਏਸ਼ਨ ਪੰਜਾਬ ਦੇ ਚੇਅਰਮੈਨ ਇੰਦਰਜੀਤ ਸਿੰਘ, ਡਾਇਰੈਕਟਰ ਡੇਅਰੀ ਵਿਭਾਗ ਕੁਲਦੀਪ ਸਿੰਘ, ਵਧੀਕ ਡਿਪਟੀ ਕਮਿਸ਼ਨਰ ਜਨਰਲ ਮੈਡਮ ਪੂਨਮ ਸਿੰਘ, ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਸਾਬੋ ਦੇ ਵਾਈਸ ਚਾਂਸਲਰ ਇੰਦਰਜੀਤ ਸਿੰਘ ਵੱਲੋਂ ਵੀ ਆਪੋ-ਆਪਣੇ ਵਿਚਾਰ ਤੇ ਤਜ਼ਰਬੇ ਸਾਂਝੇ ਕਰਦਿਆਂ ਖੇਤੀ ਦੇ ਨਾਲ-ਨਾਲ ਪਸ਼ੂਆਂ ਦੇ ਧੰਦੇ ਨੂੰ ਸਹਾਇਕ ਧੰਦੇ ਵਜੋਂ ਅਪਣਾਉਣ 'ਤੇ ਜ਼ੋਰ ਦਿੱਤਾ। ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਵਾਲੇ ਸਮੂਹ ਪਸ਼ੂ-ਪਾਲਕਾਂ ਨੂੰ ਪਸ਼ੂਆਂ ਅੰਦਰ ਧਾਂਤਾ ਦੀ ਘਾਟ ਨੂੰ ਪੂਰਾ ਕਰਨ ਲਈ 2-2 ਕਿਲੋ ਧਾਤਾਂ ਦਾ ਚੂਰਾ ਮੁਫ਼ਤ ਚ ਵੰਡਿਆ ਗਿਆ। ਇਸ ਮੌਕੇ ਅਗਾਂਹਵਧੂ ਪਸ਼ੂ-ਪਾਲਕਾਂ ਖਾਸ ਤੌਰ 'ਤੇ ਮਹਿਲਾਵਾਂ ਅਤੇ ਪਹੁੰਚੀਆਂ ਸਖਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਡਿਪਟੀ ਡਾਇਰੈਕਟਰ ਗੁਰਬਿੰਦਰ ਸਿੰਘ, ਮੁੱਖ ਖੇਤੀਬਾੜੀ ਅਫ਼ਸਰ ਡਾ. ਜਗਸੀਰ ਸਿੰਘ ਤੋਂ ਇਲਾਵਾ ਖੇਤੀਬਾੜੀ, ਪਸ਼ੂ ਪਾਲਣ ਤੇ ਹੋਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਪਸ਼ੂ ਪਾਲਕ ਆਦਿ ਹਾਜ਼ਰ ਸਨ।

### ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਕਾਰਜਕਾਰੀ ਪੰਜਾਬ ਪ੍ਰਧਾਨ ਜਥੇ ਸਮੇਤ ਮਾਤਾ ਦਯਾ ਕੌਰ ਜੀ ਦੀ

# ਸਿਹਤ ਦਾ ਪਤਾ ਲੈਣ ਲਈ ਸੁਰ ਸਿੰਘ ਪਹੁੰਚੇ

## ਇਸ ਤੋਂ ਉਪਰੰਤ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਜੂਨ 1984 ਅਤੇ ਜੱਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਦੇ ਗ੍ਰਹਿ ਵਿਖੇ ਪਹੁੰਚੇ





ਆਵਾਜ਼ਿ ਕੌਮ AWAZE QAUM International Newspaper & WEB TV







(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਇੰਟਰਨੈਸ਼ਨਲ ਪੰਥਕ ਦਲ ਦੇ ਕਾਰਜਕਾਰੀ ਪੰਜਾਬ ਪ੍ਰਧਾਨ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਜਥੇ ਸਮੇਤ ਮਾਤਾ ਦਯਾ ਕੌਰ ਜੀ ਸੁਰ ਸਿੰਘ ਵਾਲਿਆਂ ਦੀ ਸਿਹਤ ਦਾ ਪਤਾ ਲੈਣ ਲਈ ਸੁਰ ਸਿੰਘ ਵਿਖੇ ਜਥੇ ਸਮੇਤ ਪਹੁੰਚੇ। ਸੰਤ ਬਾਬਾ ਗੁਰਬਚਨ ਸਿੰਘ ਜੀ ਸੁਰ ਸਿੰਘ ਵਾਲਿਆਂ ਵੱਲੋਂ ਸਾਰੇ ਜਥੇ ਦਾ ਸਨਮਾਨ ਕੀਤਾ ਗਿਆ ਅਤੇ ਜੀ ਆਇਆ ਕਿਹਾ। ਇਸ ਤੋਂ ਉਪਰੰਤ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਪ੍ਰਚਾਰ ਫੇਰੀ ਤੇ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ ਜੂਨ 1984 ਅਤੇ ਜੱਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਪ੍ਰਧਾਨ ਅਸਟਰੀਆ ਯੂਰਪ ਦੇ ਗ੍ਰਹਿ ਵਿਖੇ ਪਹੁੰਚੇ। ਕੁਝ ਪਲ ਗੁਰੂ ਸਾਹਿਬ ਜੀ ਨੂੰ ਯਾਦ ਕਰਕੇ ਵਾਹਿਗੁਰੂ ਗੁਰਮੰਤਰ ਦੇ ਜਾਪ ਕੀਤੇ ਅਤੇ ਇੰਟਰਨੈਸ਼ਨਲ ਪੰਥਕ ਦਲ ਜਥੇਬੰਦੀ ਬਾਰੇ ਕੁਝ ਵਿਚਾਰਾਂ ਸਾਂਝੀਆਂ ਕੀਤੀਆਂ। ਗ੍ਰਹਿ ਵਿਖੇ ਪਹੁੰਚਣ ਤੇ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨ ਤਾਰਨ ਵੱਲੋਂ ਜੋਸ਼ੋ ਖਰੋਸ਼ ਨਾਲ ਸਵਾਗਤ ਕੀਤਾ ਗਿਆ ਅਤੇ ਜੀ ਆਇਆ ਕਿਹਾ।ਇਸ ਮੌਕੇ ਜਥੇਦਾਰ ਵਜ਼ੀਰ ਸਿੰਘ ਜੀ ਵਾਂ, ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨਤਾਰਨ,ਭਾਈ ਗਗਨਦੀਪ ਸਿੰਘ, ਭਾਈ ਕੁਲਵਿੰਦਰ ਸਿੰਘ ਜੀ ਬਲ ਅਤੇ ਹੋਰ ਪਤਵੰਤੇ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243